ਬੁੱਧਵਾਰ, 26 ਜੂਨ, 2024
13 ਹਾੜ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 25

ਨਵਾਂ ਜ਼ਮਾਨਾ

DAILY NAWAN ZAMANA • WEDNESDAY, 26 JUNE, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਪੰਥ ਖਤਰੇ 'ਚ !

ਸੁਖਬੀਰ ਬਾਦਲ ਖਿਲਾਫ ਵੱਡੀ ਬਗਾਵਤ, 'ਸ਼੍ਰੋਮਣੀ ਅਕਾਲੀ ਦਲ ਬਚਾਓ' ਲਹਿਰ ਚਲਾਉਣ ਦਾ ਫੈਸਲਾ

ਜਲੰਧਰ (ਸੁਰਿੰਦਰ ਕੁਮਾਰ)-ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਨੇ ਮੰਗਲਵਾਰ ਇੱਥੇ ਮੀਟਿੰਗ ਕਰਕੇ ਨਵੀਂ ਲੀਡਰਸ਼ਿਪ ਹੇਠ ਪਾਰਟੀ ਨੂੰ ਅੱਗੇ ਵਧਾਉਣ ਦੇ ਢੰਗ-ਤਰੀਕਿਆਂ 'ਤੇ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਮਰਹੂਮ ਪ੍ਰਕਾਸ਼ ਸਿੰਘ ਬਾਦਲ ਦੇ ਨੇੜੇ ਰਹੇ ਸੁਰਜੀਤ ਸਿੰਘ ਰੱਖੜਾ ਤੋਂ ਇਲਾਵਾ ਸਿਕੰਦਰ ਸਿੰਘ ਮਲੂਕਾ, ਬੀਬੀ ਜਗੀਰ ਕੌਰ, ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ, ਕਿਰਨਜੋਤ ਕੌਰ, ਮਨਜੀਤ ਸਿੰਘ, ਸੁਰਿੰਦਰ ਸਿੰਘ ਭੂਲੇਵਾਲ ਰਾਠਾਂ, ਗੁਰਪ੍ਰਤਾਪ ਸਿੰਘ ਵਡਾਲਾ, ਚਰਨਜੀਤ ਸਿੰਘ ਬਰਾੜ, ਹਰਿੰਦਰਪਾਲ ਸਿੰਘ ਟੋਹੜਾ, ਗਗਨਅਜੀਤ ਸਿੰਘ ਬਰਨਾਲਾ, ਪਰਮਜੀਤ ਕੌਰ ਲਾਂਡਰਾਂ, ਪਰਮਿੰਦਰ ਸਿੰਘ ਢੀਂਡਸਾ, ਬਲਬੀਰ ਸਿੰਘ ਘੁੰਨਸ, ਰਣਧੀਰ ਸਿੰਘ ਰੱਖੜਾ, ਸੁੱਚਾ ਸਿੰਘ ਛੋਟੇਪੁਰ, ਕਰਨੈਲ ਸਿੰਘ ਪੰਜੋਲੀ ਤੇ ਸਰਵਣ ਸਿੰਘ ਫਿਲੌਰ ਸ਼ਾਮਲ ਹੋਏ। ਪੰਜ ਘੰਟੇ ਚੱਲੀ ਮੀਟਿੰਗ, ਜਿਸ ਵਿਚ ਮਤਾ ਵੀ ਪਾਸ ਕੀਤਾ ਗਿਆ, ਤੋਂ ਬਾਅਦ ਪ੍ਰੋਫੈਸਰ ਚੰਦੂਮਾਜਰਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਅਰਸ਼ ਤੋਂ ਫਰਸ਼ 'ਤੇ ਆ ਗਈ ਹੈ। ਉਨ੍ਹਾ ਕਿਹਾ—ਅਸੀਂ ਪਾਰਟੀ ਦੇ ਗਰਾਫ ਨੂੰ ਉੱਚਾ ਚੁੱਕਣ ਲਈ ਵਿਚਾਰ-ਵਟਾਂਦਰਾ ਕੀਤਾ। ਆਗੂ ਪਹਿਲੀ ਜੁਲਾਈ ਨੂੰ ਅਕਾਲ ਤਖਤ 'ਤੇ ਜਾ ਕੇ ਭੁੱਲਾਂ ਬਖਸ਼ਾਉਣਗੇ। ਉੱਥੋਂ 'ਸ਼੍ਰੋਮਣੀ ਅਕਾਲੀ ਦਲ ਬਚਾਓ' ਲਹਿਰ ਸ਼ੁਰੂ ਕੀਤੀ ਜਾਵੇਗੀ। ਬੁੱਧੀਜੀਵੀਆਂ ਨੂੰ ਨਾਲ ਲਿਆ ਜਾਵੇਗਾ ਅਤੇ ਪਾਰਟੀ ਦੀ ਅਗਵਾਈ ਕਰਨ ਲਈ ਨਵਾਂ ਆਗੂ ਚੁਣਿਆ ਜਾਵੇਗਾ। ਸੁਖਬੀਰ ਸਿੰਘ ਬਾਦਲ ਨੂੰ ਲੋਕਾਂ ਦੇ ਫਤਵੇ ਨੂੰ ਅਵੱਸ਼ ਸੁਣਨਾ ਪਵੇਗਾ। ਉਨ੍ਹਾ ਕਿਹਾ ਕਿ 15-21 ਮੈਂਬਰੀ ਕਮੇਟੀ ਕਾਇਮ ਕੀਤੀ ਜਾਵੇਗੀ।

ਹਤਾਸ਼ ਸਿਆਸਤਦਾਨ ਮਹਾਰਾਸ਼ਟਰ ਵੱਲ ਜ਼ਰੂਰ ਦੇਖ ਲੈਣ : ਸੁਖਬੀਰ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ-ਭਾਜਪਾ ਗਠਜੋੜ ਨੂੰ ਲੈ ਕੇ ਮੰਗਲਵਾਰ ਕਿਹਾ ਕਿ ਲੋਕ ਸਭਾ ਚੋਣਾਂ ਤੋਂ ਪਹਿਲਾਂ ਉਨ੍ਹਾ ਪਾਰਟੀ ਦੀ ਕੋਰ ਕਮੇਟੀ ਨੂੰ ਸਪੱਸ਼ਟ ਕਰ ਦਿੱਤਾ ਸੀ ਕਿ ਉਹ ਭਾਜਪਾ ਨਾਲ ਗੈਰ-ਸਿਧਾਂਤਕ ਗੱਠਜੋੜ ਨਹੀਂ ਕਰ ਸਕਦੇ। ਪਾਰਟੀ ਦੇ ਜ਼ਿਲ੍ਹਾ ਜਥੇਦਾਰਾਂ ਦੀ ਮੀਟਿੰਗ ਵਿਚ ਸੁਖਬੀਰ ਨੇ ਕਿਹਾ ਕਿ ਪੰਥ, ਕਿਸਾਨਾਂ, ਦੱਬੇ-ਕੁਚਲੇ ਵਰਗਾਂ ਨਾਲ ਧੋਖਾ ਨਹੀਂ ਕੀਤਾ ਜਾ ਸਕਦਾ। ਜਿਹੜੇ ਲੋਕ ਪੰਥ, ਪੰਜਾਬ, ਕਿਸਾਨਾਂ ਅਤੇ ਦੱਬੇ-ਕੁਚਲੇ ਵਰਗਾਂ ਨਾਲ ਧੋਖਾ ਕਰਨ ਲਈ ਤਿਆਰ ਹਨ, ਉਹ ਆਪਣੇ ਰਾਹ 'ਤੇ ਚੱਲਣ ਲਈ ਆਜ਼ਾਦ ਹਨ। ਮੀਟਿੰਗ ਦੌਰਾਨ ਜ਼ਿਲ੍ਹਾ ਜਥੇਦਾਰਾਂ ਨੇ ਪੰਥ ਅਤੇ ਪੰਜਾਬ ਨੂੰ ਆਗੂ ਰਹਿਤ ਕਰਨ ਲਈ ਸਰਕਾਰਾਂ ਵੱਲੋਂ ਕੀਤੀਆਂ ਜਾ ਰਹੀਆਂ ਸਾਜ਼ਿਸ਼ਾਂ ਦੀ ਕਰੜੀ ਨਿੰਦਾ ਕੀਤੀ। ਉਨ੍ਹਾਂ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦ੍ਰਿੜ੍ਹ ਅਤੇ ਸਿਧਾਂਤਕ ਅਗਵਾਈ ਦੀ ਸ਼ਲਾਘਾ ਕੀਤੀ। ਸੁਖਬੀਰ ਨੇ ਕਿਹਾ ਕਿ ਹਤਾਸ਼ ਸਿਆਸਤਦਾਨ ਮਹਾਰਾਸ਼ਟਰ ਤੋਂ ਸਬਕ ਸਿੱਖਣ। ਭਾਜਪਾ ਨੇ ਮਹਾਰਾਸ਼ਟਰ ਦੀ ਖੇਤਰੀ ਪਾਰਟੀ ਨੂੰ ਤੋੜ ਦਿੱਤਾ, ਪਰ ਲੋਕਾਂ ਨੇ ਫਿਰ ਵੀ ਜਾਲ੍ਹੀ ਪਾਰਟੀ ਨੂੰ ਨਕਾਰ ਦਿੱਤਾ। ਸੁਖਬੀਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਪੰਥ ਵਿਰੋਧੀ ਮਨਸੂਬਿਆਂ ਦੀ ਕਠਪੁਤਲੀ ਨਹੀਂ ਬਣਨ ਦਿੱਤਾ ਜਾ ਸਕਦਾ। ਸ਼੍ਰੋਮਣੀ ਅਕਾਲੀ ਦਲ ਪੰਥ ਅਤੇ ਪੰਜਾਬ ਲਈ ਔਖੇ ਸਮੇਂ ਦਾ ਸਾਹਮਣਾ ਕਰਨ ਲਈ ਤਿਆਰ ਹੈ। ਪੰਥ ਅਤੇ ਪੰਜਾਬ ਦੀ ਇੱਜ਼ਤ ਨੂੰ ਤੋੜ-ਮਰੋੜ ਕੇ ਨਿੱਜੀ ਮੁਨਾਫੇ ਦੇ ਚਾਹਵਾਨ ਆਪਣੀ ਮਰਜ਼ੀ ਅਨੁਸਾਰ ਚੱਲਣ ਲਈ ਸੁਤੰਤਰ ਹਨ। ਪਾਰਟੀ ਪੰਥਕ ਸਿਧਾਂਤਾਂ 'ਤੇ ਡਟ ਕੇ ਖੜ੍ਹੀ ਹੈ।

ਸੁਖਬੀਰ ਬਾਦਲ ਤੋਂ ਔਖੇ ਆਗੂ ਜਲੰਧਰ 'ਚ ਮੀਟਿੰਗ ਦੌਰਾਨ।

ਸੁਖਬੀਰ ਬਾਦਲ ਚੰਡੀਗੜ੍ਹ 'ਚ ਜ਼ਿਲ੍ਹਾ ਜਥੇਦਾਰਾਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ।

ਕੇਜਰੀਵਾਲ ਨੂੰ ਰਾਹਤ ਨਹੀਂ

ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਨੇ ਕਥਿਤ ਆਬਕਾਰੀ ਨੀਤੀ ਘਪਲੇ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਦੇਣ ਦੇ ਹੇਠਲੀ ਅਦਾਲਤ ਦੇ ਹੁਕਮਾਂ 'ਤੇ ਮੰਗਲਵਾਰ ਪੱਕੀ ਰੋਕ ਲਗਾ ਦਿੱਤੀ। ਜਸਟਿਸ ਸੁਧੀਰ ਕੁਮਾਰ ਜੈਨ ਦੀ ਅਗਵਾਈ ਵਾਲੀ ਛੁੱਟੀ ਵਾਲੀ ਬੈਂਚ ਨੇ ਕਿਹਾ ਕਿ ਹੇਠਲੀ ਅਦਾਲਤ ਈ ਡੀ ਵੱਲੋਂ ਪੇਸ਼ ਕੀਤੀ ਸਮੱਗਰੀ ਦਾ ਸਹੀ ਤਰ੍ਹਾਂ ਵਿਸ਼ਲੇਸ਼ਣ ਕਰਨ 'ਚ ਅਸਫਲ ਰਹੀ ਅਤੇ ਆਮ ਆਦਮੀ ਪਾਰਟੀ ਦੇ ਨੇਤਾ ਦੀ ਜ਼ਮਾਨਤ ਪਟੀਸ਼ਨ ਦਾ ਫੈਸਲਾ ਕਰਦੇ ਸਮੇਂ ਵਿਵੇਕ ਦੀ ਵਰਤੋਂ ਨਹੀਂ ਕੀਤੀ। ਬੈਂਚ ਨੇ ਇਹ ਵੀ ਕਿਹਾ ਕਿ ਹੇਠਲੀ ਅਦਾਲਤ ਨੂੰ ਈ ਡੀ ਨੂੰ ਆਪਣਾ ਪੱਖ ਪੇਸ਼ ਕਰਨ ਦਾ ਢੁੱਕਵਾਂ ਮੌਕਾ ਦੇਣਾ ਚਾਹੀਦਾ ਸੀ। ਇਸ ਦੌਰਾਨ ਆਮ ਆਦਮੀ ਪਾਰਟੀ ਨੇ ਕਿਹਾ ਕਿ ਉਹ ਹਾਈ ਕੋਰਟ ਦੇ ਫੈਸਲੇ ਨੂੰ ਸੁਪਰੀਮ ਕੋਰਟ 'ਚ ਚੁਣੌਤੀ ਦੇਵੇਗੀ।

ਆਤਿਸ਼ੀ ਹਸਪਤਾਲ ਦਾਖਲ

ਨਵੀਂ ਦਿੱਲੀ : ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਜੈ ਸਿੰਘ ਨੇ ਕਿਹਾ ਹੈ ਕਿ ਹਸਪਤਾਲ 'ਚ ਭਰਤੀ ਹੋਣ ਤੋਂ ਬਾਅਦ ਦਿੱਲੀ ਦੀ ਜਲ ਮੰਤਰੀ ਆਤਿਸ਼ੀ ਦੀ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ ਖਤਮ ਹੋ ਗਈ ਹੈ। ਵਰਨਣਯੋਗ ਹੈ ਕਿ ਕੌਮੀ ਰਾਜਧਾਨੀ ਲਈ ਪਾਣੀ ਛੱਡਣ ਦੀ ਮੰਗ ਲਈ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ 'ਤੇ ਬੈਠੀ ਆਤਿਸ਼ੀ ਨੂੰ ਮੰਗਲਵਾਰ ਸਵੇਰੇ ਸਿਹਤ ਵਿਗੜਨ ਤੋਂ ਬਾਅਦ ਲੋਕ ਨਾਇਕ ਜੈਪ੍ਰਕਾਸ਼ ਹਸਪਤਾਲ ਦੇ ਐਮਰਜੰਸੀ ਆਈ ਸੀ ਯੂ 'ਚ ਦਾਖਲ ਕਰਵਾਇਆ ਗਿਆ। ਆਮ ਆਦਮੀ ਪਾਰਟੀ ਨੇ ਕਿਹਾ-ਆਤਿਸ਼ੀ ਦੀ ਸਿਹਤ ਵਿਗੜ ਗਈ ਹੈ। ਅੱਧੀ ਰਾਤ ਨੂੰ ਉਨ੍ਹਾ ਦਾ ਸ਼ੂਗਰ ਲੈਵਲ 43 ਅਤੇ ਤੜਕੇ 3 ਵਜੇ 36 'ਤੇ ਆ ਗਿਆ, ਜਿਸ ਤੋਂ ਬਾਅਦ ਡਾਕਟਰਾਂ ਨੇ ਉਨ੍ਹਾ ਨੂੰ ਤੁਰੰਤ ਹਸਪਤਾਲ 'ਚ ਦਾਖਲ ਹੋਣ ਦੀ ਸਲਾਹ ਦਿੱਤੀ, ਉਨ੍ਹਾ ਨੇ ਪਿਛਲੇ ਪੰਜ ਦਿਨਾਂ ਤੋਂ ਕੁਝ ਨਹੀਂ ਖਾਧਾ।

ਈਰਾਨੀ ਰਾਸ਼ਟਰਪਤੀ ਦੀ ਚੋਣ ਸ਼ੁੱਕਰਵਾਰ

ਦੁਬਈ : ਈਰਾਨੀ ਸੁਪਰੀਮ ਨੇਤਾ ਅਯਾਤੁੱਲਾ ਅਲੀ ਖੁਮੇਨੀ ਨੇ ਸ਼ੁੱਕਰਵਾਰ ਨੂੰ ਦੇਸ਼ 'ਚ ਹੋਣ ਵਾਲੀਆਂ ਰਾਸ਼ਟਰਪਤੀ ਚੋਣਾਂ 'ਚ ਦੁਸ਼ਮਣ 'ਤੇ ਕਾਬੂ ਪਾਉਣ ਲਈ ਵੱਧ ਤੋਂ ਵੱਧ ਗਿਣਤੀ 'ਚ ਵੋਟ ਪਾਉਣ ਦੀ ਅਪੀਲ ਕੀਤੀ ਹੈ। ਖੁਮੇਨੀ ਨੇ ਸ਼ੀਆ ਭਾਈਚਾਰੇ ਦੇ ਤਿਉਹਾਰ ਈਦ-ਉਲ-ਗਦੀਰ ਦੇ ਮੌਕੇ 'ਤੇ ਦਿੱਤੇ ਭਾਸ਼ਣ 'ਚ ਲੋਕਾਂ ਤੋਂ ਕਈ ਵਾਰ ਅਮਰੀਕਾ ਮੁਰਦਾਬਾਦ ਤੇ ਇਜ਼ਰਾਈਲ ਮੁਰਦਾਬਾਦ ਦੇ ਨਾਅਰੇ ਲਗਵਾਏ। ਖੁਮੇਨੀ ਦੇ ਸਮਰਥਕ ਅਤੇ ਈਰਾਨ ਦੇ ਕੱਟੜਪੰਥੀ ਰਾਸ਼ਟਰਪਤੀ ਇਬਰਾਹਿਮ ਰਾਇਸੀ ਦੀ ਮਈ 'ਚ ਹੈਲੀਕਾਪਟਰ ਹਾਦਸੇ 'ਚ ਮੌਤ ਹੋ ਗਈ ਸੀ।

ਕਮਲ ਚੌਧਰੀ ਦਾ ਦੇਹਾਂਤ

ਹੁਸ਼ਿਆਰਪੁਰ : ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਚਾਰ ਵਾਰ ਲੋਕ ਸਭਾ ਮੈਂਬਰ ਰਹੇ ਕਮਲ ਚੌਧਰੀ ਦਾ ਲੰਮੀ ਬਿਮਾਰੀ ਤੋਂ ਬਾਅਦ ਮੰਗਲਵਾਰ ਸਵੇਰੇ ਦਿੱਲੀ ਵਿਖੇ ਆਪਣੇ ਨਿਵਾਸ 'ਤੇ ਦੇਹਾਂਤ ਹੋ ਗਿਆ। ਉਹ 76 ਵਰ੍ਹਿਆਂ ਦੇ ਸਨ। ਉਨ੍ਹਾ ਦੇ ਪਰਵਾਰ 'ਚ ਪਤਨੀ, ਪੁੱਤਰ ਅਤੇ ਧੀ ਹਨ। ਕਮਲ ਚੌਧਰੀ ਸਿਆਸਤ 'ਚ ਆਉਣ ਤੋਂ ਪਹਿਲਾਂ ਭਾਰਤੀ ਹਵਾਈ ਫੌਜ 'ਚ ਲੜਾਕੂ ਪਾਇਲਟ ਸਨ। ਉਹ ਤਿੰਨ ਵਾਰ ਕਾਂਗਰਸ ਅਤੇ ਇੱਕ ਵਾਰ ਭਾਜਪਾ ਦੀ ਟਿਕਟ 'ਤੇ ਲੋਕ ਸਭਾ ਮੈਂਬਰ ਬਣੇ। ਉਨ੍ਹਾ ਦੇ ਪਿਤਾ ਚੌਧਰੀ ਬਲਬੀਰ ਸਿੰਘ ਐੱਮ ਪੀ ਅਤੇ ਵਿਧਾਇਕ ਰਹੇ ਸਨ।

ਵੈਸ਼ਨੋ ਦੇਵੀ ਲਈ ਇਕ ਹੋਰ ਹੈਲੀਕਾਪਟਰ ਸੇਵਾ ਸ਼ੁਰੂ

ਕਟੜਾ : ਜੰਮੂ ਤੋਂ ਮਾਤਾ ਵੈਸ਼ਨੋ ਦੇਵੀ ਮੰਦਰ ਲਈ ਮੰਗਲਵਾਰ ਤੋਂ ਸਿੱਧੀ ਹੈਲੀਕਾਪਟਰ ਸੇਵਾ ਸ਼ੁਰੂ ਹੋ ਗਈ, ਜਿਸ ਨਾਲ ਇੱਕ ਦਿਨ ਦੇ ਅੰਦਰ ਇਸ ਪਵਿੱਤਰ ਮੰਦਰ ਦੇ ਦਰਸ਼ਨ ਕਰਨ ਦੇ ਚਾਹਵਾਨ ਸ਼ਰਧਾਲੂਆਂ ਨੂੰ ਵੱਡੀ ਸਹੂਲਤ ਮਿਲੇਗੀ। ਇਹ ਹੈਲੀਕਾਪਟਰ ਸੇਵਾ ਰਿਆਸੀ ਜ਼ਿਲ੍ਹੇ ਦੇ ਤ੍ਰਿਕੁਟਾ ਪਹਾੜੀਆਂ 'ਤੇ ਸਥਿਤ ਪ੍ਰਸਿੱਧ ਮੰਦਰ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਮੰਦਰ ਦੇ ਨੇੜੇ ਬੇਸ ਕੈਂਪ ਅਤੇ ਸਾਂਝੀ ਛੱਤ ਵਿਚਕਾਰ ਪਹਿਲਾਂ ਤੋਂ ਉਪਲਬੱਧ ਹੈਲੀਕਾਪਟਰ ਸੇਵਾ ਤੋਂ ਵੱਖਰੀ ਹੈ, ਜਿਸ ਦਾ ਇੱਕ ਪਾਸੇ ਦਾ ਕਿਰਾਇਆ 2100 ਰੁਪਏ ਪ੍ਰਤੀ ਵਿਅਕਤੀ ਹੈ। ਜੰਮੂ ਤੋਂ ਇਹ ਸੇਵਾ ਲੈਣ ਵਾਲਿਆਂ ਕੋਲ ਦੋ ਪੈਕੇਜਾਂ ਵਿੱਚੋਂ ਇਕ ਚੁਣਨ ਦਾ ਮੌਕਾ ਹੋਵੇਗਾ। ਉਸੇ ਦਿਨ ਦੀ ਵਾਪਸੀ ਲਈ ਪ੍ਰਤੀ ਯਾਤਰੀ 35000 ਰੁਪਏ ਅਤੇ ਅਗਲੇ ਦਿਨ ਦੀ ਵਾਪਸੀ ਲਈ ਪ੍ਰਤੀ ਵਿਅਕਤੀ 60,000 ਰੁਪਏ ਖਰਚ ਹੋਣਗੇ।

ਸਪੀਕਰ ਦੀ ਚੋਣ 'ਤੇ ਸਰਬ-ਸੰਮਤੀ ਦੀ ਬਲੀ

ਨਵੀਂ ਦਿੱਲੀ : ਹਾਕਮ ਧਿਰ ਤੇ ਆਪੋਜ਼ੀਸ਼ਨ ਵਿਚਾਲੇ ਕਿਸੇ ਨਾਂਅ 'ਤੇ ਸਹਿਮਤੀ ਨਾ ਬਣਨ 'ਤੇ ਬੁੱਧਵਾਰ ਵੋਟਿੰਗ ਨਾਲ ਲੋਕ ਸਭਾ ਦਾ ਸਪੀਕਰ ਚੁਣਿਆ ਜਾਵੇਗਾ। ਆਜ਼ਾਦ ਭਾਰਤ 'ਚ ਹੁਣ ਤੱਕ ਸਰਬਸੰਮਤੀ ਨਾਲ ਸਪੀਕਰ ਦੀ ਚੋਣ ਹੁੰਦੀ ਆਈ ਹੈ। ਓਮ ਬਿਰਲਾ ਨੇ ਸੱਤਾਧਾਰੀ ਐੱਨ ਡੀ ਏ ਉਮੀਦਵਾਰ ਵਜੋਂ ਸਪੀਕਰ ਦੇ ਅਹੁਦੇ ਲਈ ਨਾਮਜ਼ਦਗੀ ਕਾਗਜ਼ ਦਾਖਲ ਕੀਤੇ। ਬਿਰਲਾ ਪਿਛਲੀ ਲੋਕ ਸਭਾ 'ਚ ਵੀ ਸਪੀਕਰ ਸਨ। ਕਾਗਜ਼ ਦਾਖਲ ਕਰਨ ਤੋਂ ਪਹਿਲਾਂ ਉਨ੍ਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ ਸੀ। ਦੂਜੇ ਪਾਸੇ ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ 'ਇੰਡੀਆ' ਵੱਲੋਂ ਕਾਂਗਰਸ ਦੇ ਕੋਡੀਕੁਨਿਲ ਸੁਰੇਸ਼ ਨੇ ਕਾਗਜ਼ ਦਾਖਲ ਕੀਤੇ।

ਓਮ ਬਿਰਲਾ ਕੋਡੀਕੁਨਿਲ ਸੁਰੇਸ਼

ਇਸ ਤੋਂ ਪਹਿਲਾਂ ਕਾਂਗਰਸ ਸੰਗਠਨ ਦੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਅਤੇ ਡੀ ਐੱਮ ਕੇ ਨੇਤਾ ਟੀ ਆਰ ਬਾਲੂ ਨੇ ਸਪੀਕਰ ਦੇ ਅਹੁਦੇ ਲਈ ਐੱਨ ਡੀ ਏ ਉਮੀਦਵਾਰ ਨੂੰ ਸਮਰਥਨ ਦੇਣ ਤੋਂ ਇਨਕਾਰ ਕਰਦਿਆਂ ਰੱਖਿਆ ਮੰਤਰੀ ਰਾਜਨਾਥ ਸਿੰਘ ਦੇ ਦਫਤਰ ਤੋਂ ਵਾਕਆਊਟ ਕੀਤਾ। ਵੇਣੂਗੋਪਾਲ ਨੇ ਦੋਸ਼ ਲਾਇਆ ਕਿ ਸਰਕਾਰ ਨੇ ਡਿਪਟੀ ਸਪੀਕਰ ਦਾ ਅਹੁਦਾ ਵਿਰੋਧੀ ਧਿਰ ਨੂੰ ਦੇਣ ਲਈ ਵਚਨਬੱਧਤਾ ਨਹੀਂ ਪ੍ਰਗਟਾਈ। ਆਪੋਜ਼ੀਸ਼ਨ ਚਾਹੁੰਦੀ ਸੀ ਕਿ ਸਪੀਕਰ ਸੱਤਾਧਾਰੀਆਂ ਦਾ ਹੋ ਜਾਵੇ, ਪਰ ਡਿਪਟੀ ਸਪੀਕਰ ਦਾ ਅਹੁਦਾ ਰਵਾਇਤ ਮੁਤਾਬਕ ਆਪੋਜ਼ੀਸ਼ਨ ਨੂੰ ਦਿੱਤਾ ਜਾਵੇ।

ਉਧਰ, ਰਾਹੁਲ ਗਾਂਧੀ ਨੇ ਕਿਹਾ ਕਿ ਲੋਕ ਸਭਾ ਦੇ ਡਿਪਟੀ ਸਪੀਕਰ ਦਾ ਅਹੁਦਾ ਵਿਰੋਧੀ ਧਿਰ ਨੂੰ ਦੇਣ ਦੀ ਪ੍ਰੰਪਰਾ ਹੈ, ਜੇ ਨਰਿੰਦਰ ਮੋਦੀ ਸਰਕਾਰ ਇਸ ਰਵਾਇਤ ਦਾ ਪਾਲਣ ਕਰਦੀ ਹੈ ਤਾਂ ਸਮੁੱਚੀ ਵਿਰੋਧੀ ਧਿਰ ਸਦਨ ਦੇ ਸਪੀਕਰ ਦੀ ਚੋਣ ਦੌਰਾਨ ਸਰਕਾਰ ਦਾ ਸਮਰਥਨ ਕਰੇਗੀ।

ਸੰਸਦ ਭਵਨ ਕੰਪਲੈਕਸ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਇਹ ਵੀ ਕਿਹਾ ਕਿ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਸਮਰਥਨ ਲਈ ਫੋਨ ਕੀਤਾ ਸੀ ਅਤੇ ਉਨ੍ਹਾ ਨੂੰ ਦੁਬਾਰਾ ਫੋਨ ਕਰਨ ਦੀ ਗੱਲ ਕੀਤੀ ਸੀ, ਪਰ ਹਾਲੇ ਤੱਕ ਉਨ੍ਹਾ ਦਾ ਫੋਨ ਨਹੀਂ ਆਇਆ। ਰਾਹੁਲ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਵਿਰੋਧੀ ਧਿਰ ਤੋਂ ਉਸਾਰੂ ਸਹਿਯੋਗ ਦੀ ਆਸ ਰੱਖਦੇ ਹਨ, ਪਰ ਕਾਂਗਰਸੀ ਆਗੂ ਦਾ ਅਪਮਾਨ ਕੀਤਾ ਜਾ ਰਿਹਾ ਹੈ।

ਨਿੱਝਰ ਦੀ ਯਾਦ 'ਚ ਸੰਸਦ 'ਚ ਮੌਨ ਰੱਖਣ ਦੀ ਟਰੂਡੋ ਦੀ ਪਾਰਟੀ ਦੇ ਸਾਂਸਦ ਵੱਲੋਂ ਅਲੋਚਨਾ

ਵੈਨਕੂਵਰ : ਕੈਨੇਡੀਅਨ ਸੰਸਦ ਮੈਂਬਰ ਨੇ ਵੱਖਵਾਦੀ ਅਤੇ ਭਾਰਤ ਵੱਲੋਂ ਅੱਤਵਾਦੀ ਕਰਾਰ ਦਿੱਤੇ ਗਏ ਹਰਦੀਪ ਸਿੰਘ ਨਿੱਝਰ ਦੀ ਬਰਸੀ ਮੌਕੇ ਕੈਨੇਡੀਅਨ ਸੰਸਦ ਮੈਂਬਰਾਂ ਵੱਲੋਂ ਹਾਊਸ ਆਫ ਕਾਮਨਜ਼ ਵਿਚ ਮੌਨ ਰੱਖਣ ਦੀ ਆਲੋਚਨਾ ਕੀਤੀ ਹੈ। ਨੇਪੀਅਨ ਦੇ ਸੰਸਦ ਮੈਂਬਰ ਚੰਦਰ ਆਰੀਆ ਨੇ ਆਪਣੀ ਹੀ ਸਰਕਾਰ ਦੇ ਰੁਖ 'ਤੇ ਅਸੰਤੁਸ਼ਟੀ ਪ੍ਰਗਟਾਉਂਦਿਆਂ ਅਖਬਾਰ ਨੂੰ ਦਿੱਤੀ ਇੰਟਰਵਿਊ ਵਿਚ ਕਿਹਾ ਕਿ ਜਦ ਸੰਸਦ ਮੌਨ ਰੱਖਣ ਦਾ ਫੈਸਲਾ ਕਰਦੀ ਹੈ ਤਾਂ ਉਹ ਕੁੱਝ ਮਹਾਨ ਕੈਨੇਡੀਅਨਾਂ ਲਈ ਹੁੰਦਾ ਹੈ, ਜਿਨ੍ਹਾਂ ਨੇ ਦੇਸ਼ਵਾਸੀਆਂ ਦੀ ਜ਼ਿੰਦਗੀ ਲਈ ਮਹਾਨ ਸੇਵਾ ਕੀਤੀ ਹੋਵੇ। ਨਿੱਝਰ ਉਨ੍ਹਾਂ ਵਿੱਚੋਂ ਇੱਕ ਨਹੀਂ ਸੀ। ਆਰੀਆ ਨੇ ਨਿੱਝਰ ਦੀ ਹੱਤਿਆ ਨੂੰ ਵਿਦੇਸ਼ ਸਰਕਾਰ ਨਾਲ ਜੋੜਨ ਦੇ ਭਰੋਸੇਯੋਗ ਦੋਸ

26-JUNE-PAGE-1.qxd 6/25/2024 10:44 PM Page 2

ਆਈ ਟੀ ਆਈ ਬਸੀ ਪਠਾਣਾਂ 'ਚ ਲਗਾਇਆ ਰੋਜ਼ਗਾਰ ਮੇਲਾ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਡਾਇਰੈਕਟਰ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਆਦੇਸ਼ਾਂ 'ਤੇ ਆਈ.ਟੀ.ਆਈ. ਬਸੀ ਪਠਾਣਾਂ ਵਿਖੇ ਉਦਯੋਗਿਕ ਸਿਖਲਾਈ ਸੰਸਥਾ ਬਸੀ ਪਠਾਣਾਂ ਦੇ ਪ੍ਰਿੰਸੀਪਲ ਹਰਪ੍ਰੀਤ ਸਿੰਘ ਗਿੱਲ ਦੀ ਅਗਵਾਈ ਹੇਠ ਮੰਗਲਵਾਰ ਇੱਕ ਰੋਜ਼ਗਾਰ ਮੇਲਾ ਲਗਾਇਆ ਗਿਆ।ਪ੍ਰਿੰਸੀਪਲ ਹਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਇਸ ਰੋਜ਼ਗਾਰ ਮੇਲੇ 'ਚ ਪਹੁੰਚੇ ਵੱਖ-ਵੱਖ ਸਿਰਮੌਰ ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਮਾਧਵ ਗਰੁੱਪ ਆਫ ਇੰਡਸਟਰੀਜ਼ ਤੋਂ ਸੁਮਿਤ ਭੱਟੀ, ਟਿਵਾਣਾ ਗਰੁੱਪ ਆਫ ਇੰਡਰਸਟਰੀਜ਼ ਤੋਂ ਮਨਿੰਦਰ ਸਿੰਘ, ਚੀਮਾ ਬੁਲਾਇਲਰਜ਼ ਤੋਂ ਸਜਲ ਜੈਨ, ਜੀ.ਐਸ. ਵੁੱਡ ਇੰਡਸਟਰੀਜ਼ ਅਤੇ ਨਿਊ ਇਰਾ ਮਸ਼ੀਨਜ਼ ਤੋਂ ਬਚਨ ਭੱਟ ਵੀ ਸ਼ਾਮਲ ਸਨ, ਵੱਲੋਂ 80 ਦੇ ਕਰੀਬ ਸਿਖਿਆਰਥੀਆਂ ਨੂੰ ਸ਼ਾਰਟਲਿਸਟ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ ਜ਼ਿਲ੍ਹਾ ਰੋਜ਼ਗਾਰ ਬਿਊਰੋ ਤੋਂ ਜਸਵਿੰਦਰ ਸਿੰਘ ਅਤੇ ਜ਼ਿਲ੍ਹਾ ਉਦਯੋਗ ਕੇਂਦਰ ਤੋਂ ਅਮਨਦੀਪ ਕੌਰ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਹਰਸ਼ਰਨਦੀਪ ਸਿੰਘ ਕਲੇਰ, ਕੰਵਲਜੀਤ ਸਿੰਘ ਖੋਸਲਾ ਅਤੇ ਸ਼ਰਨਪ੍ਰੀਤ ਸਿੰਘ ਤੋਂ ਇਲਾਵਾ ਆਈ.ਟੀ.ਆਈ. ਦਾ ਸਮੂਹ ਸਟਾਫ ਵੀ ਹਾਜ਼ਰ ਸੀ।

ਗਰਭ ਦੌਰਾਨ ਆਉਣ ਵਾਲੀਆਂ ਦਿੱਕਤਾਂ ਸੰਬੰਧੀ ਸਿਹਤ ਕਰਮੀਆਂ ਨੂੰ ਸਿਖਲਾਈ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸਿਵਲ ਸਰਜਨ ਫਤਿਹਗੜ੍ਹ ਸਾਹਿਬ ਡਾ. ਦਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਅੰਦਰ ਸਿਹਤ ਵਿਭਾਗ ਵਿੱਚ ਕੰਮ ਕਰਦੀਆਂ ਮਲਟੀਪਰਪਜ਼ ਹੈਲਥ ਵਰਕਰ (ਫੀਮੇਲ) ਨੂੰ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਦਲਜੀਤ ਕੌਰ ਦੀ ਅਗਵਾਈ ਹੇਠ ਇਕ ਰੋਜ਼ਾ ਜੀ.ਡੀ.ਐਮ (ਗੈਸਟੇਸ਼ਨਲ ਡਾਇਬਟੀਜ਼ ਮਲਾਈਟਸ) ਦੀ ਸਿਖਲਾਈ ਦਿੱਤੀ ਗਈ । ਇਸ ਮੌਕੇ ਸਿਖਲਾਈ ਦੌਰਾਨ ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਡਾ. ਦਵਿੰਦਰਜੀਤ ਕੌਰ ਨੇ ਕਿਹਾ ਕਿ ਗਰਭ ਅਵਸਥਾ ਦੌਰਾਨ ਗਰਭਵਤੀ ਔਰਤਾਂ ਨੂੰ ਹੋਣ ਵਾਲੀ ਸ਼ੂਗਰ ਦਾ ਜੇਕਰ ਸਮੇਂ ਸਿਰ ਪਤਾ ਲਗਾ ਕੇ ਉਸ ਦਾ ਇਲਾਜ ਨਾ ਕੀਤਾ ਜਾਵੇ ਤਾਂ ਉਹ ਜੱਚਾ ਤੇ ਬੱਚਾ ਦੋਨਾਂ ਲਈ ਘਾਤਕ ਹੋ ਸਕਦੀ ਹੈ। ਗਰਭਕਾਲੀ ਸ਼ੂਗਰ ਇੱਕ ਅਜਿਹੀ ਸਥਿਤੀ ਹੈ ਜਿਸ ਵਿੱਚ ਪਲੈਸੈਂਟਾ ਦੁਆਰਾ ਬਣਾਇਆ ਗਿਆ ਇੱਕ ਹਾਰਮੋਨ ਸਰੀਰ ਨੂੰ ਇਨਸੁਲਿਨ ਦੀ ਪ੍ਰਭਾਵੀ ਵਰਤੋਂ ਕਰਨ ਤੋਂ ਰੋਕਦਾ ਹੈ। ਉਨ੍ਹਾਂ ਕਿਹਾ ਕਿ ਇਸ ਟਰੇਨਿੰਗ ਦਾ ਮੁੱਖ ਉਦੇਸ਼ ਗਰਭ ਅਵਸਥਾ ਦੌਰਾਨ ਹੋਣ ਵਾਲੀ ਸ਼ੂਗਰ ਦਾ ਸਮੇਂ ਸਿਰ ਪਤਾ ਲਗਾ ਕੇ ਉਸ ਦਾ ਇਲਾਜ ਕਰਨਾ, ਇਸ ਨਾਲ ਹੋਣ ਵਾਲੇ ਰੋਗਾਂ ਦੇ ਵਿਕਾਸ ਦੇ ਜੋਖਮ ਨੂੰ ਘੱਟ ਕਰਨਾ, ਜੱਚਾ ਬੱਚਾ ਮੌਤ ਦਰ ਨੂੰ ਘੱਟ ਕਰਨਾ, ਪੀੜਤ ਔਰਤ ਦੀ ਸਿਹਤ ਦਾ ਖਿਆਲ ਰੱਖ ਕੇ ਇੱਕ ਸਿਹਤਮੰਦ ਬੱਚੇ ਨੂੰ ਜਨਮ ਦਿਵਾਉਣਾ ਹੈ। ਡਾਕਟਰ ਦਲਜੀਤ ਕੌਰ ਨੇ ਗਰਭ ਕਾਲ ਦੌਰਾਨ ਗਰਭਵਤੀਆਂ ਨੂੰ ਆਉਣ ਵਾਲੀਆਂ ਵੱਖ-ਵੱਖ ਦਿੱਕਤਾਂ ਤੇ ਬਿਮਾਰੀਆਂ ਸਬੰਧੀ ਵਿਸਥਾਰ ਸਹਿਤ ਜਾਣੂ ਕਰਾਉਂਦਿਆ ਇਨ੍ਹਾਂ ਦੇ ਹੱਲ ਅਤੇ ਇਲਾਜ ਸਬੰਧੀ ਸਿਖਲਾਈ ਦਿੱਤੀ।

ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਬਲੀਦਾਨ ਦਿਵਸ 'ਤੇ ਸ਼ਰਧਾ ਦੇ ਫੁੱਲ ਭੇਟ

ਜਗਰਾਉਂ (ਅਮਿਤ ਖੰਨਾ)-ਭਾਜਪਾ ਆਗੂਆਂ ਵੱਲੋਂ ਭਾਰਤੀ ਜਨਸੰਘ ਦੇ ਬਾਨੀ ਪ੍ਰਧਾਨ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦੇ ਬਲੀਦਾਨ ਦਿਵਸ 'ਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਗੌਰਵ ਖੁੱਲਰ ਨੇ ਕਿਹਾ ਕਿ ਸੱਚੇ ਦੇਸ ਭਗਤ, ਸਾਰਿਆਂ ਦੇ ਪ੍ਰੇਣਾਦਾਇਕ ਮਾਰਗ ਦਰਸ਼ਕ ਡਾ. ਸ਼ਿਆਮਾ ਪ੍ਰਸ਼ਾਦ ਮੁਖਰਜੀ ਦੇ ਸੁਪਨਿਆਂ ਨੂੰ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਦੋ ਕਾਨੂੰਨਾਂ, ਦੋ ਸਿਰ, ਦੋ ਨਿਸ਼ਾਨਾਂ ਦੇ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਵਾਲੇ ਅਮਰ ਸ਼ਹੀਦ ਡਾਕਟਰ ਮੁਖਰਜੀ ਚਾਹੇ ਇਸ ਦੁਨੀਆ ਵਿਚ ਨਹੀਂ ਹਨ, ਪਰ ਉਨ੍ਹਾਂ ਦੀ ਸੋਚ ਤੇ ਦੇਸ਼ ਨੂੰ ਇੱਕ ਰੱਖਣ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਉਨ੍ਹਾਂ ਦੇ ਦਿਖਾਏ ਮਾਰਗ 'ਤੇ ਚੱਲ ਕੇ ਕੰਮ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਧਾਰਾ 370 ਦੀ ਸਮਾਪਤੀ ਇਸ ਦਾ ਸਭ ਤੋਂ ਵੱਡਾ ਸਬੂਤ ਹੈ।ਉਨ੍ਹਾਂ ਕਿਹਾ ਕਿ ਸਾਨੂੰ ਮਾਣ ਹੈ ਕਿ ਅਸੀਂ ਡਾ. ਮੁਖਰਜੀ ਵੱਲੋਂ ਸਥਾਪਤ ਕੀਤੀ ਗਈ ਪਾਰਟੀ ਭਾਰਤੀ ਜਨਤਾ ਪਾਰਟੀ ਦੇ ਵਰਕਰ ਹਾਂ।ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਦੀ ਇੱਕੋ ਇੱਕ ਰਾਜਨੀਤਕ ਅਜਿਹੀ ਪਾਰਟੀ ਹੈ, ਜਿਹੜੀ ਦੇਸ਼ ਨੂੰ ਸਭ ਤੋਂ ਉੱਤਮ ਮੰਨਦੀ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਡਾਕਟਰ ਸ਼ਿਆਮਾ ਪ੍ਰਸ਼ਾਦ ਮੁਖਰਜੀ ਦੇ ਦਿਖਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।

ਕਨਸੂਹਾਂ ਖੁਰਦ ਵਿਖੇ ਹਵਨ ਯੱਗ ਕਰਕੇ ਟੋਭੇ 'ਚ ਛੱਡਿਆ ਪਾਣੀ

ਨਾਭਾ (ਵਰਿੰਦਰ ਵਰਮਾ)-ਵਿਧਾਨ ਸਭਾ ਹਲਕਾ ਨਾਭਾ ਅਧੀਨ ਆਉਂਦੇ ਪਿੰਡ ਕਨਸੂਹਾਂ ਖੁਰਦ ਵਿਖੇ ਹਵਨ ਯੱਗ ਕਰਵਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸ਼ਿਰਕਤ ਕੀਤੀ।ਉਨ੍ਹਾ ਇਸ ਮੌਕੇ ਆਖਿਆ ਕਿ ਪਿੰਡ ਦੇ ਸਾਂਝੇ ਕਾਰਜਾਂ 'ਚ ਨੌਜਵਾਨਾਂ ਨੂੰ ਸਹਿਯੋਗ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਪਿੰਡ ਦੀ ਬਿਹਤਰੀ ਲਈ ਜੋ ਵੀ ਫੰਡਾਂ ਦੀ ਲੋੜ ਹੋਵੇਗੀ ਤੇ ਰਹਿੰਦੇ ਕੰਮਾਂ ਦੀ ਪ੍ਰਪੋਜ਼ਲ ਬਣਾ ਕੇ ਭੇਜੀ ਜਾਵੇ ਤਾਂ ਜੋ ਉਹ ਵੀ ਜਲਦੀ ਤੋਂ ਜਲਦੀ ਨੇਪਰੇ ਚਾੜ੍ਹੇ ਜਾ ਸਕਣ।ਉਨ੍ਹਾ ਆਖਿਆ ਕਿ ਪਿੰਡ ਦੇ ਨੌਜਵਾਨਾਂ ਨੇ ਜੋ ਛੱਪੜ ਦੀ ਸਫਾਈ ਕੀਤੀ ਹੈ, ਉਹ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ।ਇਸ ਛੱਪੜ ਦੇ ਆਲੇ ਦੁਆਲੇ ਰੁੱਖਾਂ ਨੂੰ ਲਗਾ ਕੇ ਪਿੰਡ ਦੀ ਸੁੰਦਰਤਾ ਨੂੰ ਵਧਾਇਆ ਜਾਵੇਗਾ।ਉਨ੍ਹਾ ਕਿਹਾ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਸਾਨੂੰ ਰਲ-ਮਿਲ ਕੇ ਬੂਟੇ ਲਗਾਉਣੇ ਚਾਹੀਦੇ ਹਨ ਤੇ ਉਨ੍ਹਾਂ ਦੀ ਸਹੀ ਤਰੀਕੇ ਨਾਲ ਸੰਭਾਲ ਕਰਨੀ ਚਾਹੀਦੀ ਹੈ।ਉਨ੍ਹਾ ਦੱਸਿਆ ਕਿ ਪਿੰਡ ਦੇ ਪ੍ਰਾਇਮਰੀ ਸਕੂਲ ਦੀ ਚਾਰਦੀਵਾਰੀ ਲਈ, ਜੋ ਫੰਡ ਭੇਜੇ ਗਏ ਸਨ, ਉਨ੍ਹਾਂ ਦੀ ਵਰਤੋਂ ਕਰ ਦਿੱਤੀ ਹੈ ਤੇ ਲੋੜ ਅਨੁਸਾਰ ਹੋਰ ਵੀ ਗਰਾਂਟ ਭੇਜੀ ਜਾਵੇਗੀ।ਇਸ ਮੌਕੇ ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਤੇਜਿੰਦਰ ਸਿੰਘ ਖਹਿਰਾ, ਜਗਜੀਤ ਸਿੰਘ ਨੌਹਰਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਭਾਦਸੋਂ, ਜਸਵੀਰ ਸਿੰਘ ਛਿੰਦਾ, ਕਰਨਵੀਰ ਸਿੰਘ, ਹਰਸਵੀਰ ਸਿੰਘ, ਸੰਤ ਮਹਾਂਪੁਰਸ਼ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

ਦਿ ਡਿਸਟ੍ਰਿਕ ਪ੍ਰੈੱਸ ਕਲੱਬ ਨੇ ਮੈਡੀਕਲ ਕੈਂਪ ਲਗਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਦਿ ਡਿਸਟ੍ਰਿਕ ਪ੍ਰੈੱਸ ਕਲੱਬ ਫਿਰੋਜ਼ਪੁਰ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਮਸ਼ਹੂਰ ਹੌਸਪਿਟਲ ਅਨਿਲ ਬਾਗੀ ਤੋਂ ਡਾਕਟਰ ਨਿਤੀਸ਼ਾ ਕਾਲੜਾ ਵੱਲੋਂ ਆਪਣੀ ਟੀਮ ਦੇ ਸਹਿਯੋਗ ਨਾਲ ਮੈਡੀਕਲ ਕੈਂਪ ਲਾਇਆ ਗਿਆ। ਇਸ ਕੈਂਪ ਵਿੱਚ 250 ਦੇ ਕਰੀਬ ਮਰੀਜ਼ਾਂ ਦਾ ਮੈਡੀਕਲ ਚੈੱਕਅਪ, ਦਵਾਈਆਂ ਤੇ ਈਸੀਜੀ ਵੀ ਫਰੀ ਕੀਤੇ ਗਏ ਅਤੇ ਪ੍ਰੈੱਸ ਕਲੱਬ ਦੇ ਪ੍ਰਧਾਨ ਪ੍ਰੇਮ ਨਾਥ ਸ਼ਰਮਾ ਵੱਲੋਂ ਆਈਆਂ ਹੋਈਆਂ ਨਾਮਵਰ ਸ਼ਖਸੀਅਤਾਂ ਅਤੇ ਸਮਾਜ ਸੇਵੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਪ੍ਰੈੱਸ ਕਲੱਬ ਦੇ ਪ੍ਰਧਾਨ ਪ੍ਰੇਮ ਨਾਥ ਸ਼ਰਮਾ ਵੱਲੋਂ ਆਪਣੇ ਪ੍ਰੈੱਸ ਕਲੱਬ ਦੀ ਟੀਮ ਨੂੰ ਵੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਕੈਂਪ ਦਾ ਉਦਘਾਟਨ ਗੁਰਜੀਤ ਸਿੰਘ ਚੀਮਾ ਆਮ ਆਦਮੀ ਪਾਰਟੀ ਦੇ ਲੀਡਰ ਵੱਲੋਂ ਕੀਤਾ ਗਿਆ।ਇਸ ਮੌਕੇ ਸੁੰਦਰ ਅਗਰਵਾਲ, ਸ਼ਸ਼ੀ ਸ਼ਰਮਾ, ਫਿਰੋਜ਼ਪੁਰ ਵੈੱਲਫੇਅਰ ਕਲੱਬ ਦੇ ਚੇਅਰਮੈਨ ਅਰੁਣ ਸ਼ਰਮਾ, ਆਪ ਆਗੂ ਗੁਰਜੀਤ ਸਿੰਘ ਚੀਮਾ ਚੀਮਾ, ਭਾਜਪਾ ਦੇ ਮੁੱਖ ਲੀਡਰ ਦਵਿੰਦਰ ਬਜਾਜ ਤੇ ਪੱਤਰਕਾਰ ਸਾਥੀ ਮਨੀਸ਼ ਬਾਵਾ, ਕੁਲਬੀਰ ਸਿੰਘ ਬਰਾੜ, ਅਮਿਤ ਕੁਮਾਰ, ਹਰਜਿੰਦਰ ਸਿੰਘ, ਪ੍ਰੇਮ ਨਾਥ ਸ਼ਰਮਾ, ਪ੍ਰਮੋਦ ਕੁਮਾਰ, ਸੋਨੂ ਅਟਵਾਲ, ਗੁਰਬਚਨ ਸਿੰਘ ਸੋਨੂ, ਜੈ ਸ਼ਰਮਾ, ਅਮਿਤ ਕੁਮਾਰ, ਬੂਟਾ ਰਾਮ ਬਜਾਜ ਤੇ ਹੋਰ ਪਤਵੰਤੇ ਸੱਜਣ ਸ਼ਾਮਲ ਸਨ।ਪ੍ਰੈੱਸ ਕਲੱਬ ਵੱਲੋਂ ਸਾਥੀਆਂ ਦੇ ਸਹਿਯੋਗ ਨਾਲ ਹੋਰ ਵੀ ਸਮਾਜ ਸੇਵੀ ਕੰਮ ਕੀਤੇ ਜਾਣਗੇ।

ਸਪੋਰਟਸ ਐਸੋਸੀਏਸ਼ਨ ਵੱਲੋਂ ਕਰਾਇਆ ਸਰੀਰਕ ਤੰਦਰੁਸਤੀ ਕੈਂਪ ਸਫ਼ਲਤਾ ਪੂਰਵਕ ਸੰਪੰਨ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਸਪੋਰਟਸ ਐਸੋਸੀਏਸ਼ਨ ਵੱਲੋਂ ਸ਼੍ਰੀ ਯਸ਼ਪਾਲ ਸਿੰਗਲਾ, ਡੀ ਕੇ ਸ਼ੂਦ ਤੇ ਸ਼ੁਭਦੀਪ ਸਿੰਘ ਮਾਨ (ਇੰਟਰਨੈਸ਼ਨਲ ਖਿਡਾਰੀ) ਦੀ ਸਰਪ੍ਰਸਤੀ ਅਤੇ ਬਲਜੀਤ ਸਿੰਘ ਮਿੱਟੂ ਦੀ ਪ੍ਰਧਾਨਗੀ ਹੇਠ ਸਵ. ਕੋਚ ਉਂਕਾਰ ਸਿੰਘ ਮਾਨ ਦੀ ਯਾਦ ਨੂੰ ਸਮਰਪਤ ਕਰਾਏ ਗਏ ਫ਼ਿਜ਼ੀਕਲ ਫਿਟਨੈਸ ਕੈਂਪ ਦੇ ਅਖੀਰਲੇ ਦਿਨ ਬੱਚਿਆਂ ਨੂੰ ਇਨਾਮ ਤਕਸੀਮ ਕਰਨ ਲਈ ਬਹਾਵਲਪੁਰ ਮਹਾਂ ਸੰਘ ਦੇ ਪ੍ਰਧਾਨ ਰਾਜ ਕੁਮਾਰ ਸਚਦੇਵਾ ਨੇ ਸ਼ਿਰਕਤ ਕੀਤੀ।ਸ਼੍ਰੀ ਸਚਦੇਵਾ ਨੇ ਸਪੋਰਟਸ ਐਸੋਸੀਏਸ਼ਨ ਦੇ ਇਸ ਉਪਰਾਲੇ ਸ਼ਲਾਘਾ ਕਰਦਿਆਂ ਕਿਹਾ ਕਿ ਬੱਚਿਆਂ 'ਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ ਅਤੇ ਖੇਡਾਂ ਨਾਲ ਜੋੜਣ ਲਈ ਇਹ ਇੱਕ ਬਹੁਤ ਵਧੀਆ ਉਪਰਾਲਾ ਹੈ ਤੇ ਬੱਚੇ ਖੇਡਾਂ ਨਾਲ ਜੁੜਦੇ ਹੋਏ ਇਸ ਖੇਤਰ ਵਿੱਚ ਚੰਗੀਆਂ ਮੱਲਾਂ ਮਾਰ ਕੇ ਦੇਸ਼ ਦਾ ਨਾਂਅ ਰੌਸ਼ਨ ਕਰਦੇ ਹਨ।ਵਿਸ਼ੇਸ਼ ਮਹਿਮਾਨ ਵਜੋਂ ਇੰਟਰਨੈਸ਼ਨਲ ਖਿਡਾਰਨ ਸੰਦੀਪ ਕੌਰ ਮਾਨ ਵੱਲੋਂ ਹਾਜ਼ਰੀ ਭਰੀ ਗਈ ਅਤੇ ਉਨ੍ਹਾਂ ਬੱਚਿਆਂ ਨੂੰ ਫ਼ਿਜ਼ੀਕਲ ਫਿਟਨੈੱਸ ਕੈਂਪ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਵਧਾਈ ਦਿੱਤੀ, ਜਿਨ੍ਹਾਂ ਵਲੋਂ ਕੈਂਪ ਸਫਲਤਾ ਪੂਰਵਕ ਸੰਪੰਨ ਕੀਤਾ ਗਿਆ ਤੇ ਬੱਚਿਆਂ ਦੇ ਸਰੀਰਕ, ਮਾਨਸਿਕ ਤੇ ਸਮਾਜਿਕ ਵਿਕਾਸ ਦਾ ਖਾਸ ਧਿਆਨ ਰੱਖਦੇ ਹੋਏ ਉਨ੍ਹਾਂ ਨੂੰ ਖੇਡਾਂ ਨਾਲ ਜੋੜਿਆ ਅਤੇ ਉਨ੍ਹਾਂ ਨੂੰ ਰੌਜ਼ਾਨਾ ਰਿਫਰੈਸ਼ਮੈਂਟ ਵੀ ਦਿੱਤੀ।ਐਸੋਸੀਏਸ਼ਨ ਸਰਪ੍ਰਸਤ ਯਸ਼ਪਾਲ ਸਿੰਗਲਾ ਤੇ ਪ੍ਰਧਾਨ ਬਲਜੀਤ ਸਿੰਘ ਮਿੱਟੂ ਨੇ ਕਿਹਾ ਕਿ ਸਵ. ਕੋਚ ਉਂਕਾਰ ਸਿੰਘ ਮਾਨ ਵੱਲੋਂ ਖੇਡ ਖੇਤਰ 'ਚ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਐਸੋਸੀਏਸ਼ਨ ਵੱਲੋਂ ਆਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਅਤੇ ਨਾਲ ਹੀ ਇਲਾਕੇ ਦੇ ਪਤਵੰਤਿਆਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਵੱਲੋਂ ਇਸ ਕੈਂਪ ਨੂੰ ਵੱਡਾ ਸਹਿਯੋਗ ਦਿੱਤਾ ਗਿਆ।ਇਸ ਮੌਕੇ ਬੱਚਿਆਂ ਨੇ ਭੰਗੜਾ ਤੇ ਲੜਕੀਆਂ ਨੇ ਗਿੱਧਾ, ਡਾਂਸ ਆਦਿ ਲੋਕ ਨਾਚ ਪੇਸ਼ ਕਰਕੇ ਸਭ ਨੂੰ ਮੰਤਰ ਮੁਗ਼ਧ ਕੀਤਾ।ਇਸ ਮੌਕੇ ਬੌਬੀ ਮਾਨ, ਮਹਿੰਦਰ ਸਿੰਘ ਧੀਮਾਨ, ਐਨ.ਕੇ ਸੂਧ ਪੀਟਰ, ਪ੍ਰਦੁਮਣ ਸਿੰਘ ਵਿਰਕ, ਜਸਵਿੰਦਰ ਸਿੰਘ ਦਰਦ, ਲਾਭ ਸਿੰਘ ਸਿੱਧੂ, ਗੁਰਜੀਤ ਸਿੰਘ ਦਾਨੀਪੁਰ, ਰਾਜ ਕੌਰ, ਲਖਵਿੰਦਰ ਸਿੰਘ ਜਵੰਦਾ, ਵਿਸ਼ਾਲ ਗਰਗ ਡੈਮੋ, ਖੁਸ਼ਬਾਗ ਸਿੰਘ, ਦਵਿੰਦਰ ਸਿੰਘ ਜਵੰਦਾ, ਮਾਸਟਰ ਜਸਵੀਰ ਸਿੰਘ, ਰਾਜੇਸ਼ ਗੋਇਲ ਲੱਕੀ, ਪ੍ਰਦੀਪ ਗੋਇਲ ਮਿੰਕਾ,ਮਾਸਟਰ ਜਸਵਿੰਦਰ ਸਿੰਘ ਪਿਆਰੂ, ਜੈਸੀ ਮਾਨ, ਕੋਚ ਭੁਪਿੰਦਰ ਸਿੰਘ, ਕੁਲਦੀਪ ਸਿੰਘ ਦੀਪਾ, ਬਲਜੀਤ ਕੌਰ ਤੇ ਅੰਮ੍ਰਿਤ ਸਿੰਘ ਭੰਗੜਾ ਅਕੈਡਮੀ ਆਦਿ ਸਮੇਤ ਵੱਡੀ ਗਿਣਤੀ ਵਿਚ ਸ਼ਹਿਰ ਦੇ ਪਤਵੰਤੇ ਵੀ ਹਾਜ਼ਰ ਸਨ।

ਵਿਕਾਸ ਕਾਰਜਾਂ ਲਈ ਵਿਧਾਇਕਾ ਵੱਲੋਂ 4 ਲੱਖ ਦੀ ਗ੍ਰਾਂਟ ਦਾ ਚੈੱਕ ਭੇਟ

ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਘੱਲ ਕਲਾਂ ਪੱਤੀ ਮਹਿਰ ਵਿਖੇ ਵਿਕਾਸ ਕਾਰਜਾਂ ਤਹਿਤ 4 ਲੱਖ ਰੁਪਏ ਦਾ ਚੈੱਕ ਗ੍ਰਾਮ ਪੰਚਾਇਤ ਨੂੰ ਭੇਟ ਕੀਤਾ। ਇਸ ਮੌਕੇ ਕਰਮਜੀਤ ਸਿੰਘ ਕੰਮਾ, ਸਾਬਕਾ ਸਰਪੰਚ ਗੁਰਨਾਮ ਸਿੰਘ, ਸੁਖਚੈਨ ਸਿੰਘ ਚੈਨਾ, ਭੁਪਿੰਦਰ ਸਿੰਘ, ਜਗਸੀਰ ਸਿੰਘ, ਗੀਨਾ, ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਹਾਜ਼ਰ ਸਨ। ਇਸ ਤੋਂ ਪਹਿਲਾਂ ਪਿੰਡ ਘੱਲ ਕਲਾਂ ਵਿਖੇ ਪਹੁੰਚਣ 'ਤੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਪਿੰਡ ਵਾਸੀਆਂ ਵੱਲੋਂ ਫੁੱਲਾਂ ਦੇ ਹਾਰ ਪਾ ਕੇ ਤੇ ਸਿਰੋਪਾਓ ਦੇ ਕ

26-Jun-PAGE-3.qxd 6/25/2024 10:53 PM Page 1

ਆਸ਼ਾ ਵਰਕਰਾਂ ਨੇ ਮੈਡੀਕਲ ਅਫਸਰ ਨੂੰ ਸੌਂਪਿਆ ਮੰਗ ਪੱਤਰ, ਹੜਤਾਲ ਦੇ ਪੰਜ ਦਿਨ ਪੂਰੇ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਆਸ਼ਾ ਵਰਕਰਾਂ ਦਾ ਸਿਵਲ ਹਸਪਤਾਲ ਘਰਿਆਲਾ ਵਿਖੇ ਰੋਸ ਧਰਨਾ ਪੰਜਵੇਂ ਵੀ ਜਾਰੀ।ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਉਨ੍ਹਾਂ ਨੂੰ ਮਿਲਦੇ ਭੱਤੇ ਬੰਦ ਕਰਕੇ ਉਨ੍ਹਾਂ ਨਾਲ ਬਹੁਤ ਵੱਡਾ ਧੋਖਾ ਕੀਤਾ ਜਿਸਦੇ ਰੋਸ ਵਜੋਂ ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਸਾਂਝੇ ਮੋਰਚੇ ਵੱਲੋਂ ਰੋਸ ਧਰਨਾ ਪੰਜਵੇਂ ਦਿਨ ਵੀ ਜਾਰੀ ਰਿਹਾ।ਮਿਲਦੇ ਭੱਤਿਆਂ ਨੂੰ ਬੰਦ ਕਰਨ ਨੂੰ ਲੈ ਕੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ।ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ ਗਰੁੱਪ ਏਟਕ ਦੇ ਜਿਲਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਵੱਲੋਂ ਆਪਣੀਆ ਹੱਕੀ ਮੰਗਾਂ ਤੋ ਜਾਣੂ ਕਰਵਾਉਂਦਿਆਂ ਆਖਿਆ ਕਿ ਰੋਜ਼ਗਾਰ ਦੇਣ ਦੇ ਵਾਅਦੇ ਨਾਲ ਸੱਤਾ ਚ ਆਈ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਉਨ੍ਹਾਂ ਨੂੰ ਮਿਲਦੇ ਨਿਗੂਣੇ ਭੱਤੇ ਵੀ ਬੰਦ ਕਰਕੇ ਉਨ੍ਹਾਂ ਨਾਲ ਵਾਅਦਾਖਿਲਾਫੀ ਕੀਤੀ।ਮਜਬੂਰ ਹੋਕੇ ਸੂਬੇ ਭਰ ਵਿਚ ਸਾਂਝੇ ਮੋਰਚੇ ਤੇ ਚਾਰ ਜਥੇਬੰਦੀਆ ਦੇ ਕਨਵੀਨਰ ਰਾਣੋ ਖੇੜੀ ਗਿੱਲ ਗਰੁੱਪ, ਸਤੀਸ਼ ਰਾਣਾ, ਮਨਦੀਪ ਕੌਰ ਜਲੰਧਰ ਡੀ.ਐਮ.ਐਫ. ਗਰੁੱਪ ਜਰਮਨਜੀਤ, ਅਮਰਜੀਤ ਕੌਰ ਰਣ ਸਿੰਘ ਵਾਲਾ ਏਟਕ ਗਰੁੱਪ ਸਰੋਜਬਾਲਾ ਗਰੁੱਪ ਸੀਟੂ ਦੇ ਸਹਿਯੋਗ ਨਾਲ 28 ਜੂਨ ਤੱਕ ਕਲਮਛੋੜ ਹੜ੍ਹਤਾਲ ਕਰਕੇ ਸਿਹਤ ਵਿਭਾਗ ਦੇ ਸਾਰੇ ਕੰਮ ਠੱਪ ਕਰਦਿਆ ਸੂਬੇ ਭਰ ਦੇ ਸਾਰੇ ਐੱਸ.ਐੱਮ.ਓ. ਦੇ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਜਾਰੀ ਰਹੇਗਾ ਆਸ਼ਾ ਵਰਕਰਾਂ ਵੱਲੋਂ ਮੈਡੀਕਲ ਅਫਸਰ ਅੰਮ੍ਰਿਤਪਾਲ ਸਿੰਘ ਨੂੰ ਮੰਗ ਪੱਤਰ ਸੌਂਪਿਆ ਗਿਆ ।ਇਸ ਮੌਕੇ ਸਰਬਜੀਤ ਕੌਰ ਮੀਤ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਅਮਨਦੀਪ ਕੌਰ, ਬਲਾਕ ਪ੍ਰਧਾਨ, ਹਰਮਿੰਦਰ ਕੌਰ ਹਰੀਕੇ, ਰਣਜੀਤ ਕੌਰ, ਗੁਰਜਿੰਦਰ ਕੌਰ ਆਸਾ ਫੈਸੀਲਿਟੇਟਰਜ, ਰਣਜੀਤ ਕੌਰ ਆਸ਼ਾ ਫੈਸਿਲੀਟੇਟਰ, ਮਨਪ੍ਰੀਤ ਕੌਰ ਆਸਾ ਫੈਸਿਲੀਟੇਟਰ, ਰਾਜਬੀਰ ਕੌਰ ਆਸਾ ਫੈਸਿਲੀਟੇਟਰ, ਪੁਸ਼ਪਿੰਦਰ ਕੌਰ, ਰਾਜਵਿੰਦਰ ਕੌਰ, ਬਲਵਿੰਦਰ ਕੌਰ ਘਰਿਆਲਾ, ਰਾਜਵਿੰਦਰ ਕੌਰ, ਗੀਤਾ ਆਦਿ ਹਾਜ਼ਰ ਸਨ।

ਸਤਵੰਤ ਸਿੰਘ ਬੈਂਸ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਨਵੇਂ ਪ੍ਰਿੰਸੀਪਲ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਚੀਫ਼ ਖਾਲਸਾ ਦੀਵਾਨ ਦੀ ਸਰਪ੍ਰਸਤੀ ਹੇਠ ਚੱਲ ਰਹੀ ਜ਼ਿਲੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਦੇ ਪ੍ਰਿੰਸੀਪਲ ਵਜੋਂ ਸਤਵੰਤ ਸਿੰਘ ਬੈਂਸ ਨੇ ਅਹੁਦਾ ਸੰਭਾਲਿਆ।ਇਸ ਮੌਕੇ ਚੀਫ਼ ਖਾਲਸਾ ਦੀਵਾਨ ਦੀ ਲੋਕਲ ਕਮੇਟੀ ਦੇ ਉਪ ਪ੍ਰਧਾਨ ਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਆਨਰੇਰੀ ਸੈਕਟਰੀ ਰਵਿੰਦਰ ਸਿੰਘ ਤੇ ਮੈਂਬਰ ਇੰਚਾਰਜ ਨਵਜੋਤ ਸਿੰਘ ਨੇ ਸਕੂਲ ਪਹੁੰਚ ਕੇ ਸਤਵੰਤ ਸਿੰਘ ਬੈਂਸ ਨੂੰ ਪ੍ਰਿੰਸੀਪਲ ਦਾ ਕਾਰਜ ਭਾਰ ਸੌਂਪਣ ਦੀ ਰਸਮ ਨਿਭਾਈ ਤੇ ਇਸ ਜ਼ਿੰਮੇਵਾਰਾਨਾ ਅਹੁਦੇ 'ਤੇ ਬਿਰਾਜਮਾਨ ਹੋਣ ਲਈ ਸ਼ੁਭ ਕਾਮਨਾਵਾਂ ਦਿੱਤੀਆਂ।ਚੀਫ਼ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਪ੍ਰਧਾਨ ਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ, ਲੋਕਲ ਕਮੇਟੀ ਦੇ ਉਪ ਪ੍ਰਧਾਨ ਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ, ਆਨਰੇਰੀ ਸੈਕਟਰੀ ਰਵਿੰਦਰ ਸਿੰਘ, ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ ਤੇ ਰਣਦੀਪ ਸਿੰਘ ਨੇ ਨਵ - ਨਿਯੁਕਤ ਪ੍ਰਿੰਸੀਪਲ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਕਿਹਾ ਕਿ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਸਤਵੰਤ ਸਿੰਘ ਬੈਂਸ ਦੀ ਦੂਰਅੰਦੇਸ਼ੀ ਅਤੇ ਅਗਵਾਈ ਸਕੂਲ ਦੀ ਤਰੱਕੀ ਅਤੇ ਭਲਾਈ ਵਿੱਚ ਮਹੱਤਵਪੂਰਣ ਯੋਗਦਾਨ ਪਾਏਗੀ ਤੇ ਉਹਨਾਂ ਦੀ ਅਗਵਾਈ ਵਿੱਚ ਸਕੂਲ ਦਿਨ ਦੁੱਗਣੀ ਤੇ ਰਾਤ ਚੌਗੁਣੀ ਤਰੱਕੀ ਕਰੇਗਾ।ਅਖੀਰ ਵਿੱਚ ਨਵ ਨਿਯੁਕਤ ਪ੍ਰਿੰਸੀਪਲ ਸਤਵੰਤ ਸਿੰਘ ਬੈਂਸ ਨੇ ਸਮੂਹ ਮੈਂਬਰ ਇੰਚਾਰਜ ਸਾਹਿਬਾਨ ਦਾ ਧੰਨਵਾਦ ਕੀਤਾ ਤੇ ਮਿਲੀ ਹੋਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਪ੍ਰਣ ਲਿਆ। ਉਨਾਂ ਵੱਲੋਂ ਵਿੱਦਿਆ ਤੇ ਅਨੁਸ਼ਾਸਨ ਦਾ ਮਿਆਰ ਉੱਚਾ ਚੁੱਕਣ ਦੀ ਵਚਨਬੱਧਤਾ ਪ੍ਰਗਟਾਈ ਗਈ।ਸਤਵੰਤ ਸਿੰਘ ਬੈਂਸ ਨੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ। ਪ੍ਰਿੰਸੀਪਲ ਵੱਲੋਂ ਵਿੱਦਿਆ ਤੇ ਅਨੁਸ਼ਾਸਨ ਦਾ ਮਿਆਰ ਉੱਚਾ ਚੁੱਕਣ ਦੀ ਵਚਨਬੱਧਤਾ ਪ੍ਰਗਟਾਈ ਗਈ।

ਰਾਜਬਾਹ ਪੱਖੋਕੇ ਤੋਂ ਕੰਗ ਟੇਲ ਤੱਕ ਪਾਣੀ ਨਹੀਂ ਪੁੱਜ ਰਿਹਾ : ਪੰਡੋਰੀ, ਬਾਠ

ਤਰਨ ਤਾਰਨ (ਪ੍ਰਿਤਪਾਲ ਸਿੰਘ, ਸਰਬਜੋਤ ਸਿੰਘ ਸੰਧਾ)-ਰਾਜਬਾਹ ਪੱਖੋਕੇ ਤੋਂ ਕੰਗ ਟੇਲ ਤੱਕ ਨਹਿਰੀ ਪਾਣੀ ਨਹੀਂ ਆ ਰਿਹਾ। ਪੰਜਾਬ ਦੀ ਮਾਨ ਸਰਕਾਰ ਕਿਸਾਨਾਂ ਨਾਲ ਝੂਠ ਬੋਲ ਰਹੀ ਹੈ। ਸੂਇਆਂ/ਨਹਿਰਾਂ ਦੀ ਖਲਾਈ ਨਾ ਹੋਣ ਕਾਰਨ ਜਦੋਂ ਪਾਣੀ ਛੱਡਿਆ ਜਾਂਦਾ ਹੈ ਤਾਂ ਸੂਏ ਟੁੱਟ ਜਾਦੇ ਹਨ ਜਿਸ ਕਾਰਨ ਖੇਤਾਂ ਤੱਕ ਪਾਣੀ ਨਹੀਂ ਪਹੁੰਚਦਾ, ਤੁਰੰਤ ਪੁੱਜਦਾ ਕੀਤਾ ਜਾਵੇ ।ਇਸ ਦੇ ਸਬੰਧ ਵਿੱਚ ਮਨਰੇਗਾ ਵਰਕਰਜ਼ ਯੂਨੀਅਨ ਦੇ ਆਗੂ ਬਲਦੇਵ ਸਿੰਘ ਪੰਡੋਰੀ, ਜਮਹੂਰੀ ਕਿਸਾਨ ਸਭਾ ਇਕਾਈ ਬਾਠ ਦੇ ਆਗੂ ਚਰਨਜੀਤ ਸਿੰਘ ਬਾਠ ਨੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਤਰਨ ਤਾਰਨ ਨੂੰ ਇਕ ਲਿਖਤੀ ਦਰਖਾਸਤ ਦੇ ਕੇ ਦੱਸਿਆ ਕਿ ਝੋਨਾ ਲਾਉਣ ਦੇ ਸੀਜ਼ਨ ਦੌਰਾਨ ਖੇਤਾਂ ਨੂੰ ਨਹਿਰੀ ਪਾਣੀ ਦੀ ਜ਼ਰੂਰਤ ਹੈ, ਪਰ ਅਜੇ ਤੱਕ ਕੰਗ ਟੇਲ ਤੱਕ ਪਾਣੀ ਨਹੀਂ ਆ ਰਿਹਾ ।ਨਹਿਰੀ ਪਾਣੀ ਨਾ ਮਿਲਣ ਕਾਰਨ ਝੋਨਾ ਲਾਉਣ ਲਈ ਭਾਰੀ ਮੁਸ਼ਕਲ ਆ ਰਹੀ ਹੈ।ਇਨ੍ਹਾਂ ਆਗੂਆਂ ਨੇ ਇਹ ਵੀ ਦੱਸਿਆ ਕਿ ਨਹਿਰੀ ਮਹਿਕਮੇ ਦੇ ਅਧਿਕਾਰੀਆਂ ਨੇ ਸੂਏ ਦੇ ਮੋਗਿਆਂ ਦਾ ਲੈਵਲ ਠੀਕ ਨਾ ਰੱਖਣ ਤੇ ਟੇਲ ਤੱਕ ਪਾਣੀ ਨਹੀਂ ਪੁੱਜਾ ।ਇਨ੍ਹਾਂ ਆਗੂਆਂ ਨੇ ਟੇਲ ਤੱਕ ਪਾਣੀ ਪੁੱਜਦਾ ਕਰਨ ਦੀ ਮੰਗ ਕੀਤੀ ।ਇਸ ਮੌਕੇ ਗੁਰਪ੍ਰਤਾਪ ਸਿੰਘ, ਸਰਬਜੀਤ ਸਿੰਘ ਬਾਠ ਆਦਿ ਆਗੂ ਹਾਜ਼ਰ ਸਨ।

ਪਠਾਨਕੋਟ-ਅੰਮ੍ਰਿਤਸਰ ਰੇਲਵੇ ਲਾਈਨ ਦੇ ਦੋਹਰੀਕਰਨ ਦੀ ਮੰਗ ਨੇ ਫੜਿਆ ਜ਼ੋਰ

ਗੁਰਦਾਸਪੁਰ, (ਜਨਕ ਮਹਾਜਨ)- ਆਜ਼ਾਦੀ ਦੇ 77 ਸਾਲ ਬਾਅਦ ਵੀ ਪਠਾਨਕੋਟ ਅੰਮ੍ਰਿਤਸਰ ਰੇਲਵੇ ਲਾਈਨ ਸਿੰਗਲ ਟਰੈਕ 'ਤੇ ਹੀ ਚੱਲ ਰਹੀ ਹੈ ਜਦਕਿ ਪਠਾਨਕੋਟ-ਜਲੰਧਰ ਰੇਲਵੇ ਲਾਈਨ ਦਾ ਕਾਫੀ ਸਾਲ ਪਹਿਲਾਂ ਦੋਹਰੀਕਰਨ ਹੋ ਗਿਆ ਸੀ। ਜਾਣਕਾਰੀ ਅਨੁਸਾਰ ਪਠਾਨਕੋਟ ਅੰਮ੍ਰਿਤਸਰ ਰੇਲਵੇ ਲਾਈਨ ਦਾ ਨਿਰਮਾਣ ਲਗਭਗ 1880 ਈਸਵੀਂ ਵਿੱਚ ਹੋਇਆ ਸੀ, ਉਸ ਵੇਲੇ ਰੇਲਵੇ ਲਾਈਨ ਥੱਲੇ ਲੱਕੜ ਦੇ ਸ਼ਤੀਰੀਆਂ ਲੱਗੀਆਂ ਹੁੰਦੀਆਂ ਸਨ ਜਦਕਿ ਹੁਣ ਲੱਕੜ ਦੀ ਬਜਾਏ ਲੋਹੇ ਦੀਆਂ ਸ਼ਤੀਰੀਆਂ ਟਾਈਪ ਲਗਾ ਦਿੱਤੀਆਂ ਗਈਆਂ ਹਨ ਪਰ ਰੇਲਵੇ ਅਜੇ ਵੀ ਸਿੰਗਲ ਹੀ ਹੈ। ਜਾਣਕਾਰੀ ਅਨੁਸਾਰ ਪਠਾਨਕੋਟ ਅੰਮ੍ਰਿਤਸਰ ਲਗਭਗ 100 ਕਿਲੋਮੀਟਰ ਦਾ ਸਫਰ ਹੈ ਅਤੇ ਇਸ ਰਸਤੇ ਵਿੱਚ ਦੀਨਾਨਗਰ, ਗੁਰਦਾਸਪੁਰ, ਧਾਰੀਵਾਲ, ਬਟਾਲਾ, ਵੇਰਕਾ, ਅੰਮ੍ਰਿਤਸਰ ਆਦਿ ਸ਼ਹਿਰ ਪੈਂਦੇ ਹਨ ਜਿਨਾਂ ਵਿੱਚੋਂ ਵੱਡੀ ਗਿਣਤੀ ਵਿੱਚ ਲੋਕ ਰੇਲ ਰਾਹੀਂ ਸਫਰ ਕਰਦੇ ਹਨ। ਇਹ ਸਫਰ ਬੱਸ ਨਾਲ ਸਸਤਾ ਪੈਂਦਾ ਹੈ। ਲੋਕ ਲੰਬੇ ਸਫਰ ਲਈ ਸਿਰਫ ਰੇਲਾਂ ਹੀ ਪਸੰਦੀ ਦਾ ਸਫ਼ਰ ਹਨ ਕਿਉਂਕਿ ਰੇਲ ਗੱਡੀਆਂ ਵਿੱਚ ਸੌਣ ਵਾਲੀ ਦਾ ਵੀ ਪ੍ਰਬੰਧ ਹੁੰਦਾ ਹੈ। ਲੋਕਾਂ ਨੇ ਮੰਗ ਕੀਤੀ ਕਿ ਪਠਾਨਕੋਟ ਅੰਮ੍ਰਿਤਸਰ ਰੇਲਵੇ ਲਾਈਨ ਦਾ ਦੋਹਰੀਕਰਨ ਕੀਤਾ ਜਾਵੇ।

ਲੋਕਾਂ ਦਾ ਕਹਿਣਾ ਹੈ ਕਿ ਲੰਬੇ ਰੂਟ ਦੀਆਂ ਗੱਡੀਆਂ ਇਥੋਂ ਨਾ ਮਿਲਣ ਕਾਰਨ ਅੰਮ੍ਰਿਤਸਰ ਜਾਂ ਫਿਰ ਪਠਾਨਕੋਟ ਜਾਣਾ ਪੈਂਦਾ ਹੈ ਜਿਸ ਨਾਲ ਸਮੇਂ ਦੇ ਨਾਲ-ਨਾਲ ਪੈਸੇ ਦੀ ਵੀ ਬਰਬਾਦ ਹੁੰਦੀ ਹੈ। ਉਨ੍ਹਾਂ ਕਿਹਾ ਖ਼ਾਸ ਕਰਕੇ ਤਿੱਬੜੀ ਛਾਉਣ ਹੋਣ ਕਾਰਨ ਫੌਜੀਆਂ ਨੂੰ ਵੀ ਕਾਫ਼ੀ ਦਿਕਤਾਂ ਪੇਸ਼ ਆਉਂਦੀਆਂ ਹਨ ਕਿਉਂਕਿ ਦੂਰ ਦੁਰਾਡੇ ਲਈ ਰੇਲਵੇ 'ਤੇ ਸਫ਼ਰ ਕਰਨ ਲਈ ਉਹ ਵਾਂਝੇ ਹਨ।

ਪੰਜਾਬ ਕਲਾ ਪ੍ਰੀਸ਼ਦ ਨੂੰ ਵਿੱਤੀ ਸਰੋਤ ਵੀ ਮੁਹੱਈਆ ਕਰਵਾਉਣ ਮੁੱਖ ਮੰਤਰੀ : ਸੰਜੀਵਨ ਸਿੰਘ

ਮੁਹਾਲੀ (ਗੁਰਜੀਤ ਬਿੱਲਾ)-ਮੁੱਖ ਮੰਤਰੀ, ਪੰਜਾਬ ਭਗਵੰਤ ਮਾਨ ਵੱਲੋਂ ਸਾਹਿਤ ਦੀਆਂ ਵੱਖ-ਵੱਖ ਵਿਧਾਵਾਂ ਵਿਚ ਅੱਧੀ ਦਰਜਨ ਤੋਂ ਵੱਧ ਪੁਸਤਕਾਂ ਪਾਠਕਾਂ ਦੀ ਨਜ਼ਰ ਕਰਨ ਵਾਲੇ ਕਲਮਕਾਰ, ਚਿੱਤਰਕਾਰ ਤੇ ਸਮਾਜਿਕ ਕਾਰਕੁਨ ਜਸਵੰਤ ਜ਼ਫ਼ਰ ਨੂੰ ਭਾਸ਼ਾ ਵਿਭਾਗ ਦੇ ਡਾਇਰੈਕਟਰ ਅਤੇ ਪੌਣੀ ਦਰਜਨ ਤੋਂ ਵੱਧ ਕਾਵਿ-ਸੰਗ੍ਰਹਿ ਪੰਜਾਬੀ ਸਾਹਿਤ ਦੀ ਝੋਲੀ ਪਾਉਣ ਵਾਲੇ ਕਵੀ, ਚਿੱਤਰਕਾਰ ਤੇ ਸਾਹਿਤ ਅਕਦਮੀ, ਦਿੱਲੀ ਤੋਂ ਪੁਰਸਕਾਰਤ ਸਵਰਨਜੀਤ ਸਵੀ ਨੂੰ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਨਿਯੁਕਤ ਕਰਨ 'ਤੇ ਦੋਵਾਂ ਸਮਰਪਤ ਤੇ ਸਿਰੜੀ ਸਾਹਿਤਕ ਕਾਮਿਆਂ ਨੂੰ ਮੁਬਾਰਕਬਾਦ ਤੇ ਸ਼ੁੱਭਕਾਮਨਾਵਾਂ ਦਿੰਦਿਆਂ ਨਾਟਕਕਾਰ ਅਤੇ ਇਪਟਾ ਪੰਜਾਬ ਦੇ ਪ੍ਰਧਾਨ ਸੰਜੀਵਨ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਹੋਰਾਂ ਦਾ ਇਹ ਦੂਰਅੰਦੇਸ਼ੀ ਅਤੇ ਸਿਆਣਪ ਵਾਲੇ ਫੈਸਲਿਆ ਵਿੱਚੋਂ ਇਕ ਫੈਸਲਾ ਹੈ।ਉਨ੍ਹਾਂ ਮੁੱਖਮੰਤਰੀ ਪੰਜਾਬ ਅਪੀਲ ਕੀਤੀ ਹੈ ਕਿ ਪੰਜਾਬ ਕਲਾ ਪ੍ਰੀਸ਼ਦ ਨੂੰ ਸਾਹਿਤਕ, ਰੰਗਮੰਚੀ ਤੇ ਸੱਭਿਆਚਰਕ ਗਤੀਵਿਧੀਆਂ ਲਈ ਵਿੱਤੀ ਸਰੋਤ ਵੀ ਮੁਹੱਈਆ ਕਰਵਾਏ ਜਾਣ।ਪੰਜਾਬੀ ਲੇਖਕ ਰਿਪੁਦਮਨ ਸਿੰਘ ਰੂਪ, ਇਪਟਾ ਪੰਜਾਬ ਦੇ ਜਨਰਲ ਸਕੱਤਰ ਇੰਦਰਜੀਤ ਰੂਪੋਵਾਲੀ, ਇਪਟਾ, ਚੰਗੀਗੜ੍ਹ ਦੇ ਪ੍ਰਧਾਨ ਬਲਕਾਰ ਸਿੱਧੂ ਅਤੇ ਇਪਟਾ ਕਾਰਕੁਨ ਗੁਰਦਿਆਲ ਨਿਰਮਾਣ, ਦਲਬਾਰ ਸਿੰਘ ਚੱਠੇ ਸੇਖਵਾਂ, ਹਰਜੀਤ ਕੈਂਥ, ਡਾ. ਕੁਲਦੀਪ ਸਿੰਘ ਦੀਪ, ਅਮਨ ਭੋਗਲ, ਰਾਬਿੰਦਰ ਸਿੰਘ ਰੱਬੀ, ਡਾ. ਸੁਰੇਸ਼ ਮਹਿਤਾ, ਗੁਰਵਿੰਦਰ ਸਿੰਘ, ਗੁਰਮੀਤ ਪਾਹੜਾ, ਬਲਬੀਰ ਮੂਦਲ, ਗਮਨੂ ਬਾਂਸਲ, ਪ੍ਰਦੀਪ ਸ਼ਰਮਾ, ਡਾ.ਹਰਭਜਨ ਸਿੰਘ, ਅਸ਼ੋਕ ਪੁਰੀ ਅਤੇ ਸਰਘੀ ਪਰਵਾਰ ਦੇ ਰੰਗਕਰਮੀ ਅਤੇ ਫਿਲਮ ਅਦਾਕਾਰ ਰੰਜੀਵਨ ਸਿੰਘ, ਕੁੱਕੂ ਦੀਵਾਨ, ਸੈਵੀ ਸਤਵਿੰਦਰ, ਮਨੀ ਸਭਰਵਾਲ, ਨਰਿੰਦਰ ਨਸਰੀਨ, ਲਖਵਿੰਦਰ ਸਿੰਘ ਅਤੇ ਰਿੱਤੂਰਾਗ ਨੇ ਜਸਵੰਤ ਜ਼ਫ਼ਰ ਤੇ ਸਵਰਨਜੀਤ ਸਵੀ ਹੋਰਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦੇ ਕਿਹਾ ਕਿ ਭਾਸ਼ਾ ਵਿਭਾਗ ਦੇ ਨਿਰਦੇਸ਼ਕ ਅਤੇ ਪੰਜਾਬ ਕਲਾ ਪ੍ਰੀਸ਼ਦ ਦੇ ਅਹੁਦੇ ਲਈ ਦੋਵੇਂ ਹੀ ਭਗਵੰਤ ਮਾਨ ਦੀ ਬੇਹਤਰੀਨ ਤੇ ਢੁਕਵੀਂ ਚੋਣ ਹਨ।

ਅੱਖਾਂ ਦੀ ਓ ਪੀ ਡੀ ਦਾ ਉਦਘਾਟਨ

ਖਰੜ-ਮੰਗਲਵਾਰ ਸਰਬ ਹਿਊਮਨਿਟੀ ਸਰਬ ਗੱਡ ਚੈਰੀਟੇਬਲ ਟਰੱਸਟ ਖਰੜ ਦੁਆਰਾ ਚਲਾਏ ਜਾ ਰਹੇ ਹਸਪਤਾਲ ਪਿੰਡ ਮਦਨਹੇੜੀ ਵਿਖੇ ਰੋਟਰੀ ਕਲੱਬ ਸਿਲਵਰ ਸਿਟੀ ਜ਼ਿਲ੍ਹਾ ਗਵਰਨਰ ਅਰੁਣ ਮੌਗੀਆ ਅਤੇ ਸਰਬ ਮਰਵਾਹਾ ਪ੍ਰਧਾਨ ਰੋਟਰੀ ਕਲੱਬ ਜ਼ਿਲਾ ਮੋਹਾਲੀ ਦੇ ਸਹਿਯੋਗ ਸਦਕਾ ਅੱਖਾਂ ਦੀ ਓ ਪੀ ਡੀ ਦਾ ਉਦਘਾਟਨ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਸਵਰਨਜੀਤ ਸਿੰਘ ਨੇ ਦੱਸਿਆ ਕਿ ਜਿਹੜੇ ਮਰੀਜ਼ ਅੱਖਾਂ ਦੀਆਂ ਬਿਮਾਰੀਆਂ ਤੋਂ ਪੀੜਤ ਹੋਣਗੇ ਉਨ੍ਹਾਂ ਨੂੰ ਇਸ ਓ ਪੀ ਡੀ 'ਚ ਹਰੇਕ ਹਫਤੇ ਦੇ ਐਤਵਾਰ ਦੌਰਾਨ ਚੈੱਕਅਪ ਕਰਕੇ ਫ੍ਰੀ ਦਵਾਈਆਂ ਦਿੱਤੀਆਂ ਜਾਣਗੀਆਂ ਅਤੇ ਜ਼ਰੂਰਤ ਪੈਣ 'ਤੇ ਮਰੀਜ਼ਾਂ ਦੇ ਅੱਖਾਂ ਦੇ ਆਪਰੇਸ਼ਨ ਵੀ ਕੀਤੇ ਜਾਣਗੇ। ਉਨਾਂ ਨੇ ਦੱਸਿਆ ਕਿ ਇਸ ਸੈਂਟਰ ਦੇ ਵਿੱਚ ਰੀੜ੍ਹ ਦੀ ਹੱਡੀ ਤੋਂ ਪ੍ਰੇਸ਼ਾਨ ਸਪਾਇਨਲ ਕੋਡ ਇੰਜਰੀ ਦੇ ਮਰੀਜ਼ਾਂ ਦਾ ਫ੍ਰੀ ਇਲਾਜ ਕੀਤਾ ਜਾ ਰਿਹਾ ਹੈ।ਪ੍ਰੋਗਰਾਮ ਦੌਰਾਨ ਸਟੇਜ ਦਾ ਸੰਚਾਲਨ ਕਲੱਬ ਦੇ ਮੈਂਬਰ ਰਜਨੀਸ਼ ਕੁਮਾਰ ਨੇ ਨਿਭਾਇਆ। ਇਸ ਸਮੇਂ ਅਰੁਣ ਮੌਗੀਆ ਜ਼ਿਲਾ ਗਵਰਨਰ, ਸਰਬ ਮਰਵਾਹਾ ਪ੍ਰਧਾਨ ਰੋਟਰੀ ਕਲੱਬ, ਬ੍ਰਗੇਡੀਅਰ ਹਰਕਿਸ਼ਨ ਸਿੰਘ ਬਰਾੜ, ਚੇਅਰਮੈਨ ਸਵਰਨਜੀਤ ਸਿੰਘ, ਡਾ. ਜਗਦੀਪ ਸਿੰਘ, ਮੋਹਿਤ ਸਿੰਗਲਾ ਸਹਾਇਕ ਗਵਰਨਰ, ਡਾ. ਅਸ਼ਵਨੀ ਕੰਸਲ, ਰਕੇਸ਼ ਕੁਮਾਰ ਸੀਨੀਅਰ ਮੈਂਬਰ, ਰਮਨ ਸਿੰਗਲਾ, ਮੈਡਮ ਮਨਜੀਤ ਕੌਰ, ਅਮਿਤਪਾਲ ਸਿੰਘ, ਗੁਰੂਮੇਹਰ ਸਿੰਘ, ਵਿਸ਼ਾਲ ਸ਼ੰਕਰ, ਪਲਵੀ, ਨਰਸ ਰਮਨਦੀਪ ਕੌਰ, ਨਰਸ ਰਜਨੀ, ਰਣਜੀਤ ਸਿੰਘ, ਮਨੀਸ਼ ਕੁਮਾਰ, ਡਾ. ਹਰਸਿਮਰਨ ਸਿੰਘ, ਸਰਪੰਚ ਜਸਵਿੰਦਰ ਸਿੰਘ, ਮਾਸਟਰ ਹਰਿੰਦਰ ਸਿੰਘ ਆਦਿ ਹਾਜ਼ਰ ਸਨ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ ਸਵੈ-ਰੋਜ਼ਗਾਰ ਤੇ ਪਲੇਸਮੈਂਟ ਕੈਂਪ ਭਲਕੇ

26-June-PAGE-4.qxd 6/25/2024 10:53 PM Page 1

ਨਵਾਂ ਜ਼ਮਾਨਾ
ਬੁੱਧਵਾਰ, 26 ਜੂਨ 2024

ਜ਼ਿਮਨੀ ਚੋਣਾਂ ਦੀ ਮਹੱਤਤਾ

ਹਾਲਾਂਕਿ 10 ਜੁਲਾਈ ਨੂੰ ਹੋ ਰਹੀਆਂ 13 ਅਸੰਬਲੀ ਸੀਟਾਂ ਦੀਆਂ ਜ਼ਿਮਨੀ ਚੋਣਾਂ ਨਾਲ ਸੰਬੰਧਤ ਰਾਜਾਂ ਦੀਆਂ ਸਰਕਾਰਾਂ ਹਿੱਲਣ ਨਹੀਂ ਲੱਗੀਆਂ, ਪਰ ਇਨ੍ਹਾਂ ਚੋਣਾਂ ਵਿਚ ਭਾਜਪਾ ਦੀ ਅਗਵਾਈ ਵਾਲੇ ਐੱਨ ਡੀ ਏ ਨੂੰ ਇਹ ਦਿਖਾਉਣਾ ਹੋਵੇਗਾ ਕਿ ਲੋਕ ਸਭਾ ਚੋਣਾਂ 'ਚ ਮਿਲੀ ਨਾਕਾਮੀ ਵਕਤੀ ਸੀ ਅਤੇ ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੂੰ ਇਹ ਸਾਬਤ ਕਰਨਾ ਹੋਵੇਗਾ ਕਿ ਅਸਲ ਫਤਵੇ ਦਾ ਅਧਿਕਾਰੀ ਉਹੀ ਹੈ। ਲੋਕ ਸਭਾ ਚੋਣਾਂ ਦੇ ਨਤੀਜਿਆਂ ਵਿਚ ਭਾਜਪਾ ਸਪੱਸ਼ਟ ਬਹੁਮਤ ਹਾਸਲ ਕਰਨ 'ਚ ਨਾਕਾਮ ਰਹੀ, ਜਦਕਿ ਕਾਂਗਰਸ ਨੇ ਆਪਣੀਆਂ ਸੀਟਾਂ ਦੀ ਗਿਣਤੀ ਤੇ ਤਾਕਤ ਵਿਚ ਵਰਨਣਯੋਗ ਸੁਧਾਰ ਕੀਤਾ। ਜਿਨ੍ਹਾਂ 13 ਸੀਟਾਂ ਲਈ ਜ਼ਿਮਨੀ ਚੋਣਾਂ ਹੋਣੀਆਂ ਹਨ, ਉਹ ਵੱਖ-ਵੱਖ ਪਾਰਟੀਆਂ ਦੇ ਵਿਧਾਇਕਾਂ ਦੀ ਮੌਤ ਜਾਂ ਅਸਤੀਫੇ ਕਾਰਨ ਖਾਲੀ ਹੋਈਆਂ ਹਨ। ਇਨ੍ਹਾਂ ਸੀਟਾਂ ਵਿਚ ਬਿਹਾਰ ਦੀ ਰੁਪੌਲੀ, ਪੱਛਮੀ ਬੰਗਾਲ ਦੀਆਂ ਰਾਇਗੰਜ, ਰਾਣਾ ਘਾਟ ਦੱਖਣੀ, ਬਾਗਦਾ ਤੇ ਮਾਣਿਕਤੱਲਾ, ਤਾਮਿਲਨਾਡੂ ਦੀ ਵਿਕਰਵੰਡੀ, ਮੱਧ ਪ੍ਰਦੇਸ਼ ਦੀ ਅਮਰਵਾੜਾ, ਉੱਤਰਾਖੰਡ ਦੀਆਂ ਬਦਰੀਨਾਥ ਤੇ ਮੰਗਲੌਰ, ਪੰਜਾਬ ਦੀ ਜਲੰਧਰ ਪੱਛਮੀ ਅਤੇ ਹਿਮਾਚਲ ਦੀਆਂ ਦੇਹਰਾ, ਹਮੀਰਪੁਰ ਤੇ ਨਾਲਾਗੜ੍ਹ ਸੀਟਾਂ ਸ਼ਾਮਲ ਹਨ। ਬੰਗਾਲ ਦੀਆਂ ਜਿਨ੍ਹਾਂ ਚਾਰ ਸੀਟਾਂ ਦੀ ਜ਼ਿਮਨੀ ਚੋਣ ਹੋ ਰਹੀ ਹੈ, ਉਨ੍ਹਾਂ ਵਿੱਚੋਂ ਤਿੰਨ 2021 ਦੀਆਂ ਅਸੰਬਲੀ ਚੋਣਾਂ 'ਚ ਭਾਜਪਾ ਨੇ ਜਿੱਤੀਆਂ ਸਨ। ਹੁਕਮਰਾਨ ਤ੍ਰਿਣਮੂਲ ਕਾਂਗਰਸ ਇਕ ਸੀਟ ਜਿੱਤ ਸਕੀ ਸੀ। ਮਾਣਿਕਤੱਲਾ ਸੀਟ ਤ੍ਰਿਣਮੂਲ ਕਾਂਗਰਸ ਦੇ ਸਾਧਨ ਪਾਂਡੇ ਦੀ ਮੌਤ ਕਾਰਨ ਖਾਲੀ ਹੋਈ ਹੈ। ਪਾਰਟੀ ਨੇ ਉਨ੍ਹਾ ਦੀ ਪਤਨੀ ਸੁਪਤੀ ਪਾਂਡੇ ਨੂੰ ਉਮੀਦਵਾਰ ਬਣਾਇਆ ਹੈ। ਭਾਜਪਾ ਨੇ ਆਲ ਇੰਡੀਆ ਫੁੱਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਕਲਿਆਣ ਚੌਬੇ ਨੂੰ ਮੈਦਾਨ ਵਿਚ ਉਤਾਰਿਆ ਹੈ। ਚੌਬੇ 2021 ਦੀਆਂ ਅਸੰਬਲੀ ਚੋਣਾਂ ਵਿਚ ਇਸ ਸੀਟ ਤੋਂ ਹਾਰ ਗਏ ਸਨ। 2021 ਦੀਆਂ ਅਸੰਬਲੀ ਚੋਣਾਂ ਵਿਚ ਰਾਇਗੰਜ ਸੀਟ ਭਾਜਪਾ ਦੇ ਕ੍ਰਿਸ਼ਨ ਕਲਿਆਣੀ ਨੇ ਕੁਲ ਵੋਟਾਂ ਵਿੱਚੋਂ 49.44 ਫੀਸਦੀ ਵੋਟਾਂ ਹਾਸਲ ਕਰਕੇ ਜਿੱਤੀ ਸੀ। ਹਾਲ ਹੀ ਦੀਆਂ ਲੋਕ ਸਭਾ ਚੋਣਾਂ 'ਚ ਉਹ ਰਾਇਗੰਜ ਲੋਕ ਸਭਾ ਸੀਟ ਤ੍ਰਿਣਮੂਲ ਕਾਂਗਰਸ ਵੱਲੋਂ ਲੜੇ, ਪਰ ਹਾਰ ਗਏ। ਤ੍ਰਿਣਮੂਲ ਕਾਂਗਰਸ ਹੁਣ ਉਨ੍ਹਾ ਨੂੰ ਅਸੰਬਲੀ ਦੀ ਜ਼ਿਮਨੀ ਚੋਣ ਲੜਾ ਰਹੀ ਹੈ। ਭਾਜਪਾ ਨੇ ਮਾਨਸ ਕੁਮਾਰ ਘੋਸ਼ ਨੂੰ ਉਤਾਰਿਆ ਹੈ। ਬਾਗਦਾ ਸੀਟ 2021 ਵਿਚ ਭਾਜਪਾ ਦੇ ਵਿਸ਼ਵਜੀਤ ਦਾਸ ਨੇ 49.41 ਫੀਸਦੀ ਵੋਟਾਂ ਨਾਲ ਜਿੱਤੀ ਸੀ। ਲੋਕ ਸਭਾ ਚੋਣਾਂ ਵੇਲੇ ਉਹ ਤ੍ਰਿਣਮੂਲ ਕਾਂਗਰਸ ਵਿਚ ਆ ਕੇ ਬਨਗਾਂਵ (ਰਿਜ਼ਰਵ) ਤੋਂ ਲੜੇ, ਪਰ ਹਾਰ ਗਏ। ਤ੍ਰਿਣਮੂਲ ਕਾਂਗਰਸ ਨੇ ਬਾਗਦਾ ਤੋਂ ਮਧੂਪਰਣਾ ਠਾਕੁਰ ਨੂੰ ਉਤਾਰਿਆ ਹੈ। ਭਾਜਪਾ ਨੇ ਸਥਾਨਕ ਆਗੂ ਵਿਨੈ ਕੁਮਾਰ ਉਤਾਰਿਆ ਹੈ। ਰਾਣਾ ਘਾਟ ਦੱਖਣੀ ਵਿਚ 2021 ਵਿਚ ਭਾਜਪਾ ਦੇ ਮੁਕੁਟ ਮਣੀ ਅਧਿਕਾਰੀ 49.34 ਫੀਸਦੀ ਵੋਟਾਂ ਲੈ ਕੇ ਜਿੱਤੇ ਸਨ। ਉਹ ਲੋਕ ਸਭਾ ਚੋਣਾਂ ਦੌਰਾਨ ਤ੍ਰਿਣਮੂਲ ਕਾਂਗਰਸ ਵਿਚ ਚਲੇ ਗਏ, ਪਰ ਹਾਰ ਗਏ। ਤ੍ਰਿਣਮੂਲ ਨੇ ਉਨ੍ਹਾ ਨੂੰ ਜ਼ਿਮਨੀ ਚੋਣ 'ਚ ਫਿਰ ਉਤਾਰਿਆ ਹੈ। ਭਾਜਪਾ ਦੇ ਉਮੀਦਵਾਰ ਮਨੋਜ ਕੁਮਾਰ ਬਿਸਵਾਸ ਹਨ।

ਹਿਮਾਚਲ ਦੀਆਂ ਤਿੰਨੇ ਸੀਟਾਂ ਆਜ਼ਾਦਾਂ ਦੇ ਅਸਤੀਫੇ ਦੇ ਕੇ ਭਾਜਪਾ ਵਿਚ ਜਾਣ ਕਾਰਨ ਖਾਲੀ ਹੋਈਆਂ ਸਨ ਤੇ ਇਹ ਤਿੰਨੇ ਆਜ਼ਾਦ ਹੁਣ ਭਾਜਪਾ ਦੇ ਉਮੀਦਵਾਰ ਹਨ। ਦੇਹਰਾ ਸੀਟ 'ਤੇ ਭਾਜਪਾ ਦੇ ਹੁਸ਼ਿਆਰ ਸਿੰਘ ਚੰਬਿਆਲ ਦੇ ਮੁਕਾਬਲੇ ਕਾਂਗਰਸ ਨੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਪਤਨੀ ਕਮਲੇਸ਼ ਠਾਕੁਰ, ਹਮੀਰਪੁਰ ਵਿਚ ਭਾਜਪਾ ਦੇ ਆਸ਼ੀਸ਼ ਸ਼ਰਮਾ ਦੇ ਮੁਕਾਬਲੇ ਪੁਸ਼ਪਿੰਦਰ ਵਰਮਾ ਤੇ ਨਾਲਾਗੜ੍ਹ ਤੋਂ ਭਾਜਪਾ ਦੇ ਕੇ ਐੱਲ ਠਾਕੁਰ ਦੇ ਮੁਕਾਬਲੇ ਹਰਦੀਪ ਸਿੰਘ ਬਾਵਾ ਨੂੰ ਉਤਾਰਿਆ ਹੈ। ਉੱਤਰਾਖੰਡ ਦੀ ਬਦਰੀਨਾਥ ਸੀਟ ਕਾਂਗਰਸ ਵਿਧਾਇਕ ਰਜਿੰਦਰ ਭੰਡਾਰੀ ਦੇ ਮਾਰਚ ਵਿਚ ਭਾਜਪਾ 'ਚ ਚਲੇ ਜਾਣ ਅਤੇ ਮੰਗਲੌਰ ਸੀਟ ਬਸਪਾ ਵਿਧਾਇਕ ਸਰਵਤ ਕਰੀਮ ਅਨਸਾਰੀ ਦੀ ਮੌਤ ਕਾਰਨ ਖਾਲੀ ਹੋਈ ਸੀ। ਭਾਜਪਾ ਨੇ ਬਦਰੀਨਾਥ ਤੋਂ ਭੰਡਾਰੀ ਤੇ ਮੰਗਲੌਰ ਤੋਂ ਕਰਤਾਰ ਸਿੰਘ ਭੜਾਨਾ ਨੂੰ ਉਮੀਦਵਾਰ ਬਣਾਇਆ ਹੈ। ਕਾਂਗਰਸ ਨੇ ਬਦਰੀਨਾਥ ਤੋਂ ਲਖਪਤ ਬੁਟੋਲਾ ਤੇ ਮੰਗਲੌਰ ਤੋਂ ਕਾਜ਼ੀ ਨਿਜ਼ਾਮੁਦੀਨ ਨੂੰ ਉਤਾਰਿਆ ਹੈ। ਤਾਮਿਲਨਾਡੂ ਦੀ ਵਿਕਰਵੰਡੀ ਸੀਟ ਡੀ ਐੱਮ ਕੇ ਵਿਧਾਇਕ ਐੱਨ ਪੁਘਾਜੇਂਥੀ ਦੇ ਦੇਹਾਂਤ ਨਾਲ ਖਾਲੀ ਹੋਈ ਹੈ। ਇੱਥੇ ਡੀ ਐੱਮ ਕੇ ਨੇ ਅਨੀਯੂਰ ਸ਼ਿਵਾ ਨੂੰ ਉਤਾਰਿਆ ਹੈ। ਮੁੱਖ ਵਿਰੋਧੀ ਅੰਨਾ ਡੀ ਐੱਮ ਕੇ ਇਹ ਸੀਟ ਨਹੀਂ ਲੜ ਰਹੀ। ਐੱਨ ਡੀ ਏ ਵਿਚ ਸ਼ਾਮਲ ਪੀ ਐੱਮ ਕੇ ਨੇ ਉਮੀਦਵਾਰ ਉਤਾਰਿਆ ਹੈ।

ਜਲੰਧਰ ਪੱਛਮੀ ਸੀਟ ਲਈ ਖੜ੍ਹੇ ਉਮੀਦਵਾਰਾਂ ਦੀ ਸਥਿਤੀ ਦਿਲਚਸਪ ਹੈ। ਅਸੰਬਲੀ ਚੋਣਾਂ ਵਿਚ ਭਾਜਪਾ ਤੋਂ ਆਮ ਆਦਮੀ ਪਾਰਟੀ ਵਿਚ ਆਉਣ ਵਾਲੇ ਸ਼ੀਤਲ ਅੰਗੂਰਾਲ ਨੇ ਜਿੱਤ ਹਾਸਲ ਕੀਤੀ ਸੀ। ਜਲੰਧਰ ਤੋਂ ਲੋਕ ਸਭਾ 'ਚ ਕਾਂਗਰਸ ਮੈਂਬਰ ਸੰਤੋਖ ਸਿੰਘ ਚੌਧਰੀ ਦੀ ਮੌਤ ਤੋਂ ਬਾਅਦ ਸੁਸ਼ੀਲ ਕੁਮਾਰ ਰਿੰਕੂ ਨੇ ਕਾਂਗਰਸ ਤੋਂ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਕੇ ਲੋਕ ਸਭਾ ਦੀ ਜ਼ਿਮਨੀ ਸੀਟ ਜਿੱਤ ਲਈ ਸੀ। ਲੋਕ ਸਭਾ ਚੋਣਾਂ ਤੋਂ ਪਹਿਲਾਂ ਰਿੰਕੂ ਭਾਜਪਾ ਵਿਚ ਸ਼ਾਮਲ ਹੋ ਕੇ ਲੜੇ, ਪਰ ਕਾਂਗਰਸ ਦੇ ਚਰਨਜੀਤ ਸਿੰਘ ਚੰਨੀ ਤੋਂ ਹਾਰ ਗਏ। ਅੰਗੂਰਾਲ ਇਨ੍ਹਾਂ ਚੋਣਾਂ ਤੋਂ ਪਹਿਲਾਂ ਭਾਜਪਾ ਵਿਚ ਚਲੇ ਗਏ। ਇਸ ਤੋਂ ਪਹਿਲਾਂ ਉਨ੍ਹਾ ਅਸੰਬਲੀ ਤੋਂ ਅਸਤੀਫਾ ਦੇ ਦਿੱਤਾ ਸੀ। ਸਪੀਕਰ ਵੱਲੋਂ ਅਸਤੀਫਾ ਮਨਜ਼ੂਰ ਕਰ ਲੈਣ ਤੋਂ ਬਾਅਦ ਜਲੰਧਰ ਪੱਛਮੀ ਸੀਟ ਖਾਲੀ ਹੋ ਗਈ। ਹੁਣ ਅੰਗੂਰਾਲ ਭਾਜਪਾ ਦੇ ਉਮੀਦਵਾਰ ਹਨ, ਜਦਕਿ ਕਾਂਗਰਸ ਨੇ ਸੁਰਿੰਦਰ ਕੌਰ ਨੂੰ ਖੜ੍ਹਾ ਕੀਤਾ ਹੈ। ਆਮ ਆਦਮੀ ਪਾਰਟੀ ਨੇ ਮਹਿੰਦਰ ਭਗਤ ਨੂੰ ਉਤਾਰਿਆ ਹੈ, ਜਿਨ੍ਹਾ ਦੇ ਪਿਤਾ ਚੁਨੀ ਲਾਲ ਭਗਤ ਬਾਦਲ ਸਰਕਾਰ ਵਿਚ ਮੰਤਰੀ ਰਹਿ ਚੁੱਕੇ ਹਨ। ਭਾਜਪਾ ਚਾਹੇਗੀ ਕਿ ਉਹ ਸੀਟ 'ਤੇ ਮੁੜ ਕਾਬਜ਼ ਹੋ ਜਾਵੇ ਜਾਂ ਚੰਨੀ ਵੱਲੋਂ ਇਸ ਹਲਕੇ ਵਿਚ ਲਈ ਲੀਡ ਨੂੰ ਘਟਾ ਦੇਵੇ, ਕਾਂਗਰਸ ਆਪਣੀ ਚੜ੍ਹਤ ਕਾਇਮ ਰੱਖਣੀ ਚਾਹੇਗੀ, ਜਦਕਿ ਆਮ ਆਦਮੀ ਪਾਰਟੀ ਆਪਣੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਮੋਹਰ ਲੁਆਉਣਾ ਚਾਹੇਗੀ।

ਸਿੱਖਿਆ ਢਾਂਚੇ ਦਾ ਸੰਘੀਕਰਨ ਸਭ ਬਿਮਾਰੀਆਂ ਦੀ ਜੜ੍ਹ

ਪਿਛਲੇ ਕੁਝ ਦਿਨਾਂ ਤੋਂ ਰਾਸ਼ਟਰੀ ਪੱਧਰ 'ਤੇ ਕੁਝ ਮਹੱਤਵਪੂਰਨ ਪ੍ਰੀਖਿਆਵਾਂ ਵਿੱਚ ਧਾਂਦਲੀ ਅਤੇ ਪ੍ਰਸ਼ਨ ਪੱਤਰਾਂ ਦੇ ਲੀਕ ਹੋਣ ਦੇ ਮਾਮਲੇ 'ਚ ਜਿਸ ਕਿਸਮ ਦਾ ਰੋਸ ਲੋਕਾਂ ਵਿੱਚ ਵੇਖਣ ਨੂੰ ਮਿਲ ਰਿਹਾ ਹੈ, ਉਹ ਕੁਦਰਤੀ ਹੈ।

ਇਹੋ ਜਿਹੇ ਹਰ ਵਿਵਾਦ ਤੋਂ ਬਾਅਦ ਸਰਕਾਰ ਦਾ ਇਹੋ ਬਿਆਨ ਅਤੇ ਭਰੋਸਾ ਸਾਹਮਣੇ ਆਉਂਦਾ ਹੈ ਕਿ ਉਹ ਮਾਮਲੇ ਦੀ ਜਾਂਚ ਕਰੇਗੀ ਅਤੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਵੇਗੀ, ਪਰ ਸਾਲਾਂ ਤੋਂ ਇਹ ਸਮੱਸਿਆ ਲਗਾਤਾਰ ਕਾਇਮ ਹੈ।

ਸਮੇਂ-ਸਮੇਂ 'ਤੇ ਦੇਸ਼ ਵਿੱਚ ਹੋ ਰਹੇ ਸਕੈਂਡਲ, ਫਰਾਡ, ਭ੍ਰਿਸ਼ਟਾਚਾਰੀ ਕਾਰਵਾਈਆਂ ਕਾਰਨ ਵਿਸ਼ਵ ਵਿੱਚ ਦੇਸ਼ ਦਾ ਨਾਂਅ ਬਦਨਾਮ ਹੁੰਦਾ ਹੈ। ਹਾਲਾਂਕਿ ਚੋਣ ਬਾਂਡ ਮਾਮਲੇ ਸੰਬੰਧੀ ਵੱਡੇ ਸਕੈਂਡਲ ਦੀ ਸਿਆਹੀ ਸੁੱਕੀ ਨਹੀਂ ਸੀ ਕਿ ਚੋਣਾਂ ਦੇ ਨਤੀਜਿਆਂ ਤੋਂ ਪਹਿਲਾਂ ਸ਼ਿਅਰ ਮਾਰਕੀਟ ਸੰਬੰਧੀ ਇੱਕ ਹੋਰ ਵੱਡਾ ਵਿਵਾਦ ਸਾਹਮਣੇ ਆਇਆ, ਜਿਸ ਵਿੱਚ ਮੱਧ ਵਰਗੀ ਲੋਕਾਂ ਦੀ ਕਿਰਤ ਕਮਾਈ ਦੇ ਕਰੋੜਾਂ ਰੁਪਏ ਰੁੜ੍ਹ ਗਏ।

ਐੱਨ ਡੀ ਏ ਸਰਕਾਰ ਦੇ ਗਠਨ ਦੇ ਤੁਰੰਤ ਬਾਅਦ ਨੀਟ ਵਿਵਾਦ ਚਰਚਾ 'ਚ ਆਇਆ ਹੈ। ਬਿਹਾਰ ਪੁਲਸ ਦੀ ਆਰਥਕ ਅਪਰਾਧ ਇਕਾਈ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਚਾਰ ਉਮੀਦਵਾਰਾਂ ਨੇ ਪੁਲਸ ਨੂੰ ਬਿਆਨ ਦਿੱਤੇ ਹਨ ਕਿ ਉਨ੍ਹਾ 32-32 ਲੱਖ ਰੁਪਏ ਪ੍ਰਤੀ ਵਿਦਿਆਰਥੀ ਲਏ ਹਨ ਅਤੇ ਉਨ੍ਹਾਂ ਵਿਦਿਆਰਥੀਆਂ ਨੇ ਇਸ ਪ੍ਰੀਖਿਆ 'ਚ ਸੌ ਫ਼ੀਸਦੀ ਅੰਕ ਪ੍ਰਾਪਤ ਕੀਤੇ ਸਨ ਅਤੇ ਐੱਮ ਬੀ ਬੀ ਐੱਸ ਲਈ ਕਿਸੇ ਵੀ ਵੱਡੇ ਮੈਡੀਕਲ ਕਾਲਜ 'ਚ ਉਨ੍ਹਾਂ ਦੀ ਸੀਟ ਪੱਕੀ ਸੀ। ਇਸ ਨੀਟ ਪ੍ਰੀਖਿਆ 'ਚ 24 ਲੱਖ ਨੌਜਵਾਨਾਂ ਨੇ ਪ੍ਰੀਖਿਆ ਦਿੱਤੀ ਸੀ।

ਅਸਲ ਵਿੱਚ ਇਸ ਪ੍ਰੀਖਿਆ ਨੇ ਦੇਸ਼ ਦੀ ਸਮੁੱਚੀ ਸਿੱਖਿਆ ਪ੍ਰਣਾਲੀ ਉਤੇ ਵੱਡੇ ਸਵਾਲ ਖੜੇ ਕੀਤੇ ਹਨ। ਇਥੇ ਦੱਸਣਾ ਬਣਦਾ ਹੈ ਕਿ ਕੇਂਦਰੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਨੇ ਕਬੂਲਿਆ ਹੈ ਕਿ ਇਸ ਪ੍ਰੀਖਿਆ ਦਾ ਪੇਪਰ ਲੀਕ ਹੋਇਆ ਹੈ। ਉਨ੍ਹਾ ਕੌਮੀ ਟੈਸਟਿੰਗ ਏਜੇਂਸੀ (ਐੱਨ ਟੀ ਏ) ਦੇ ਕੰਮ-ਕਾਰ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਬਣਾਉਣ ਦਾ ਐਲਾਨ ਕੀਤਾ ਹੈ। ਦੇਸ਼ ਦੀ ਸੁਪਰੀਮ ਕੋਰਟ ਵੱਲੋਂ ਵੀ ਐਨ ਟੀ ਏ ਦੀ ਜਵਾਬ-ਤਲਬੀ ਕੀਤੀ ਗਈ ਹੈ ਅਤੇ ਕੇਂਦਰ ਸਰਕਾਰ ਨੂੰ ਵੀ ਇਸ ਸਬੰਧੀ ਕਟਹਿਰੇ 'ਚ ਖੜਾ ਕੀਤਾ ਗਿਆ ਹੈ। ਵਿਰੋਧੀ ਧਿਰਾਂ ਨੇ ਤਾਂ ਇਨ੍ਹਾਂ ਕਥਿਤ ਬੇਨਿਯਮੀਆਂ ਸੰਬੰਧੀ ਜ਼ੋਰਦਾਰ ਹੱਲਾ ਕੇਂਦਰ ਉਤੇ ਬੋਲਿਆ ਹੈ। ਕਾਂਗਰਸ ਆਗੂ ਨੇ ਤਾਂ ਇੱਕ ਕਦਮ ਹੋਰ ਅੱਗੇ ਜਾਂਦਿਆਂ ਕਿਹਾ ਕਿ ਭਾਜਪਾ ਤੇ ਆਰ ਐੱਸ ਐੱਸ ਦਾ ਜਦੋਂ ਤੱਕ ਸਿੱਖਿਆ ਸੰਸਥਾਵਾਂ ਉਤੇ ਕਬਜ਼ਾ ਹੈ, ਉਦੋਂ ਤੱਕ ਪੇਪਰ ਲੀਕ ਹੋਣ ਦਾ ਅਮਲ ਜਾਰੀ ਰਹੇਗਾ।

ਗੁਰਮੀਤ ਸਿੰਘ ਪਲਾਹੀ

ਬਿਨਾਂ ਸ਼ੱਕ ਇਹ ਵੱਡੀ ਸੱਚਾਈ ਹੈ ਕਿ ਭਾਜਪਾ ਸਰਕਾਰ ਸਿੱਖਿਆ ਸੰਸਥਾਵਾਂ ਉਤੇ ਆਪਣੇ ਕਰਿੰਦਿਆਂ ਰਾਹੀਂ, ਆਰ. ਐੱਸ. ਐੱਸ. ਦੀ ਹਿੰਦੂ ਰਾਸ਼ਟਰ ਸੋਚ ਨੂੰ ਸਿੱਖਿਆ ਸੰਸਥਾਵਾਂ ਰਾਹੀਂ ਦੇਸ਼ 'ਚ ਲਾਗੂ ਕਰਨ ਦੇ ਅਮਲ ਨੂੰ ਅੱਗੇ ਵਧਾ ਰਹੀ ਹੈ। ਦੇਸ਼ ਦੇ ਸਭਿਆਚਾਰਕ ਤਾਣੇ-ਬਾਣੇ ਨੂੰ ਨਸ਼ਟ ਕਰਨ ਲਈ ਪੂਰਾ ਟਿੱਲ ਲਾ ਰਹੀ ਹੈ। ਦੇਸ਼ ਦੇ ਇਤਿਹਾਸ ਨੂੰ ਬਦਲ ਰਹੀ ਹੈ। ਪਿਛਲੇ ਦਿਨੀ 'ਬਾਬਰੀ ਮਸਜਿਦ' ਦਾ ਘਟਨਾਕਰਮ ਇਥੋਂ ਤੱਕ ਕਿ ਨਾਂਅ ਵੀ ਇਤਿਹਾਸ ਦੀਆਂ ਪਾਠ ਪੁਸਤਕਾਂ ਵਿਚੋਂ ਗਾਇਬ ਕਰ ਦਿੱਤਾ ਗਿਆ।

ਇਥੇ ਬੁਨਿਆਦੀ ਸੁਆਲ ਇਹ ਹੈ ਕਿ ਦੇਸ਼ ਦੇ ਭਵਿੱਖ ਨਾਲ ਐਡਾ ਵੱਡਾ ਖਿਲਵਾੜ ਹੋਇਆ ਹੋਵੇ ਤੇ ਦੇਸ਼ ਦਾ ਪ੍ਰਧਾਨ ਮੰਤਰੀ ਚੁੱਪੀ ਵੱਟ ਕੇ ਬੈਠਾ ਰਹੇ, ਉਵੇਂ ਹੀ ਜਿਵੇਂ ਉਹ ਮਨੀਪੁਰ ਦੀਆਂ ਘਟਨਾਵਾਂ ਸਬੰਧੀ ਜਿਥੇ ਔਰਤਾਂ ਨਾਲ ਸਰੇਆਮ ਬਲਾਤਕਾਰ ਹੋਏ, ਉਨ੍ਹਾਂ ਨੂੰ ਸੜਕਾਂ 'ਤੇ ਨੰਗਿਆਂ ਕਰਕੇ ਘੁਮਾਇਆ ਗਿਆ ਸੀ, ਪਰ ਪ੍ਰਧਾਨ ਮੰਤਰੀ ਨੇ ਇੱਕ ਸ਼ਬਦ ਵੀ ਇਸ ਸੰਬੰਧੀ ਨਹੀਂ ਸੀ ਬੋਲਿਆ।

ਪ੍ਰਧਾਨ ਮੰਤਰੀ, ਦੇਸ਼ ਦੇ ਲੋਕਾਂ ਕੋਲ ਹਰ ਮਹੀਨੇ 'ਮਨ ਕੀ ਬਾਤ' ਕਰਦੇ ਹਨ, ਇਸ ਮਹੀਨੇ ਵੀ ਆਖ਼ਰੀ ਤਾਰੀਖ ਨੂੰ ਮੁੜ ਇਹ ਪ੍ਰੋਗਰਾਮ ਪ੍ਰਸਾਰਤ ਕਰਵਾਉਂਦੇ ਹਨ, ਪਰ ਕੀ ਉਹ ਵਿਦਿਆਰਥੀਆਂ ਨਾਲ ਹੋਏ ਇਸ ਖਿਲਵਾੜ ਸੰਬੰਧੀ 'ਮਨ ਦੀ ਗੱਲ' ਕਰਨਗੇ? ਕੀ ਉਨ੍ਹਾਂ ਵਿਦਿਆਰਥੀਆਂ ਦੇ ਜ਼ਖ਼ਮਾਂ ਉਤੇ ਮੱਲ੍ਹਮ ਲਗਾਉਣਗੇ, ਜਿਨ੍ਹਾਂ ਦੇ ਸੁਪਨੇ ਟੁੱਟ ਗਏ ਹਨ, ਜਿਹੜੇ ਇਨਸਾਫ਼ ਲਈ ਦਰ-ਦਰ ਭਟਕਦੇ ਫਿਰਦੇ ਹਨ, ਸੜਕਾਂ 'ਤੇ ਮੁਜ਼ਾਹਰੇ ਕਰ ਰਹੇ ਹਨ। ਇਸ ਨੀਟ ਵਿਵਾਦ 'ਤੇ ਘੁਟਾਲੇ ਦੀ ਜਾਂਚ ਸੀ ਬੀ ਆਈ ਨੂੰ ਦੇ ਦਿੱਤੀ ਗਈ ਹੈ। ਇਸ ਮਾਮਲੇ 'ਤੇ ਵੱਡੀ ਉਂਗਲੀ ਬਿਹਾਰ ਤੇ ਗੁਜਰਾਤ 'ਚ ਫੈਲੇ ਸਿੱਖਿਆ ਮਾਫੀਆ 'ਤੇ ਉਠਦੀ ਵਿਖਾਈ ਦਿੰਦੀ ਹੈ। ਦੋਹਾਂ ਰਾਜਾਂ ਵਿੱਚ ਹੀ ਐੱਫ. ਆਈ. ਆਰ. ਦਰਜ ਹੋਈਆਂ ਹਨ।

ਸਿੱਖਿਆ ਘੁਟਾਲੇ ਦੇ ਇਸ ਮੌਸਮ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਲੰਦਾ ਯੂਨੀਵਰਸਿਟੀ ਵਿੱਚ ਇੱਕ ਸ਼ਾਨਦਾਰ ਭਾਸ਼ਣ ਦਿੱਤਾ। ਉਹਨਾ ਘੁਟਾਲੇ ਦਾ ਜ਼ਿਕਰ ਤੱਕ ਨਹੀਂ ਕੀਤਾ, ਪਰ ਆਪਣੀ ਸਰਕਾਰ ਦੀ ਸਿੱਖਿਆ ਨੀਤੀ ਦੀ ਪੁਰਜ਼ੋਰ ਤਾਰੀਫ਼ ਕੀਤੀ। ਉਹਨਾ ਕਿਹਾ ਕਿ ਸਾਡੀ ਸਿੱਖਿਆ ਨੀਤੀ ਦਾ ਮੰਤਵ ਹੈ ਕਿ ਦੇਸ਼ ਦੀ ਨੌਜਵਾਨ ਪੀੜ੍ਹੀ ਦੇ ਸਾਰੇ ਸੁਫ਼ਨੇ ਸਾਕਾਰ ਹੋਣ।

ਪਰੰਤੂ ਸਵਾਲ ਇਹ ਹੈ ਕਿ ਭਾਰਤ ਗਿਆਨ ਦਾ ਕੇਂਦਰ ਬਣੇਗਾ ਕਿਵੇਂ, ਜਦਕਿ ਸਿੱਖਿਆ ਦਾ ਏਨਾ ਬੁਰਾ ਹਾਲ ਹੈ ਕਿ ਲੱਖਾਂ ਵਿਦਿਆਰਥੀਆਂ ਦਾ ਭਵਿੱਖ ਬਰਬਾਦ ਹੋ ਸਕਦਾ ਹੈ। ਸਿਰਫ਼ ਇਸ ਲਈ ਕਿ ਸਿੱਖਿਆ ਮਨਿਸਟਰੀ 'ਨੀਟ' ਪ੍ਰੀਖਿਆ ਸਹੀ ਢੰਗ ਨਾਲ ਨਹੀਂ ਕਰਵਾ ਸਕੀ। ਕਈ ਵਿਦਿਆਰਥੀਆਂ ਦੇ ਡਾਕਟਰ ਬਣਨ ਦੇ ਸੁਪਨੇ ਚੂਰ-ਚੂਰ ਹੋ ਗਏ ਹਨ। ਹੁਣ ਪ੍ਰੀਖਿਆ ਦੁਬਾਰਾ ਦੇਣ ਲਈ ਨਾ ਉਹਨਾ 'ਚ ਹਿੰਮਤ ਹੈ ਅਤੇ ਨਾ ਹੀ ਜੋਸ਼ ਜਾਂ ਸਮਰੱਥਾ। ਅਸਲ 'ਚ ਭਵਿੱਖ ਸਿਰਫ਼ ਵਿਦਿਆਰਥੀਆਂ ਦਾ ਨਹੀਂ, ਉਨ੍ਹਾਂ ਦੇ ਮਾਪਿਆਂ ਦਾ ਵੀ ਖਰਾਬ ਹੋਇਆ ਹੈ, ਇਸ ਦੀ ਜ਼ੁੰਮੇਵਾਰੀ ਕੌਣ ਲਵੇਗਾ?

ਕੀ ਨੀਟ ਪ੍ਰੀਖਿਆ 'ਤੇ ਹੁਣ ਕਿਸੇ ਦਾ ਭਰੋਸਾ ਰਹੇਗਾ, ਜਦੋਂ ਕਿ ਐਡਾ ਵੱਡਾ ਭ੍ਰਿਸ਼ਟਾਚਾਰੀ ਕਾਂਡ ਵਾਪਰਿਆ ਹੈ। ਮੈਡੀਕਲ ਸਿੱਖਿਆ 'ਚ ਖਰਾਬੀ ਇਸ ਹੱਦ ਤੱਕ ਵਧ ਚੁੱਕੀ ਹੈ ਕਿ ਭਾਰਤੀ ਵਿਦਿਆਰਥੀ ਡਾਕਟਰ ਬਣਨ ਲਈ ਯੂਕਰੇਨ ਜਾ

26-JUNE-PAGE-5.qxd 6/25/2024 10:48 PM Page 1

ਹੱਕੀ ਮੰਗਾਂ ਨੂੰ ਲੈ ਕੇ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ ਰੋਸ ਧਰਨਾ

ਮੋਗਾ (ਇਕਬਾਲ ਸਿੰਘ ਖਹਿਰਾ)-ਪੰਜਾਬ ਸਰਕਾਰ ਦੇ ਨਾਦਰਸ਼ਾਹੀ ਫੁਰਮਾਨ ਨੇ ਪੰਜਾਬ ਭਰ ਦੀਆਂ ਆਸ਼ਾ ਵਰਕਰਾਂ ਦੇ ਹਿਰਦੇ ਵਲੂੰਧਰੇ ਹਨ, ਜਿਸ ਕਾਰਨ ਸੂਬਾ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਤੇ ਸਮੂਹ ਜਥੇਬੰਦੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੰਘਰਸ਼ ਉਲੀਕਦਿਆਂ ਜ਼ਿਲ੍ਹਾ ਪੱਧਰੀ ਧਰਨੇ ਦਿੱਤੇ ਗਏ। ਇਸੇ ਕੜੀ ਤਹਿਤ ਮੋਗਾ ਦੀਆਂ ਆਸ਼ਾ ਕਰਵਰਾਂ ਤੇ ਫੈਸਿਲੀਟੇਟਰਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਮੋਗਾ ਦੇ ਸਿਵਲ ਹਸਪਤਾਲ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਮਨਦੀਪ ਕੌਰ ਦੀਦਾਰੇਵਾਲਾ ਨੇ ਕਿਹਾ ਕਿ ਵਰਕਰਾਂ ਨੂੰ ਮਿਲਦੇ ਇੰਨਸੈਂਟਿਵ ਦਾ ਅਚਨਚੇਤ ਕੱਟ ਦੇਣਾ, ਜਿਸ ਨਾਲ ਜੱਚਾ ਬੱਚਾ ਦੀ ਮੌਤ ਦਰ ਵਿੱਚ ਵਾਧਾ ਹੋਵੇਗਾ ਅਤੇ ਜੱਚਾ ਬੱਚਾ ਦੀ ਸਿਹਤ ਨਾਲ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਦੀ ਅਚਨਚੇਤ ਉਮਰ ਹੱਦ 58 ਸਾਲ ਕਰਕੇ 17-18 ਸਾਲ ਸਮਾਜ ਸੇਵਾ ਕਰਵਾ ਕੇ ਬਿਲਕੁਲ ਖਾਲੀ ਹੱਥ ਘਰ ਭੇਜਣਾ ਚਾਹੁੰਦੀ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ, ਜਿਨ੍ਹਾਂ ਨੇ ਕੋਰੋਨਾ ਮਹਾਂਮਾਰੀ ਵਿੱਚ ਲੋਕਾਂ ਦੀ ਤਨਦੇਹੀ ਨਾਲ ਸੇਵਾ ਕੀਤੀ ਤੇ ਉਨ੍ਹਾਂ ਦੀਆਂ ਜਾਨਾਂ ਬਚਾਉਣ ਲਈ ਆਪਣੀਆਂ ਜਾਨਾਂ ਦੀ ਪ੍ਰਵਾਹ ਨਹੀਂ ਕੀਤੀ, ਪਰ ਸਰਕਾਰਾਂ ਇਨ੍ਹਾਂ ਵਰਕਰਾਂ ਦਾ ਹੀ ਸ਼ੋਸ਼ਣ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ 5 ਜੁਲਾਈ 2024 ਨੂੰ ਜ਼ਿਮਨੀ ਚੋਣ ਜਲੰਧਰ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੰਘਰਸ਼ ਨੂੰ ਹੋਰ ਤਿੱਖਾ ਕਰਦਿਆਂ ਅਹਿਮ ਜੱਚਾ/ਬੱਚਾ ਦੀ ਦੇਖਭਾਲ ਰਜਿਸਟਰ ਚੈੱਕਅਪ ਆਦਿ ਪੰਜਾਬ ਭਰ ਵਿੱਚ ਸ਼ਾਂਤਮਈ ਬੰਦ ਰਹੇਗਾ, ਜਿਸ ਦੇ ਨਤੀਜੇ ਵਜੋਂ ਹੋਏ ਨੁਕਸਾਨ ਦੇ ਜ਼ਿੰਮੇਵਾਰ ਉੱਚ ਅਧਿਕਾਰੀ ਤੇ ਸਰਕਾਰ ਖੁੱਦ ਹੋਵੇਗੀ। ਪੂਰੇ ਮੋਗੇ ਜ਼ਿਲ੍ਹੇ ਤੇ ਵੱਖ ਵੱਖ ਬਲਾਕ ਤੋਂ ਪ੍ਰਧਾਨ ਆਪਣੇ ਕਾਫਲੇ ਲੈ ਕੇ ਪਹੰਚੇ, ਜਿਨ੍ਹਾਂ 'ਚ ਸੀਨੀਅਰ ਮੀਤ ਪ੍ਰਧਾਨ ਸੰਦੀਪ ਕੌਰ, ਮੀਤ ਪ੍ਰਧਾਨ ਬਲਜੀਤ ਕੌਰ, ਮਨਪ੍ਰੀਤ ਕੌਰ ਕੋਟ ਈਸੇ ਖਾਂ, ਮੀਤ ਪ੍ਰਧਾਨ ਪਰਮਜੀਤ ਕੌਰ ਸਮਾਧ ਭਾਈ, ਸਿਮਰਜੀਤ ਕੌਰ ਬਾਘਾ ਪੁਰਾਣਾ, ਜਨਰਲ ਸਕੱਤਰ ਕਮਲਜੀਤ ਕੌਰ ਬੱਧਨੀ, ਜ਼ਿਲ੍ਹਾ ਕਮੇਟੀ ਮੈਂਬਰ ਸਰਬਜੀਤ ਕੌਰ ਚੜਿੱਕ, ਸਿਕੰਦਰ ਕੌਰ, ਮਨਦੀਪ ਕੌਰ ਡਰੋਲੀ ਭਾਈ, ਬਲਵੀਰ ਕੌਰ, ਬਲਵਿੰਦਰ ਕੌਰ ਡਰੋਲੀ ਭਾਈ, ਮੀਨਾ ਰਾਣੀ, ਜਸਪ੍ਰੀਤ ਕੌਰ, ਰਾਜਵੀਰ ਕੌਰ, ਪੂਜਾ, ਗੀਤਾ, ਸੁਨੀਤਾ, ਮਹਿੰਦਰ ਕੌਰ, ਕੁਲਵੰਤ ਕੌਰ, ਦਵਿੰਦਰ ਕੌਰ, ਅਨੀਤਾ, ਬਲਵਿੰਦਰ ਕੌਰ, ਰੇਖਾ ਰਾਣੀ, ਰਾਜ ਰਾਣੀ, ਸੁਰਿੰਦਰ ਪਾਲ ਕੌਰ, ਊਸ਼ਾ, ਰੀਨਾ, ਕਮਲਜੀਤ ਕੌਰ, ਰਜਨੀ, ਰਛਪਾਲ ਕੌਰ, ਰਾਜਵਿੰਦਰ ਕੌਰ, ਰਜਨਦੀਪ ਕੌਰ, ਪਿੰਕੀ, ਸਰਬਜੀਤ ਕੌਰ, ਅਨੀਤਾ, ਕੁਲਦੀਪ ਕੌਰ, ਸੁਰਜੀਤ ਕੌਰ, ਹਰਪ੍ਰੀਤ ਕੌਰ, ਸੰਤੋਸ਼, ਸੋਨੀਆ, ਪ੍ਰਭਦੀਪ, ਪ੍ਰਭਜੋਤ, ਮਨਦੀਪ ਕੌਰ, ਮਨਜੀਤ ਕੌਰ ਤੇ ਸਾਰੇ ਮੈਂਬਰ ਹਾਜ਼ਰ ਸਨ।

ਬਿਨਾਂ ਮੁਆਵਜ਼ਾ ਦਿੱਤੇ ਕੰਮ ਚਲਾਉਣ ਦੀ ਆਗਿਆ ਨਹੀਂ ਦੇਵਾਂਗੇ : ਕਿਸਾਨ ਆਗੂ

ਤਲਵੰਡੀ ਸਾਬੋ (ਜਗਦੀਪ ਗਿੱਲ)-ਗੈਸ ਪਾਈਪ ਲਾਈਨ ਦੇ ਮੁਆਵਜ਼ੇ ਸਬੰਧੀ ਲੇਲੇ ਵਾਲਾ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੌੜ ਤੇ ਤਲਵੰਡੀ ਵੱਲੋਂ ਇੱਕ ਜੁਲਾਈ ਤੋਂ ਚੱਲ ਰਹੇ ਮੋਰਚੇ ਵਿੱਚ ਪਹੁੰਚੇ ਕਿਸਾਨਾਂ ਨੂੰ ਚੌਕਸ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਕੰਪਨੀ ਅਧਿਕਾਰੀ ਕਿਸੇ ਵੇਲੇ ਵੀ ਧੱਕੇ ਨਾਲ ਕੰਮ ਚਲਾ ਸਕਦੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਵੀਰ ਸਿੰਘ ਬੁਰਜ ਸੇਮਾ ਨੇ ਦੱਸਿਆ ਕਿ ਜਥੇਬੰਦੀ ਦੇ ਆਗੂਆਂ ਨੂੰ ਗੁਪਤ ਸੂਚਨਾ ਮਿਲੀ ਹੈ ਕਿ ਕੰਪਨੀ ਦੇ ਅਧਿਕਾਰੀ ਕੰਮ ਚਲਾਉਣ ਲਈ ਤਿਆਰੀ ਕਰ ਰਹੇ ਹਨ।ਅੱਜ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਤੇ ਬਲਾਕ ਤਲਵੰਡੀ ਦੇ ਜਨਰਲ ਸਕੱਤਰ ਹਰਪ੍ਰੀਤ ਸਿੰਘ ਕਾਲਾ ਚੱਠੇਵਾਲਾ ਨੇ ਕਿਹਾ ਕਿ ਕੰਪਨੀ ਵੱਲੋਂ ਕੀਤੇ ਸਮਝੌਤੇ ਮੁਤਾਬਕ ਕਿਸਾਨਾਂ ਨੂੰ ਜ਼ਮੀਨ ਦਾ ਪੂਰਾ ਮੁਆਵਜ਼ਾ ਦਿੱਤੇ ਬਿਨਾਂ ਕੰਮ ਨਹੀਂ ਚੱਲਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਕੰਪਨੀ ਅਧਿਕਾਰੀਆਂ ਤੇ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਝੂਠਾ ਲਾਲਚ ਦਿਖਾ ਕੇ ਜਾਂ ਹੋਰ ਢੰਗਾਂ ਰਾਹੀਂ ਪਾੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਉਨ੍ਹਾਂ ਦੀ ਇਹ ਚਾਲ ਚੱਲਣ ਨਹੀਂ ਦਿੱਤੀ ਜਾਵੇਗੀ।ਜ਼ਿਕਰਯੋਗ ਹੈ ਕਿ 15 ਮਈ 2023 ਨੂੰ ਕੰਪਨੀ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਹਾਜ਼ਰੀ ਵਿੱਚ ਕਿਸਾਨਾਂ ਨਾਲ ਸਮਝੌਤਾ ਕੀਤਾ ਸੀ ਕਿ ਜਿੰਨਾ ਕਿਸਾਨਾਂ ਦੇ ਖੇਤਾਂ ਵਿੱਚ ਦੀ ਪਾਈਪ ਲਾਈਨ ਲੰਘੀ ਹੈ। ਉਨ੍ਹਾਂ ਸਾਰੇ ਕਿਸਾਨਾਂ ਨੂੰ 24 ਲੱਖ ਰੁਪਿਆ ਪ੍ਰਤੀ ਏਕੜ ਦੇ ਹਿਸਾਬ ਨਾਲ ਮੁਆਵਜ਼ਾ ਦਿੱਤਾ ਜਾਵੇਗਾ, ਜਿਸ ਨੂੰ ਲਾਗੂ ਕਰਾਉਣ ਲਈ ਭਾਰਤੀ ਕਿਸਾਨ ਏਕਤਾ ਉਗਰਾਹਾਂ ਦੀ ਅਗਵਾਈ ਵਿੱਚ 1 ਜੁਲਾਈ 2023 ਤੋਂ ਲੇਲੇ ਵਾਲਾ ਵਿਖੇ ਪੱਕਾ ਮੋਰਚਾ ਲੱਗਿਆ ਹੋਇਆ ਹੈ, ਪਰ ਕੰਪਨੀ ਵੱਲੋਂ ਹਾਲੇ ਤੱਕ ਸਮਝੌਤਾ ਲਾਗੂ ਨਹੀਂ ਕੀਤਾ ਗਿਆ।

ਸੀਵਰੇਜ ਦੇ ਪੱਕੇ ਹੱਲ ਤੇ ਥਰਮਲ ਪਲਾਂਟ ਦੇ ਨਹਿਰੀ ਪਾਣੀ ਨੂੰ ਰੋਕਣ ਲਈ ਆਰ-ਪਾਰ ਦੀ ਲੜਾਈ ਲੜੀ ਜਾਵੇਗੀ : ਸੰਯੁਕਤ ਕਿਸਾਨ ਮੋਰਚਾ

■ 30 ਨੂੰ ਸ਼ਹਿਰੀਆਂ ਤੇ ਜਥੇਬੰਦੀਆਂ ਦੀ ਮੀਟਿੰਗ ਲਕਸ਼ਮੀ ਨਰਾਇਣ ਮੰਦਰ ਵਿਖੇ ਹੋਵੇਗੀ

ਮਾਨਸਾ (ਆਤਮਾ ਸਿੰਘ ਪਮਾਰ)-ਸ਼ਹਿਰ ਵਿੱਚ ਵਿਗੜ ਚੁੱਕੀ ਸੀਵਰੇਜ ਦੀ ਸਮੱਸਿਆ ਤੇ ਥਰਮਲ ਪਲਾਂਟ ਬਣਾਂਵਾਲੀ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਵਰਤੇ ਜਾਂਦੇ ਨਹਿਰੀ ਪਾਣੀ ਸਬੰਧੀ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਸੀ ਪੀ ਆਈ ਦਫਤਰ ਵਿਖੇ ਸ਼ਹਿਰੀਆਂ, ਸੰਘਰਸ਼ਸ਼ੀਲ ਆਗੂ, ਮਾਨਸਾ ਸੰਘਰਸ਼ ਕਮੇਟੀ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਸਾਂਝੀ ਮੀਟਿੰਗ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਅਗਵਾਈ ਕ੍ਰਿਸ਼ਨ ਚੌਹਾਨ, ਐਡਵੋਕੇਟ ਬਲਕਰਨ ਬੱਲੀ, ਸੁਰਿੰਦਰਪਾਲ ਸ਼ਰਮਾ ਤੇ ਐਡਵੋਕੇਟ ਗੁਰਲਾਭ ਮਾਹਲ ਨੇ ਕੀਤੀ।

ਮੀਟਿੰਗ ਵਿੱਚ ਸੀਵਰੇਜ ਸਮੱਸਿਆ ਤੇ ਥਰਮਲ ਵੱਲੋਂ ਵਰਤੇ ਜਾਂਦੇ ਨਹਿਰੀ ਪਾਣੀ 'ਤੇ ਗੰਭੀਰਤਾ ਨਾਲ ਵਿਚਾਰ ਚਰਚਾ ਕਰਦਿਆਂ ਆਗੂਆਂ ਨੇ ਸੂਬਾ ਸਰਕਾਰ 'ਤੇ ਟਿੱਪਣੀ ਕਰਦੇ ਹੋਏ ਕਿਹਾ ਕਿ ਪੂਰੀ ਦੁਨੀਆ ਵਿੱਚ ਪਾਣੀ ਮੁੱਕਣ ਦੀ ਦੁਹਾਈ ਪਾਈ ਜਾ ਰਹੀ ਹੈ।

ਵੱਡੇ ਵੱਡੇ ਸੈਮੀਨਾਰ ਕਰਕੇ ਲੋਕਾਂ ਨੂੰ ਪਾਣੀ ਬਚਾਉਣ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ।ਦੂਸਰੇ ਪਾਸੇ ਸ਼ਹਿਰ ਮਾਨਸਾ ਵਿਖੇ ਸੀਵਰੇਜ ਦਾ ਗੰਦਾ ਪਾਣੀ ਸ਼ਹਿਰ ਦੀਆਂ ਗਲੀਆਂ ਵਿੱਚ ਗੰਭੀਰ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ, ਜਦੋਂਕਿ ਮਾਨਸਾ ਨੇੜਲੇ ਥਰਮਲ ਪਲਾਂਟ ਬਣਾਂਵਾਲੀ ਵੱਲੋਂ ਸਿੰਚਾਈ ਲਈ ਵਰਤਿਆ ਜਾਣ ਵਾਲਾ ਨਹਿਰੀ ਪਾਣੀ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਵਰਤਿਆ ਜਾ ਜਾ ਰਿਹਾ ਹੈ, ਜਿਸ ਤੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਸਰਕਾਰ ਵੱਲੋਂ ਪੂਰੀ ਤਰ੍ਹਾਂ ਪਾਸਾ ਵੱਟਿਆ ਹੋਇਆ ਹੈ।ਪ੍ਰਸ਼ਾਸਨ ਤੇ ਸਰਕਾਰ ਦੀ ਬੇਧਿਆਨੀ ਤੇ ਨਲਾਇਕੀ ਖਿਲਾਫ ਲੋਕਾਂ ਵਿੱਚ ਪੂਰਾ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਮੀਟਿੰਗ ਮੌਕੇ ਸੀਵਰੇਜ ਤੇ ਨਹਿਰੀ ਪਾਣੀ ਸਬੰਧੀ ਜਿੱਥੇ ਆਰ ਪਾਰ ਦੀ ਲੜਾਈ ਸਬੰਧੀ ਸ਼ਹਿਰੀਆਂ ਤੇ ਸਹਿਯੋਗੀ ਜਥੇਬੰਦੀਆਂ ਦੀ ਸਾਂਝੀ ਮੀਟਿੰਗ 30 ਜੂਨ ਨੂੰ ਲਕਸ਼ਮੀ ਨਰਾਇਣ ਮੰਦਰ ਸ਼ਾਮ 4 ਵਜੇ ਬੁਲਾਉਣ ਦਾ ਫੈਸਲਾ ਕੀਤਾ ਗਿਆ, ਜਿਸ ਦੀ ਤਿਆਰੀ ਸਬੰਧੀ ਡਿਊਟੀਆਂ ਲਾਈਆਂ ਗਈਆਂ।ਆਗੂਆਂ ਨੇ ਮੀਟਿੰਗ ਨੂੰ ਸਫ਼ਲ ਕਰਨ ਲਈ ਸ਼ਹਿਰੀਆਂ ਸਮੇਤ ਧਾਰਮਿਕ, ਸਮਾਜਿਕ, ਵਪਾਰਕ ਤੇ ਜਨਤਕ ਜਥੇਬੰਦੀਆਂ ਦੇ ਪੁੱਜਣ ਦੀ ਅਪੀਲ ਕੀਤੀ।ਇਸ ਮੌਕੇ ਰੁਲਦੂ ਸਿੰਘ ਮਾਨਸਾ, ਕੁਲਦੀਪ ਸਿੰਘ ਚੱਕ ਭਾਈ ਕੇ, ਨਿਰਮਲ ਸਿੰਘ ਝੰਡੂਕੇ, ਮਹਿੰਦਰ ਸਿੰਘ ਭੈਣੀਬਾਘਾ, ਅਮਰੀਕ ਸਿੰਘ ਫਫੜੇ, ਰੂਪ ਸਿੰਘ ਢਿੱਲੋਂ, ਪ੍ਰਸ਼ੋਤਮ ਸਿੰਘ ਗਿੱਲ, ਭਜਨ ਸਿੰਘ ਘੁੰਮਣ, ਉਗਰ ਸਿੰਘ ਮਾਨਸਾ ਆਦਿ ਆਗੂਆਂ ਨੇ ਪਾਣੀ ਦੇ ਬਚਾਓ ਲਈ ਸੀਵਰੇਜ ਦੇ ਹੱਲ ਤੇ ਥਰਮਲ ਪਲਾਂਟ ਲਈ ਵਰਤੇ ਜਾਂਦੇ ਨਹਿਰੀ ਪਾਣੀ ਸਬੰਧੀ ਤਿੱਖੇ ਅੰਦੋਲਨ ਨੂੰ ਸਮੇਂ ਦੀ ਲੋੜ ਦੱਸਿਆ, ਜਿਸ 'ਤੇ ਸਹਿਮਤੀ ਦਿੰਦਿਆਂ ਮਨਦੀਪ ਗੋਰਾ ਸਾਬਕਾ ਪ੍ਰਧਾਨ ਨਗਰ ਕੌਂਸਲ, ਰਤਨ ਭੋਲਾ, ਪੱਤਰਕਾਰ ਆਤਮਾ ਸਿੰਘ ਪਮਾਰ, ਮਾਸਟਰ ਤਰਸੇਮ ਜੋਗਾ, ਰਾਜ ਕੁਮਾਰ ਗਰਗ, ਗਗਨਦੀਪ ਸਿਰਸੀਵਾਲਾ ਹਰ ਪੱਖੋਂ ਸਫ਼ਲ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ।ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ ਛੱਜੂ ਰਾਮ ਰਿਸ਼ੀ, ਪਰਮਜੀਤ ਸਿੰਘ ਗਾਗੋਵਾਲ, ਅਵੀ ਮੌੜ, ਕਰਨੈਲ ਸਿੰਘ ਮਾਨਸਾ, ਸੁਖਚਰਨ ਸਿੰਘ ਦਾਨੇਵਾਲੀਆ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਕਾਤਰਾਂ

10 ਬੋਤਲਾਂ ਸ਼ਰਾਬ ਸਮੇਤ ਤਸਕਰ ਕਾਬੂ

ਜਗਰਾਓਂ (ਅਮਿਤ ਖੰਨਾ)-ਥਾਣਾ ਸਿਟੀ ਜਗਰਾਉਂ ਦੇ ਏ ਐੱਸ ਆਈ ਬਲਰਾਜ ਸਿੰਘ ਤੋਂ ਮਿਲੀ ਸੂਚਨਾ ਮੁਤਾਬਕ ਇੱਕ ਸ਼ਰਾਬ ਤਸਕਰ ਨੂੰ 10 ਬੋਤਲਾਂ ਸ਼ਰਾਬ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਏ ਐੱਸ ਆਈ ਬਲਰਾਜ ਸਿੰਘ ਨੇ ਦੱਸਿਆ ਕਿ ਉਹ ਆਪਣੀ ਪੁਲਸ ਪਾਰਟੀ ਨਾਲ ਗਸ਼ਤ ਤੇ ਚੈਕਿੰਗ ਸ਼ੱਕੀ ਤਹਿਸੀਲ ਚੌਕ ਜਗਰਾਉਂ ਮੌਜੂਦ ਸਨ ਤਾਂ ਏ ਐੱਸ ਆਈ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕੀ ਤੇਜਵੀਰ ਸਿੰਘ ਉਰਫ ਤੇਜੀ ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਕੋਠੇ ਸ਼ੇਰ ਜੰਗ, ਜੋ ਬਾਹਰਲੇ ਰਾਜਾਂ ਤੋਂ ਸਸਤੀ ਸ਼ਰਾਬ ਲਿਆ ਕੇ ਅੱਗੇ ਮਹਿੰਗੇ ਭਾਅ ਵੇਚਣ ਦਾ ਧੰਦਾ ਕਰਦਾ ਹੈ ਤੇ ਅੱਜ ਵੀ ਆਪਣੇ ਘਰ ਸ਼ਰਾਬ ਰੱਖ ਕੇ ਵੇਚ ਰਿਹਾ ਹੈ, ਜਿਸ ਨੂੰ ਮੌਕੇ 'ਤੇ ਪਹੁੰਚ ਕੇ ਸ਼ਰਾਬ ਵੇਚਣ ਲਈ ਗਾਹਕਾਂ ਦੀ ਉਡੀਕ ਕਰਦੇ ਹੋਏ ਨੂੰ ਕਾਬੂ ਕੀਤਾ ਗਿਆ।

ਮੁਫ਼ਤ ਕਬੱਡੀ ਟ੍ਰੇਨਿੰਗ ਕੈਂਪ ਅੱਜ ਤੋਂ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਯੂਥ ਸਪੋਰਟਸ ਵੈੱਲਫੇਅਰ ਐਂਡ ਕਲਚਰਲ ਕਲੱਬ ਧੂਰੀ ਪਿੰਡ ਦੇ ਪ੍ਰਧਾਨ ਤਲਵਿੰਦਰ ਸਿੰਘ ਨੀਟੂ ਮੰਡੇਰ ਨੇ ਦੱਸਿਆ ਕਿ ਕਲੱਬ ਤੇ ਦਿ ਐੱਜ ਓਵਰਸੀਜ਼ ਕੰਸਲਟੈਂਟ ਦੇ ਐੱਮ ਡੀ ਜਗਸੀਰ ਸਿੰਘ ਜੱਗੀ ਢੀਂਡਸਾ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮੁਫ਼ਤ ਕਬੱਡੀ ਟ੍ਰੇਨਿੰਗ ਕੈਂਪ 26 ਜੂਨ ਤੋਂ 10 ਅਗਸਤ ਤੱਕ ਸਰਕਾਰੀ ਸਕੂਲ ਨੇੜੇ ਗਰਾਊਂਡ ਬੇਨੜਾ ਸਮਾਂ ਸ਼ਾਮ 05.30 ਤੋਂ 7.30 ਤੱਕ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਕਬੱਡੀ ਦੇ ਖੇਤਰ ਵਿੱਚ ਇਛੁੱਕ ਨੌਜਵਾਨਾਂ ਨੂੰ ਪ੍ਰੈਕਟਿਸ ਕਰਵਾਈ ਜਾਵੇਗੀ ਤੇ ਕਬੱਡੀ ਦੇ ਗੁਰ ਦੱਸੇ ਜਾਣਗੇ।ਉਨ੍ਹਾਂ ਇਲਾਕੇ ਦੇ ਨੌਜਵਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵੱਧ ਤੋਂ ਵੱਧ ਇਸ ਕੋਚਿੰਗ ਕੈਂਪ ਦਾ ਲਾਭ ਲੈਣ।

ਉਰਦੂ ਦੀ ਸਿਖਲਾਈ ਪਹਿਲੀ ਤੋਂ

ਮਾਨਸਾ (ਆਤਮਾ ਸਿੰਘ ਪਮਾਰ)-ਜ਼ਿਲ੍ਹਾ ਭਾਸ਼ਾ ਅਫ਼ਸਰ ਮਾਨਸਾ ਤੇਜਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਮਾਨਸਾ ਵਿਖੇ 01 ਜੁਲਾਈ ਤੋਂ ਉਰਦੂ ਭਾਸ਼ਾ ਦੀ ਸਿਖਲਾਈ ਲਈ 'ਉਰਦੂ ਆਮੋਜ਼' ਦਾ ਨਵਾਂ ਸੈਸ਼ਨ ਸ਼ੁਰੂ ਕੀਤਾ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਇਹ ਕੋਰਸ 6 ਮਹੀਨੇ ਦਾ ਹੋਵੇਗਾ। ਕਲਾਸ ਦਾ ਸਮਾਂ ਸ਼ਾਮ 5:15 ਵਜੇ ਤੋਂ 6:15 ਵਜੇ ਤੱਕ ਦਾ ਹੋਵੇਗਾ। ਉਰਦੂ ਭਾਸ਼ਾ ਸਿੱਖਣ ਦੇ ਚਾਹਵਾਨ ਉਮੀਦਵਾਰ 30 ਜੂਨ 2024 ਤੱਕ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਨਹਿਰੂ ਮੈਮੋਰੀਅਲ ਕਾਲਜ, ਮਾਨਸਾ ਤੋਂ ਫਾਰਮ ਲੈ ਕੇ ਅਪਲਾਈ ਕਰ ਸਕਦੇ ਹਨ।

ਕਰਿਆਨੇ ਦੀ ਦੁਕਾਨ 'ਚ ਚੋਰੀ

ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)-ਸਥਾਨਕ ਨਗਰ ਕੌਂਸਲ ਦੇ ਨੇੜੇ ਪੂਜਾ ਮੈਡੀਕਲ ਹਾਲ ਕੋਲ ਇੱਕ ਕਰਿਆਨੇ ਦੀ ਦੁਕਾਨ ਵਿੱਚੋਂ ਮੋਟਰਸਾਈਕਲ ਸਵਾਰ ਦੋ ਵਿਅਕਤੀਆਂ ਵੱਲੋਂ ਰਾਤ 11 ਵਜੇ ਦੇ ਕਰੀਬ ਦੁਕਾਨ ਦੇ ਜਿੰਦੇ ਤੋੜ ਕੇ ਉਸ ਵਿੱਚੋਂ ਚੀਨੀ, ਚੌਲ, ਪੈਸੇ, ਸਰ੍ਹੋਂ ਦੇ ਤੇਲ ਦੀਆਂ ਬੋਤਲਾਂ ਤੇ ਕੁਝ ਹੋਰ ਸਾਮਾਨ ਚੋਰੀ ਕਰਕੇ ਲੈ ਗਏ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਸੀ ਸੀ ਟੀ ਵੀ ਕੈਮਰੇ ਵਿੱਚ ਦੋ ਮੋਟਰਸਾਈਕਲ ਸਵਾਰ ਆ ਕੇ ਸੱਤ ਅੱਠ ਮਿੰਟਾਂ ਵਿੱਚ ਚੋਰੀ ਕਰਕੇ ਸਾਮਾਨ ਲੈ ਗਏ। ਇਸ ਮੌਕੇ ਦੁਕਾਨਦਾਰ ਕ੍ਰਿਸ਼ਨ ਚੰਦ ਨੇ ਦੱਸਿਆ ਕਿ ਉਨ੍ਹਾਂ ਨੂੰ ਲ

26 June - Page - 6.qxd 6/25/2024 10:54 PM Page 1

ਪੰਜਾਬ ਵਿਧਾਨ ਸਭਾ ਸਪੀਕਰ ਨੇ ਬਾਬਾ ਬੰਦਾ ਸਿੰਘ ਬਹਾਦਰ ਦੇ ਸ਼ਹੀਦੀ ਦਿਵਸ 'ਤੇ ਭੇਟ ਕੀਤੀ ਸ਼ਰਧਾਂਜਲੀ

ਚੰਡੀਗੜ੍ਹ, (ਗੁਰਜੀਤ ਬੱਲਾ)- ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮਹਾਨ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੇ 308ਵੇਂ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ।ਬਾਬਾ ਬੰਦਾ ਸਿੰਘ ਬਹਾਦਰ ਦੀ ਸਦੀਵੀ ਵਿਰਾਸਤ ਅਤੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਸਪੀਕਰ ਨੇ ਕਿਹਾ ਕਿ ਨਿਆਂ ਅਤੇ ਸਸ਼ਕਤੀਕਰਨ ਪ੍ਰਤੀ ਅਟੁੱਟ ਵਚਨਬੱਧਤਾ ਕਾਰਨ ਬਾਬਾ ਬੰਦਾ ਸਿੰਘ ਬਹਾਦਰ ਦਾ ਸਿੱਖ ਇਤਿਹਾਸ ਵਿੱਚ ਇੱਕ ਸਤਿਕਾਰਤ ਮੁਕਾਮ ਹੈ। ਉਨ੍ਹਾਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਨੇ ਆਪਣੇ ਜੀਵਨ ਦੌਰਾਨ ਹਾਸ਼ੀਏ 'ਤੇ ਪਏ ਲੋਕਾਂ ਨੂੰ ਉੱਚਾ ਚੁੱਕਣ ਅਤੇ ਗਰੀਬਾਂ ਦੇ ਸਸ਼ਕਤੀਕਰਨ ਲਈ ਮਿਸਾਲੀ ਕੁਰਬਾਨੀਆਂ ਅਤੇ ਅਣਥੱਕ ਯਤਨ ਕੀਤੇ। ਸੰਧਵਾਂ ਨੇ ਕਿਹਾ ਕਿ ਸਾਢੇ ਤਿੰਨ ਸਦੀਆਂ ਬਾਅਦ ਵੀ ਬਾਬਾ ਬੰਦਾ ਸਿੰਘ ਬਹਾਦਰ ਦੀ ਵਿਰਾਸਤ ਲੱਖਾਂ ਲੋਕਾਂ ਦੇ ਦਿਲਾਂ ਵਿੱਚ ਜਿਊਂਦੀ ਹੈ ਅਤੇ ਉਨ੍ਹਾਂ ਦੀ ਹਿੰਮਤ, ਦਲੇਰੀ ਅਤੇ ਸਮਰਪਣ ਪੀੜ੍ਹੀ ਦਰ ਪੀੜ੍ਹੀ ਪ੍ਰੇਰਨਾ ਦਿੰਦਾ ਰਹੇਗਾ।ਸੂਬੇ ਦੇ ਲੋਕਾਂ ਨੂੰ ਸਾਡੇ ਮਹਾਨ ਸ਼ਹੀਦਾਂ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੱਦਾ ਦਿੰਦਿਆਂ ਸੰਧਵਾਂ ਨੇ ਕਿਹਾ ਕਿ ਆਓ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਦਰਸਾਈਆਂ ਕਦਰਾਂ-ਕੀਮਤਾਂ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਆਪਣੇ ਜੀਵਨ 'ਚ ਕਾਇਮ ਰੱਖਣ ਦਾ ਯਤਨ ਕਰੀਏ।

ਪਬਲਿਕ ਨੋਟਿਸ

ਮੈਂ ਚਮਨ ਲਾਲ ਪੁੱਤਰ ਬਿੱਕਰ ਸਿੰਘ ਵਾਸੀ ਪਿੰਡ ਨੰਗਲ ਕਰਾਰ ਖਾਂ, ਜਲੰਧਰ। ਇਹ ਪੁਸ਼ਟੀ ਕਰਦਾ ਹਾਂ ਕਿ ਮੇਰੇ ਕੋਲੋਂ ਇੱਕ ਅਸਲ ਰਜਿਸਟਰੀ/ਬੈਨਾਮਾ ਨੰ.9172 ਮਿਤੀ 21-03-2003 ਜੋ ਕਿ ਸਤਨਾਮ ਪੁੱਤਰ ਸਵਰਨ ਲਾਲ ਦੇ ਹੱਕ ਵਿਚ ਹੋਇਆ ਸੀ।ਜੋ ਕਿ ਵਾਕਿਆ ਰਕਬਾ ਪਿੰਡ ਨੰਗਲ ਕਰਾਰ ਖਾਂ, ਜਿਲ੍ਹਾ ਜਲੰਧਰ ਵਿਚ ਸਥਿਤ ਜਾਇਦਾਦ ਦੇ ਹੈ ਜੋ ਕਿਧਰੇ ਗੁੰਮ/ਗੁਆਚ ਗਈ ਹੈ। ਜਿਸਦੀ ਮੈਂ ਸ਼ਿਕਾਇਤ ਨੰ. ਲੜੀ ਨੰ. GD No. 022 ਮਿਤੀ 25-06-2024 ਨੂੰ ਥਾਣਾ ਕੈਂਟ, ਜਲੰਧਰ ਵਿਚ ਦਰਜ ਕਰਵਾਈ ਹੈ।ਜੇਂ ਕਿਸੇ ਵਿਅਕਤੀ ਨੂੰ ਇਹ ਗੁੰਮ ਹੋਇਆ ਬੈਨਾਮਾ ਮਿਲਦਾ ਹੈ ਤਾਂ ਇਸ ਨੋਟਿਸ ਦੇ ਜਾਰੀ ਹੋਣ ਤੋਂ 14 ਦਿਨਾਂ ਦੇ ਅੰਦਰ- ਅੰਦਰ ਹੇਠਾਂ ਦਸਤਖਤ ਕੀਤੇ ਨਾਲ ਸੰਪਰਕ ਕਰ ਸਕਦਾ ਹੈ ਅਤੇ ਮੈਨੂੰ ਇਸ ਨੰ.8959-48586 ਤੇ ਸੰਪਰਕ ਕਰੇ।ਮੈਨੇਜ਼ਰ, ਬੈਂਕ ਆਫ ਬੜੌਦਾ, ਬ੍ਰਾਂਚ ਖੁਸਰੋਪੁਰ, ਜਲੰਧਰ ਕੈਂਟ।

PUBLIC NOTICE

It is inform that I, Sanjeev Kumar Sharma son of Sh. KewalKrishan resident of 4829/B, Guru ArjunDev Nagar, Opposite Ganga Building, Putlighar, Amritsar have lost the (1) Original Sale Deed Dated 04.11.1981 duly registered with the office of sub-registrar, Amritsar vide Document No.14912, Book No.1, Volume No.899 at page 213 and the copy of the same has been pasted in additional Book no.1, Volume No.3356 at page 38 registered on 06.11.1981 in favour of Smt. RajinderKaur wife of Basant Singh and (2) Original Sale Deed Dated 24.08.1972 duly registered with the office of sub-registrar, Amritsar vide Document No.1442, Book No.1, Volume No.3245 at page 308 and the copy of the same has been pasted in additional Book no.1, Volume No.978 at Page 7/9 registered on 25.08.1972 in favour of Sh. SatpalMahindru son of LalaKishan Chand. The police report NO.020 Dated 04.06.2024 has been registered in this respect with Police Station Cantonment, Amritsar. No loan from any bank has been obtained against said original previous Sale deeds nor the same has been deposited with any Bank as security.

ਦਫਤਰ ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੇਨਿਊ ਅਫਸਰ, ਸਬ-ਤਹਿ: ਤਰਸਿੱਕਾ, ਤਹਿ: ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਆਤਮਾ ਸਿੰਘ ਵਾਸੀ ਪਿੰਡ ਡੇਹਰੀਵਾਲ, ਸਬ-ਤਹਿਸੀਲ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਨੇ ਅਦਾਲਤ ਵਿਚ ਦਰਖਾਸਤ ਦਿੱਤੀ ਹੈ ਕਿ ਉਸ ਦੀ ਮਾਲਕੀ ਜ਼ਮੀਨ ਵਾਕਿਆ ਰਕਬਾ ਪਿੰਡ ਡੇਹਰੀਵਾਲ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਵਿਚ ਮੱਜੂਦ ਹੈ, ਜਿਸ ਦੇ ਮਾਲ ਰਿਕਾਰਡ ਵਿਚ ਪ੍ਰਾਰਥਕ ਦਾ ਨਾਂਅ ਸੁਖਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਦਰਜ ਹੈ, ਜੋ ਕਿ ਗਲਤ ਹੈ, ਜਦੋਂ ਕਿ ਪ੍ਰਾਰਥਕ ਦਾ ਸਹੀ ਨਾਂਅ ਗੁਰਦੇਵ ਸਿੰਘ ਪੁੱਤਰ ਮਹਿੰਦਰ ਸਿੰਘ ਹੈ ਜੋ ਦਰੁਸਤ ਕੀਤਾ ਜਾਵੇ। ਇਸ ਲਈ ਉਸ ਦਾ ਅਸਲ ਨਾਂਅ ਰਿਕਾਰਡ ਵਿਚ ਸੁਧਦੇਵ ਸਿੰਘ ਤੋਂ ਬਦਲ ਕੇ ਗੁਰਦੇਵ ਸਿੰਘ ਦਰੁਸਤ ਕਰਨ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਫਤਰ ਵਿਚ ਇਤਰਾਜ਼ ਪੇਸ਼ ਕਰ ਸਕਦਾ ਹੈ, ਵਰਨਾ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਜਾਇੰਟ ਰਜਿਸਟਰਾਰ, ਸਬ-ਤਹਿਸੀਲ ਤਰਸਿੱਕਾ
ਨੰਬਰ ਰੀਡਰ 1505, ਮਿਤੀ : 24.06.24

ਦਫਤਰ ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੇਨਿਊ ਅਫਸਰ, ਸਬ-ਤਹਿ: ਤਰਸਿੱਕਾ, ਤਹਿ: ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਹਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਗੁਰਬਖਸ਼ ਸਿੰਘ ਵਾਸੀ ਪਿੰਡ ਰੁਮਾਣਾ ਚੱਕ, ਸਬ ਤਹਿਸੀਲ ਤਰਸਿੱਕਾ, ਜਿਲ੍ਹਾ ਅੰਮ੍ਰਿਤਸਰ ਨੇ ਅਦਾਲਤ ਵਿਚ ਦਰਖਾਸਤ ਦਿੱਤੀ ਹੈ ਕਿ ਉਸ ਦਾ ਨਾਮ ਮਾਲ ਰਿਕਾਰਡ ਵਿਚ ਗੁਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਦਰਜ ਜੋ ਕਿ ਗਲਤ ਆ ਰਿਹਾ ਹੈ, ਜਦੋਂ ਕਿ ਉਸ ਦਾ ਅਸਲ ਨਾਮ ਹਰਦੀਪ ਸਿੰਘ ਪੁੱਤਰ ਦਰਸ਼ਨ ਸਿੰਘ ਹੈ ਜੋ ਦਰੁਸਤ ਕੀਤਾ ਜਾਵੇ। ਇਸ ਲਈ ਉਸ ਦਾ ਗੁਰਦੀਪ ਸਿੰਘ ਦੇ ਨਾਮ ਤੋਂ ਹਰਦੀਪ ਸਿੰਘ ਅਸਲ ਨਾਮ ਵਜੋਂ ਰਿਕਾਰਡ ਵਿਚ ਦਰੁਸਤੀ ਕਰਨ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਫਤਰ ਵਿਚ ਇਤਰਾਜ ਪੇਸ਼ ਕਰ ਸਕਦਾ ਹੈ ਵਰਨਾ ਨਾਮ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਜਾਇੰਟ ਰਜਿਸਟਰਾਰ
ਸਬ ਤਹਿਸੀਲ ਤਰਸਿੱਕਾ
ਨੰਬਰ ਰੀਡਰ 1502 ਮਿਤੀ : 24.06.24

ਦ.ਫ਼ਤਰ ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੇਨਿਊ ਅਫਸਰ, ਸਬ-ਤਹਿ. ਤਰਸਿੱਕਾ, ਤਹਿ. ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਮਨਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਪੁੱਤਰ ਸ਼ਿਵ ਸਿੰਘ ਵਾਸੀ ਪਿੰਡ ਬੱਗਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਨੇ ਅਦਾਲਤ ਵਿਚ ਦਰਖਾਸਤ ਦਿੱਤੀ ਹੈ ਕਿ ਉਸ ਦਾ ਮਾਲ ਰਿਕਾਰਡ, ਜਿਸ ਦਾ ਖੇਵਟ ਨੰਬਰ 253, 254, 255 ਵਿਚ ਨਾਂਅ ਹਰਪ੍ਰੀਤ ਸਿੰਘ ਪੁੱਤਰ ਲਖਵਿੰਦਰ ਸਿੰਘ ਪੁੱਤਰ ਸ਼ਿਵ ਸਿੰਘ, ਜੋ ਕਿ ਗਲਤ ਆ ਰਿਹਾ ਹੈ, ਜਦੋਂ ਕਿ ਉਸ ਦਾ ਅਸਲ ਨਾਂਅ ਮਨਪ੍ਰੀਤ ਸਿੰਘ ਹੈ, ਜੋ ਦਰੁਸਤ ਕੀਤਾ ਜਾਵੇ। ਇਸ ਲਈ ਉਸ ਦੇ ਅਸਲ ਨਾਂਅ ਰਿਕਾਰਡ ਵਿਚ ਦਰੁਸਤੀ ਕਰਨ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਫ਼ਤਰ ਵਿਚ ਇਤਰਾਜ਼ ਪੇਸ਼ ਕਰ ਸਕਦਾ ਹੈ। ਵਰਨਾ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਸਹੀ/- ਜਾਇੰਟ ਰਜਿਸਟਰਾਰ,
ਸਬ-ਤਹਿਸੀਲ ਤਰਸਿੱਕਾ
ਨੰਬਰ ਰੀਡਰ 1506 ਮਿਤੀ : 24.06.24

ਦ.ਫ਼ਤਰ ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੇਨਿਊ ਅਫਸਰ, ਸਬ-ਤਹਿ. ਤਰਸਿੱਕਾ, ਤਹਿ. ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਗੁਰਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸੁੰਦਰ ਸਿੰਘ ਵਾਸੀ ਪਿੰਡ ਬੁਲਾਰਾ, ਸਬ-ਤਹਿਸੀਲ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਨੇ ਅਦਾਲਤ ਵਿਚ ਦਰਖਾਸਤ ਦਿੱਤੀ ਹੈ ਕਿ ਉਸ ਦਾ ਮਾਲ ਰਿਕਾਰਡ ਵਿਚ ਨਾਂਅ ਦਲੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸੁੰਦਰ ਸਿੰਘ ਵਾਸੀ ਪਿੰਡ ਬੁਲਾਰਾ, ਸਬ-ਤਹਿਸੀਲ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਹੈ, ਜੋ ਗਲਤ ਆ ਰਿਹਾ ਹੈ, ਜਦੋਂ ਕਿ ਉਸ ਦਾ ਅਸਲ ਨਾਂਅ ਗੁਰਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸੁੰਦਰ ਸਿੰਘ ਵਾਸੀ ਪਿੰਡ ਬੁਲਾਰਾ, ਸਬ-ਤਹਿਸੀਲ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਹੈ, ਜੋ ਦਰੁਸਤ ਕੀਤਾ ਜਾਵੇ। ਇਸ ਲਈ ਉਸ ਦੇ ਅਸਲ ਨਾਂਅ ਰਿਕਾਰਡ ਵਿਚ ਦਰੁਸਤੀ ਕਰਨ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਫ਼ਤਰ ਵਿਚ ਇਤਰਾਜ਼ ਪੇਸ਼ ਕਰ ਸਕਦਾ ਹੈ। ਵਰਨਾ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਸਹੀ/- ਜਾਇੰਟ ਰਜਿਸਟਰਾਰ, ਸਬ-ਤਹਿਸੀਲ ਤਰਸਿੱਕਾ
ਨੰਬਰ ਰੀਡਰ 1508 ਮਿਤੀ : 24.06.24

ਹਾਇਰ ਐਜੂਕੇਸ਼ਨ ਇੰਸਟੀਚਿਊਟ ਸੁਸਾਇਟੀ
ਜੀ. ਕੇ. ਐੱਸ. ਐੱਮ. ਸਰਕਾਰੀ ਕਾਲਜ, ਟਾਂਡਾ ਉੜਮੁੜ

Walk-in Interview

ਕੰਪਿਊਟਰ ਸਾਇੰਸ ਵਿਸ਼ੇ ਵਿਚ HEIS ਦੇ ਅਧੀਨ ਕੰਟਰੈਕਟ ਦੇ ਆਧਾਰ 'ਤੇ ਇਕ ਅਸਿਸਟੈਂਟ ਪ੍ਰੋਫੈਸਰ ਦੀ ਜ਼ਰੂਰਤ ਹੈ। ਯੋਗਤਾ, ਯੂਨੀਵਰਸਿਟੀ/ਪੰਜਾਬ ਸਰਕਾਰ ਦੀਆਂ ਸ਼ਰਤਾਂ ਅਨੁਸਾਰ ਅਤੇ ਮਿਹਨਤਾਨਾ HEIS ਦੇ ਨਿਯਮਾਂ/ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮਿਲਣਯੋਗ ਹੋਵੇਗਾ। ਇੰਟਰਵਿਊ ਮਿਤੀ 03.07.2024 ਦਿਨ ਬੁੱਧਵਾਰ ਨੂੰ ਸਵੇਰੇ 10.00 ਵਜੇ ਪ੍ਰਿੰਸੀਪਲ ਦਫ਼ਤਰ ਵਿਖੇ ਹੋਵੇਗੀ। ਇੰਟਰਵਿਊ ਸਮੇਂ ਅਸਲ ਸਰਟੀਫਿਕੇਟਾਂ ਸਹਿਤ ਉਨ੍ਹਾਂ ਦੀਆਂ ਸਵੈ-ਤਸਦੀਕੀ ਨਕਲਾਂ ਪੇਸ਼ ਕੀਤੀਆਂ ਜਾਣ। ਉਮੀਦਵਾਰਾਂ ਨੂੰ ਇੰਟਰਵਿਊ 'ਤੇ ਪੇਸ਼ ਹੋਣ ਲਈ ਕੋਈ ਟੀ ਏ/ਡੀ ਏ ਨਹੀਂ ਦਿੱਤਾ ਜਾਵੇਗਾ।

ਸਹੀ/- ਪ੍ਰਧਾਨ HEIS/ਪ੍ਰਿੰਸੀਪਲ,
ਜੀ. ਕੇ. ਐੱਸ. ਐੱਮ. ਸਰਕਾਰੀ ਕਾਲਜ, ਟਾਂਡਾ ਉੜਮੁੜ (ਹੁਸ਼ਿਆਰਪੁਰ)

ਉਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਤੀਜਾ ਸ਼ੁਧੀ ਪੱਤਰ

ਨਿਵਿਦਾ ਨੰਬਰ OP-05-GSU-FZR 2024-25, ਮਿਤੀ 11.06.2024 ਜੋ 05.07.2024 ਨੂੰ ਖੁਲ੍ਹ ਰਹੀ ਸੀ ਹੁਣ ਸਮਾਂ ਵਧਾ ਦਿਤੀ ਗਈ ਹੈ ਅਤੇ ਹੁਣ ਮਿਤੀ 12.07.2024 ਨੂੰ ਖੁਲ੍ਹੇਗੀ। ਉਪਰੋਕਤ ਨਿਵਿਦਾ ਦੀ ਅੰਤਮ ਮਿਤੀ 12.07.2024 ਪੜ੍ਹੀ ਜਾ ਸਕਦੀ ਹੈ।

ਨੰ.: 27-GC-GSU-T-01-2023-24/Corrigendum-III 1895/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਸਰਕਾਰੀ ਬਹੁਤਕਨੀਕੀ ਕਾਲਜ

ਜੀ.ਟੀ. ਰੋਡ, ਛੇਹਰਟਾ, ਅੰਮ੍ਰਿਤਸਰ। ਫੋਨ 0183-2258269

ਦਾਖਲਾ ਨੋਟਿਸ

ਕੋਰਸ : ਬੀ. ਫਾਰਮੇਸੀ ਚਾਰ ਸਾਲਾ ਡਿਗਰੀ ਕੋਰਸ (PCI ਤੋਂ ਮਾਨਤਾ ਪ੍ਰਾਪਤ) ਵਿੱਚ ਕੁਝ ਸੀਟਾ ਖਾਲੀ ਹਨ।

ਯੋਗਤਾ : 10+2 ਨਾਨ ਮੈਡੀਕਲ/ ਮੈਡੀਕਲ (ਦਾਖਲਾ ਮੈਰਿਟ ਦੇ ਅਧਾਰ ਤੇ)

ਕੌਂਸਲਿੰਗ ਦੀ ਮਿਤੀ : ਚਾਹਵਾਨ ਵਿਦਿਆਰਥੀ 27/06/24 ਸਵੇਰੇ 10 ਵਜੇ ਤੱਕ ਅਸਲ ਸਰਟੀਫਿਕੇਟ ਅਤੇ 05 ਫੋਟੋ ਨਾਲ ਲੈਕੇ ਕੌਂਸਲਿੰਗ ਲਈ ਕਾਲਜ ਵਿੱਚ ਅਪੀਅਰ ਹੋਣ। ਦਾਖਲਾ ਫੀਸ ਮੌਕੇ ਤੇ ਨਗਦ ਵਸੂਲ ਕੀਤੀ ਜਾਵੇਗੀ।

ਸੰਪਰਕ ਕਰੋ:
ਸ਼ੈਲੀ, ਇੰਚ. ਫਾਰਮੇਸੀ
ਮੋ. 82838-19114

ਪ੍ਰਿੰਸੀਪਲ,
ਸਰਕਾਰੀ ਬਹੁਤਕਨੀਕੀ ਕਾਲਜ,
ਅੰਮ੍ਰਿਤਸਰ।

ਉੱਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

ਈ-ਟੈਂਡਰ ਸੂਚਨਾ

ਮੰਡਲ ਇੰਜੀਨੀਅਰ - ਟ੍ਰੈਕ, ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ **15.07.2024** ਵਕਤ **15.00** ਵਜੇ ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਬਿਆਨਾ ਰਾਸ਼ੀ ਦੀ ਜਗ੍ਹਾਂ ''ਟੈਂਡਰ ਸੁਰੱਖਿਆ ਘੋਸ਼ਣਾ ਪੱਤਰ'' ਨਿਰਧਾਰਿਤ ਪ੍ਰਾਰੂਪ ਵਿਚ ਟੈਂਡਰ ਦੇ ਨਾਲ ਈ-ਪੋਰਟਲ ਉਤੇ ਨਥੀ ਕਰੇਗਾ।

ਟੈਂਡਰ ਪ੍ਰਕਾਰ		ਟੈਂਡਰ ਅਨੁਭਾਗ		ਬੋਲੀ ਪ੍ਰਣਾਲੀ
ਖੁਲੀ		ਕੰਮ		ਏਕਲ ਬੋਲੀ ਪ੍ਰਣਾਲੀ
ਟੈਂਡਰ ਅਪਲੋਡ ਕਰਨ ਦੀ ਮਿਤੀ		ਬੋਲੀ ਸ਼ੁਰੂ ਦੀ ਮਿਤੀ		ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ
21.06.2024		01.07.2024		15.07.2024/ 15:00 ਵਜੇ
ਲ. ਨੰ:	ਟੈਂਡਰ ਨੰਬਰ	ਟੈਂਡਰ ਦਾ ਵੇਰਵਾ		
1.	102-2024-25-Track-DRM-FZR	ਵੱਖ-ਵੱਖ ਜਗ੍ਹਾਂ ਯਾਨਿ ਗਾਜੀਆਬਾਦ, ਲਖਨਊ, ਖਾਲਿਸਪੁਰ, ਕੰਦਰੋਡੀ ਜਾਂ ਹੋਰ ਜਗ੍ਹਾਂ ਤੋਂ ਫ਼ਿਰੋਜ਼ਪੁਰ ਮੰਡਲ ਦੇ ਡਿਪੋ ਢਿਲਵਾ ਅਤੇ ਡਵੀਜਨ ਦੇ ਹੋਰ ਜਗ੍ਹਾਂ ਉਤੇ ਪੀਵੇ ਸਾਮਗਰੀ ਦੇ ਲੋਡਿੰਗ, ਅਨਲੋਡਿੰਗ, ਲੀਡਿੰਗ ਅਤੇ ਸਟੈਕਿੰਗ ਦਾ ਕੰਮ।		
	ਵਿਗਿਆਪਨ ਮੂਲ (ਰੁ:)	ਆਫਰ ਦੀ ਵੈਧਤਾ	ਪੂਰਾ ਕਰਨ ਦਾ ਸਮਾਂ	
	3,42,74,019.19/-	60 ਦਿਨ	12 ਮਹੀਨੇ	
	ਸਮਾਨ ਪ੍ਰਕ੍ਰਿਤੀ ਦਾ ਕੰਮ- ਕੋਈ ਵੀ ਇੰਜੀਨੀਅਰਿੰਗ ਕੰਮ ਜਾਂ ਪਰਿਵਹਨ ਕੰਮ।			

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ।

ਨੰ: 102-2024-25-TRACK-DRM-FZR ਮਿਤੀ : 21.06.2024 1893/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਜਨਤਕ ਨੋਟਿਸ

ਮੈਂ, ਬਲਬੀਰ ਕੌਰ ਪਤਨੀ ਮਨਜੀਤ ਸਿੰਘ ਵਾਸੀ ਪਿੰਡ ਜਲਾਲ ਨੰਗਲ, ਜ਼ਿਲ੍ਹਾ ਹੁਸ਼ਿਆਰਪੁਰ (ਪੰਜਾਬ) ਸੂਚਿਤ ਕਰਦੀ ਹਾਂ ਕਿ ਮੈਂ ਫਲੈਟ ਨੰ. 402 (ਤੀਜੀ ਮੰਜ਼ਲ) ਕਿਰਗ਼ਜ਼ ਗਾਰਡਨ ਕਾਲੋਨੀ, ਨੰਗਲ ਸ਼ਾਮਾ (ਜਲੰਧਰ) ਜਾਇਦਾਦ ਬੈਨਾਮਾ ਨੰ. 5016 ਮਿਤੀ 25.07.2016 ਅਨੁਸਾਰ ਕਾਨੂੰਨੀ ਮਾਲਕ ਹਾਂ। ਅੱਗੇ ਨੋਟੀਫਾਈ ਕੀਤਾ ਜਾਂਦਾ ਹੈ ਕਿ ਮੇਰਾ ਬੈਗ, ਜਿਸ ਵਿੱਚ ਜਾਇਦਾਦ ਨਾਲ ਸੰਬੰਧਤ ਹੇਠਾਂ ਦਰਸਾਏ ਦਸਤਾਵੇਜ਼ ਸਨ, ਕਿਧਰੇ ਗੁਆਚ ਗਿਆ ਹੈ, ਜਿਸ ਸੰਬੰਧੀ ਪੁਲਸ ਵਿਭਾਗ ਕੋਲ ਆਨਲਾਈਨ ਸ਼ਿਕਾਇਤ/ਡੀ ਆਰ ਐੱਸ ਆਰ ਨੰ. 483052/2024 ਮਿਤੀ 22.06.2024 ਨੂੰ ਦਰਜ ਕਰਵਾਈ ਗਈ ਹੈ।

(1) ਅਸਲ ਬੈਨਾਮ

ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਕੀਤੇ ਵਾਅਦੇ ਤੋਂ ਮੁੱਕਰਿਆ ਪ੍ਰਸ਼ਾਸਨ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਪੰਜਾਬ ਪੁਲਸ ਵੱਲੋਂ ਪੁਰਾਣੇ ਕੇਸਾਂ ਵਿੱਚ ਗ੍ਰਿਫ਼ਤਾਰ ਕਰਕੇ 10 ਮਈ ਤੋਂ ਜੇਲ੍ਹ ਵਿੱਚ ਡੱਕਣ ਅਤੇ ਪ੍ਰਸ਼ਾਸਨ ਵੱਲੋਂ ਉਸ ਦੀ ਰਿਹਾਈ ਲਈ ਆਪਣੇ ਵਾਅਦੇ 'ਤੇ ਖਰਾ ਨਾ ਉੱਤਰਨ 'ਤੇ ਜਥੇਬੰਦੀ ਦੀ ਸੂਬਾ ਕਮੇਟੀ ਨੇ ਸਖ਼ਤ ਗੁੱਸੇ ਤੇ ਰੋਹ ਦਾ ਪ੍ਰਗਟਾਵਾ ਕੀਤਾ ਹੈ। ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ ਸੂਬਾ ਕਾਰਜਕਾਰੀ ਪ੍ਰਧਾਨ ਮਨਜੀਤ ਸਿੰਘ ਧਨੇਰ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਲਾਧੂਕਾ, ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਕਿਸ਼ਨਗੜ੍ਹ, ਮੱਖਣ ਸਿੰਘ ਭੈਣੀ ਬਾਘਾ, ਸੂਬਾ ਖਜ਼ਾਨਚੀ ਬਲਵੰਤ ਸਿੰਘ ਉੱਪਲੀ, ਔਰਤ ਵਿੰਗ ਆਗੂ ਬੀਬੀ ਅੰਮ੍ਰਿਤਪਾਲ ਕੌਰ ਤੇ ਮਹਿੰਦਰ ਸਿੰਘ ਦਿਆਲਪੁਰਾ ਨੇ ਕਿਹਾ ਕਿ ਕਿਸਾਨਾਂ, ਮਜ਼ਦੂਰਾਂ ਤੇ ਜ਼ੁਲਮ ਕਰਨ ਦੇ ਮਾਮਲੇ ਵਿੱਚ, ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਭਾਜਪਾ ਨੂੰ ਵੀ ਮਾਤ ਪਾ ਗਈ ਹੈ। ਸਾਡੇ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਵਿੱਚ ਬੰਦ ਕੀਤਾ ਗਿਆ ਸੀ ਕਿ ਕਿਸਾਨਾਂ ਵੱਲੋਂ ਭਾਜਪਾ ਦੇ ਕੀਤੇ ਜਾ ਰਹੇ ਵਿਰੋਧ ਨੂੰ ਅਸਫਲ ਕੀਤਾ ਜਾ ਸਕੇ। ਆਗੂਆਂ ਨੇ ਕਿਹਾ ਕਿ ਜਦੋਂ 17 ਮਈ ਨੂੰ ਐੱਸ ਐੱਸ ਪੀ ਫਿਰੋਜ਼ਪੁਰ ਦੇ ਦਫਤਰ ਸਾਹਮਣੇ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਧਰਨਾ ਲਾਇਆ

■ ਸੰਘਰਸ਼ ਤੇਜ਼ ਕਰਕੇ ਦਿਆਂਗੇ ਪੁਲਸ ਪ੍ਰਸ਼ਾਸਨ ਦੀ ਵਾਅਦਾ ਖਿਲਾਫੀ ਦਾ ਜਵਾਬ : ਮਨਜੀਤ ਧਨੇਰ, ਗੁਰਦੀਪ ਰਾਮਪੁਰਾ

ਗਿਆ ਸੀ ਤਾਂ ਉਦੋਂ ਪੁਲਸ ਅਧਿਕਾਰੀਆਂ ਨੇ ਜਥੇਬੰਦੀ ਦੇ ਆਗੂਆਂ ਨਾਲ ਵਾਅਦਾ ਕੀਤਾ ਸੀ ਅਤੇ ਸਟੇਜ 'ਤੇ ਆ ਕੇ ਵੀ ਐਲਾਨ ਕੀਤਾ ਸੀ ਕਿ ਉਹ ਹਰਨੇਕ ਸਿੰਘ ਮਹਿਮਾ ਦੀ ਜੇਲ੍ਹ ਤੋਂ ਰਿਹਾਈ ਲਈ ਹਰ ਸੰਭਵ ਸਹਿਯੋਗ ਕਰਨਗੇ। ਉਸ ਤੋਂ ਬਾਅਦ ਜਥੇਬੰਦੀ ਵੱਲੋਂ 14 ਜੂਨ ਨੂੰ ਐੱਸ ਐੱਸ ਪੀ ਫਿਰੋਜ਼ਪੁਰ ਦੇ ਦਫਤਰ ਦੇ ਘਿਰਾਓ ਦਾ ਐਲਾਨ ਕੀਤਾ ਗਿਆ ਸੀ। ਇਹ ਘਿਰਾਓ ਜਥੇਬੰਦੀ ਵੱਲੋਂ ਸੂਬਾ ਪੱਧਰੀ ਇਕੱਠ ਕਰਕੇ ਕੀਤਾ ਜਾਣਾ ਸੀ, ਇਸ ਤੋਂ ਘਬਰਾ ਕੇ ਉਦੋਂ ਪੁਲਸ ਪ੍ਰਸ਼ਾਸਨ ਨੇ ਫਿਰੋਜ਼ਪੁਰ ਜ਼ਿਲ੍ਹਾ ਕਮੇਟੀ ਨੂੰ ਵਾਰ-ਵਾਰ ਵਿਸ਼ਵਾਸ 'ਚ ਲੈਣ ਦੀ ਕੋਸ਼ਿਸ਼ ਕੀਤੀ ਤੇ 14 ਜੂਨ ਦਾ ਇਹ ਘਿਰਾਓ ਮੁਲਤਵੀ ਕਰਨ ਲਈ ਕਿਹਾ। ਜ਼ਿਲ੍ਹਾ ਕਮੇਟੀ ਨੇ ਪ੍ਰਸ਼ਾਸਨ ਨੂੰ ਜਵਾਬ ਦਿੱਤਾ ਕਿ ਇਹ ਧਰਨਾ ਪ੍ਰਦਰਸ਼ਨ ਸੂਬਾ ਕਮੇਟੀ ਦੀ ਅਗਵਾਈ ਵਿੱਚ ਕੀਤਾ ਜਾ ਰਿਹਾ ਹੈ, ਇਸ ਲਈ ਸੂਬਾ ਕਮੇਟੀ ਨਾਲ ਹੀ ਗੱਲਬਾਤ ਕੀਤੀ ਜਾਵੇ। ਪ੍ਰਸ਼ਾਸਨ ਨੇ ਸੂਬਾ ਕਮੇਟੀ ਨਾਲ ਤਾਲਮੇਲ ਕਰਕੇ ਗੱਲਬਾਤ ਕਰਨ ਲਈ ਬੁਲਾਇਆ ਤੇ ਐੱਸ ਐੱਸ ਪੀ ਫਿਰੋਜ਼ਪੁਰ ਦਫਤਰ ਵਿੱਚ ਹੋਈ ਮੀਟਿੰਗ 'ਚ ਦੁਬਾਰਾ ਫਿਰ ਪ੍ਰਸ਼ਾਸਨ ਨੇ ਜਥੇਬੰਦੀ ਨੂੰ ਇਹ ਪੂਰਾ ਭਰੋਸਾ ਦਿਵਾਇਆ ਕਿ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਵੱਧ ਤੋਂ ਵੱਧ ਸਹਿਯੋਗ ਕੀਤਾ ਜਾਵੇਗਾ। ਪ੍ਰਸ਼ਾਸਨ ਨੇ ਇਸ ਵਾਸਤੇ ਇੱਕ ਹਫਤੇ ਦਾ ਸਮਾਂ ਮੰਗਿਆ ਸੀ, ਪ੍ਰੰਤੂ ਪ੍ਰਸ਼ਾਸਨ ਆਪਣੇ ਵਾਅਦੇ 'ਤੇ ਖਰਾ ਨਹੀਂ ਉੱਤਰਿਆ। ਸੂਬਾ ਕਮੇਟੀ ਨੇ ਮਹਿਸੂਸ ਕੀਤਾ ਕਿ ਅਸਲ ਵਿੱਚ ਪੁਲਸ ਪ੍ਰਸ਼ਾਸਨ, ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਜਥੇਬੰਦੀ ਨੂੰ ਟਰਕਾਉਣ ਦੀ ਨੀਤੀ 'ਤੇ ਚੱਲ ਰਿਹਾ ਹੈ ਅਤੇ ਹਰਨੇਕ ਸਿੰਘ ਮਹਿਮਾ ਨੂੰ ਜੇਲ੍ਹ ਵਿੱਚ ਡੱਕੀ ਰੱਖ ਕੇ ਕਿਸਾਨ ਕਾਫ਼ਲਿਆਂ ਨੂੰ ਆਗੂ ਰਹਿਤ ਤੇ ਦਹਿਸ਼ਤ-ਜ਼ਦਾ ਕਰਨਾ ਚਾਹੁੰਦਾ ਹੈ। ਸੂਬਾ ਪ੍ਰੈੱਸ ਸਕੱਤਰ ਅੰਗਰੇਜ਼ ਸਿੰਘ ਭਦੌੜ ਨੇ ਕਿਹਾ ਕਿ ਪ੍ਰਸ਼ਾਸਨ ਨੇ ਵਾਰ-ਵਾਰ ਹਫਤੇ ਦਾ ਸਮਾਂ ਮੰਗ ਕੇ ਧਰਨਾ ਮੁਲਤਵੀ ਕਰਵਾਇਆ ਸੀ ਤਾਂ ਪ੍ਰਸ਼ਾਸਨ ਨੂੰ ਆਪਣੇ ਵਾਅਦੇ 'ਤੇ ਕਾਇਮ ਰਹਿਣਾ ਚਾਹੀਦਾ ਸੀ। ਪ੍ਰਸ਼ਾਸਨ ਵੱਲੋਂ ਵਾਅਦਾ ਨਾ ਨਿਭਾਉਣ ਕਰਕੇ ਜਥੇਬੰਦੀ ਵਿੱਚ ਸਖ਼ਤ ਗੁੱਸਾ ਤੇ ਰੋਹ ਹੈ। ਇਸ ਲਈ ਜਲਦੀ ਹੀ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਅਗਲੇ ਸਖ਼ਤ ਪ੍ਰੋਗਰਾਮ ਦਾ ਐਲਾਨ ਕੀਤਾ ਜਾਵੇਗਾ ਤੇ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਆਰ ਜਾਂ ਪਾਰ ਦੀ ਲੜਾਈ ਲੜੀ ਜਾਵੇਗੀ।

ਹੈਰੋਇਨ, ਸਮੈਕ ਤੇ ਨਸ਼ੇ ਦੇ ਟੀਕਿਆਂ ਸਣੇ ਤਿੰਨ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਹੈਰੋਇਨ, ਸਮੈਕ ਅਤੇ ਨਸ਼ੇ ਦੇ ਟੀਕਿਆਂ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਰਹਿੰਦ ਦੇ ਨਵੇਂ ਬੱਸ ਅੱਡੇ ਨੇੜਲੇ ਅੰਡਰਬ੍ਰਿਜ ਕੋਲ ਪੁਲਸ ਵੱਲੋਂ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਬੱਸ ਅੱਡੇ ਵੱਲੋਂ ਪੈਦਲ ਤੁਰਿਆ ਆ ਰਿਹਾ ਮੋਨਾ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਕਾਹਲੀ ਵਿੱਚ ਪਿੱਛੇ ਨੂੰ ਮੁੜਨ ਲੱਗਾ ਜਿਸ ਨੂੰ ਸ਼ੱਕ ਦੇ ਆਧਾਰ ਤੇ ਕਾਬੂ ਕਰਕੇ ਨਾਮ ਪਤਾ ਪੁੱਛੇ ਜਾਣ 'ਤੇ ਉਕਤ ਨੌਜਵਾਨ ਨੇ ਆਪਣੀ ਪਹਿਚਾਣ ਲਵਪ੍ਰੀਤ ਸਿੰਘ ਉਰਫ ਮਨੀ ਵਾਸੀ ਪਿੰਡ ਤਲਵੰਡੀ ਭੰਗੇਰੀਆਂ (ਮੋਗਾ) ਵਜੋਂ ਦੱਸੀ। ਨਬੀਪੁਰ ਚੌਕੀ ਇੰਚਾਰਜ ਥਾਣੇਦਾਰ ਸੰਜੀਵ ਕੁਮਾਰ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਲਵਪ੍ਰੀਤ ਸਿੰਘ ਦੇ ਕਬਜ਼ੇ 'ਚੋਂ 80 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਸਬੰਧੀ ਥਾਣਾ ਸਰਹਿੰਦ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਲਵਪ੍ਰੀਤ ਸਿੰਘ ਨੂੰ ਗ੍ਰਿਫਤਾਰ ਕਰਕੇ ਚੌਕੀ ਇੰਚਾਰਜ ਸੰਜੀਵ ਕੁਮਾਰ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ। ਇੱਕ ਵੱਖਰੇ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਦੇ ਦਲੀਪ ਨਗਰ ਇਲਾਕੇ 'ਚ ਸਰਚ ਆਪ੍ਰੇਸ਼ਨ ਚਲਾ ਰਹੀ ਪੁਲਸ ਪਾਰਟੀ ਵੱਲੋਂ ਰੋਕੇ ਗਏ ਪਰਮਿੰਦਰ ਸਿੰਘ ਉਰਫ ਜੌਨੀ ਵਾਸੀ ਮੰਡੀ ਗੋਬਿੰਦਗੜ੍ਹ ਦੇ ਕਬਜ਼ੇ 'ਚੋਂ 4 ਟੀਕੇ ਪੈਂਟਾਜ਼ੋਸਿਨ ਬਰਾਮਦ ਹੋਣ 'ਤੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਵੱਲੋਂ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ। ਇੱਕ ਵੱਖਰੇ ਮਾਮਲੇ 'ਚ ਚੈਕਿੰਗ ਕਰ ਰਹੀ ਪੁਲਸ ਪਾਰਟੀ ਵੱਲੋਂ ਹਰਮਿੰਦਰ ਸਿੰਘ ਉਰਫ ਜੱਗੀ ਵਾਸੀ ਪਿੰਡ ਸਿੱਧੂਪੁਰ ਕਲਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਗਿਆ। ਸਹਾਇਕ ਥਾਣੇਦਾਰ ਹਰਬੰਸ ਸਿੰਘ ਵੱਲੋਂ ਲਈ ਗਈ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ 'ਚੋਂ 8 ਗ੍ਰਾਮ ਸਮੈਕ ਬਰਾਮਦ ਹੋਈ। ਇਸ ਸਬੰਧੀ ਥਾਣਾ ਖਮਾਣੋਂ ਵਿਖੇ ਦਰਜ ਕਰਵਾਏ ਗਏ ਮੁਕੱਦਮੇ 'ਚ ਹਰਮਿੰਦਰ ਸਿੰਘ ਉਰਫ ਜੱਗੀ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਹਰਬੰਸ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਪੁਲਸ ਵੱਲੋਂ ਬਾਸਕਟਬਾਲ ਟੂਰਨਾਮੈਂਟ

ਲੁਧਿਆਣਾ (ਰਾਜ ਸਿੰਗਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚਲਾਈ ਜਾ ਰਹੀ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਦੇ ਹਿੱਸੇ ਵਜੋਂ, ਲੁਧਿਆਣਾ ਦਿਹਾਤੀ ਪੁਲਸ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਦਿਸ਼ਾ ਵੱਲ ਸੇਧ ਦੇਣ ਦੇ ਮੰਤੋਨਜ਼ਰ ਜ਼ਿਲ੍ਹਾ ਪੱਧਰੀ ਬਾਸਕਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਹ ਟੂਰਨਾਮੈਂਟ ਐੱਸ ਐੱਸ ਪੀ ਲੁਧਿਆਣਾ (ਦਿਹਾਤੀ) ਨਵਨੀਤ ਸਿੰਘ ਬੈਂਸ ਦੀ ਦੇਖ-ਰੇਖ ਹੇਠ ਅਰਜੁਨਾ ਐਵਾਰਡੀ ਗੁਰਦਿਆਲ ਸਿੰਘ ਮੱਲ੍ਹੀ ਦੇ ਪਿੰਡ ਗੁੜ੍ਹੇ, ਮੁੱਲਾਂਪੁਰ ਦਾਖਾ ਵਿਖੇ ਕਰਵਾਇਆ ਗਿਆ। ਜ਼ਿਕਰਯੋਗ ਹੈ ਕਿ ਨਸ਼ਾ ਤਸਕਰਾਂ ਵਿਰੁੱਧ ਚੱਲ ਰਹੀ ਕਾਰਵਾਈ ਤਹਿਤ ਪੰਜਾਬ ਪੁਲਸ ਵੱਲੋਂ 'ਰੋਕਥਾਮ' ਦੇ ਹਿੱਸੇ ਵਜੋਂ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਤੇ ਨਸ਼ਿਆਂ ਵਿਰੁੱਧ ਜੰਗ ਵਿੱਚ ਆਮ ਲੋਕਾਂ ਦਾ ਸਹਿਯੋਗ ਲੈਣ ਲਈ ਵੱਖ-ਵੱਖ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਾਰੇ 28 ਪੁਲਸ ਜ਼ਿਲ੍ਹਿਆਂ ਵਿੱਚ ਬਾਸਕਟਬਾਲ ਟੂਰਨਾਮੈਂਟ, ਕਬੱਡੀ, ਕ੍ਰਿਕਟ ਮੈਚ, ਵਾਲੀਬਾਲ, ਫੁੱਟਬਾਲ, ਸਾਈਕਲੋਥੌਨ,

ਜਾਗਰੂਕਤਾ ਕੈਂਪ, ਨਾਟਕ, ਨੁੱਕੜ ਨਾਟਕ, ਮੈਰਾਥਨ, ਸੈਮੀਨਾਰ ਤੇ ਜਨਤਕ ਮੀਟਿੰਗਾਂ ਸਮੇਤ ਸਮਾਗਮ ਕਰਵਾਏ ਜਾ ਰਹੇ ਹਨ। ਰਾਜ ਸਰਕਾਰ ਨੇ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ-ਇਨਫੋਰਸਮੈਂਟ, ਡੀਅਡੀਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) ਨੂੰ ਲਾਗੂ ਕੀਤਾ ਹੈ।

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਸ (ਡੀ.ਆਈ.ਜੀ.) ਲੁਧਿਆਣਾ ਰੇਂਜ ਧਨਪ੍ਰੀਤ ਕੌਰ ਨੇ ਕਿਹਾ ਕਿ ਅਜਿਹੇ ਸਮਾਗਮ ਕਰਵਾਉਣ ਦਾ ਮੁੱਖ ਮਕਸਦ ਸਮਾਜ, ਖਾਸ ਕਰਕੇ ਨੌਜਵਾਨਾਂ, ਨੂੰ ਇੱਕਜੁਟ ਕਰਨਾ ਤੇ ਖੇਡਾਂ ਜ਼ਰੀਏ ਟੀਮ ਵਰਕ, ਅਨੁਸ਼ਾਸਨ ਤੇ ਸਿਹਤਮੰਦ ਜੀਵਨ ਵੱਲ ਸੇਧਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਟੂਰਨਾਮੈਂਟ ਨੇ ਨਾ ਕੇਵਲ ਇੱਕ ਮੁਕਾਬਲੇ ਦੇ ਪਲੇਟਫਾਰਮ ਵਜੋਂ ਕੰਮ ਕੀਤਾ ਹੈ, ਬਲਕਿ ਨਸ਼ਿਆਂ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਇੱਕ ਅਹਿਮ ਪੇਸ਼ਕਦਮੀ ਵੀ ਸਾਬਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲਕਦਮੀ ਰਾਹੀਂ ਲੁਧਿਆਣਾ ਦਿਹਾਤੀ ਪੁਲਸ ਨੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਆਪਣੇ ਸਮਰਪਣ ਨੂੰ ਹੋਰ ਮਜ਼ਬੂਤ ਕੀਤਾ ਹੈ। ਇਹ ਸਮਾਗਮ ਬਹੁਤ ਪ੍ਰਭਾਵਸ਼ਾਲੀ ਰਿਹਾ, ਜਿਸ ਵਿੱਚ ਲੜਕਿਆਂ ਦੀਆਂ ਛੇ ਟੀਮਾਂ ਤੇ ਲੜਕੀਆਂ ਦੀਆਂ ਦੋ ਟੀਮਾਂ ਸਮੇਤ ਕੁੱਲ ਅੱਠ ਟੀਮਾਂ ਨੇ ਭਾਗ ਲਿਆ। ਪੁਰਸ਼ ਵਰਗ ਵਿੱਚ ਲੁਧਿਆਣਾ ਬਾਸਕਟਬਾਲ ਅਕੈਡਮੀ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਜ਼ਿਲ੍ਹਾ ਲੁਧਿਆਣਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਇਸੇ ਤਰ੍ਹਾਂ ਮਹਿਲਾ ਵਰਗ ਵਿੱਚ ਲੁਧਿਆਣਾ ਬਾਸਕਟਬਾਲ ਅਕੈਡਮੀ ਪਹਿਲੇ ਤੇ ਲੁਧਿਆਣਾ ਬਾਸਕਟਬਾਲ ਕਲੱਬ ਦੂਜੇ ਸਥਾਨ 'ਤੇ ਰਿਹਾ। ਇਸ ਮੌਕੇ ਡੀ ਆਈ ਜੀ ਧਨਪ੍ਰੀਤ ਕੌਰ ਦੇ ਨਾਲ ਐੱਸ ਐੱਸ ਪੀ ਨਵਨੀਤ ਸਿੰਘ ਬੈਂਸ ਨੇ ਜੇਤੂਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਨਕਦ ਇਨਾਮ, ਟਰਾਫੀਆਂ ਤੇ ਮੈਡਲ ਦੇ ਕੇ ਸਨਮਾਨਤ ਕੀਤਾ।

ਕਾਤਰਾਂ

ਨਸ਼ੇੜੀਆਂ ਦੀ ਵਾਇਰਲ ਵੀਡੀਓ ਦੇਖ ਪੁਲਸ ਹਰਕਤ 'ਚ, 5 ਕਾਬੂ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਡਾ. ਪ੍ਰਿਗਿਆ ਜੈਨ ਐੱਸ ਐੱਸ ਪੀ ਫਾਜ਼ਿਲਕਾ ਦੀ ਅਗਵਾਈ ਹੇਠ ਫਾਜ਼ਿਲਕਾ ਪੁਲਸ ਵੱਲੋਂ ਨਸ਼ਾ ਤਸਕਰਾਂ 'ਤੇ ਸਖ਼ਤ ਐਕਸ਼ਨ ਲਿਆ ਜਾ ਰਿਹਾ ਹੈ। ਇਸੇ ਮੁਹਿੰਮ ਦੇ ਤਹਿਤ ਥਾਣਾ ਸਦਰ ਜਲਾਲਾਬਾਦ ਅਧੀਨ ਪੈਂਦੇ ਪਿੰਡ ਹਜਾਰਾ ਰਾਮ ਸਿੰਘ ਵਾਲਾ ਵਿੱਚ ਕੁਝ ਨਸ਼ੇੜੀਆਂ ਦੀ ਵੀਡੀਓ ਵਾਇਰਲ ਹੋਣ ਤੋਂ ਤੁਰੰਤ ਬਾਅਦ ਕਾਰਵਾਈ ਕਰਦੇ ਹੋਏ 5 ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਖਿਲਾਫ 110 ਸੀ ਆਰ ਪੀ ਸੀ ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸ੍ਰੀ ਅੱਛਰੂ ਰਾਮ ਡੀ ਐੱਸ ਪੀ ਸਬ ਡਵੀਜ਼ਨ ਜਲਾਲਾਬਾਦ ਨੇ ਦੱਸਿਆ ਕਿ ਕਾਬੂ ਕੀਤੇ ਦੋਸ਼ੀਆਂ ਵਿੱਚ ਜਗਦੀਸ਼ ਸਿੰਘ ਪੁੱਤਰ ਹਰਨਾਮ ਸਿੰਘ, ਗੁਰਮੇਜ ਸਿੰਘ ਉਰਫ ਗੇਜੀ ਪੁੱਤਰ ਹਰਨਾਮ ਸਿੰਘ ਵਾਸੀਆਨ ਹਜਾਰਾ ਰਾਮ ਸਿੰਘ ਵਾਲਾ, ਸ਼ੀਲੋ ਬਾਈ ਪਤਨੀ ਜਰਨੈਲ ਸਿੰਘ, ਕੈਲਾਸ਼ ਰਾਣੀ ਪਤਨੀ ਸੁਰਜੀਤ ਸਿੰਘ ਵਾਸੀਆਨ ਸੁਖੇਰਾ ਬੋਦਲਾ ਤੇ ਸਲਵਿੰਦਰ ਸਿੰਘ ਪੁੱਤਰ ਮਨਜੀਤ ਸਿੰਘ ਵਾਸੀ ਮੋਹਕਮ ਅਰਾਈਆਂ ਸ਼ਾਮਲ ਹਨ। ਇਨ੍ਹਾਂ ਸਾਰਿਆਂ 'ਤੇ ਹੀ ਪਹਿਲਾਂ ਵੀ ਚੋਰੀ, ਲੁੱਟਾਂ-ਖੋਹਾਂ ਤੇ ਐੱਨ.ਡੀ.ਪੀ.ਐੱਸ. ਐਕਟ ਤਹਿਤ ਕਈ ਮੁਕੱਦਮੇ ਦਰਜ ਹਨ, ਜਿਨ੍ਹਾਂ ਨੂੰ ਕਾਬੂ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਤੁਹਾਡੇ ਆਸ-ਪਾਸ ਕੋਈ ਨਸ਼ਾ ਵੇਚਦਾ ਹੈ ਤਾਂ ਉਸ ਦੀ ਜਾਣਕਾਰੀ ਪੁਲਸ ਨੂੰ ਦਿਓ, ਤੁਹਾਡੀ ਜਾਣਕਾਰੀ ਗੁਪਤ ਰੱਖੀ ਜਾਵੇਗੀ।

ਨਗਰ ਕੌਂਸਲ ਨੇ ਗਿੱਲੇ ਸੁੱਕੇ ਕੂੜੇ ਤੋਂ ਤਿਆਰ ਕੀਤੀ ਜੈਵਿਕ ਖਾਦ ਵੰਡੀ

ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)-ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਗੁਰਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਦੀ ਅਗਵਾਈ ਵਿੱਚ ਨਗਰ ਕੌਂਸਲ ਵੱਲੋਂ ਗਿੱਲੇ ਸੁੱਕੇ ਕੂੜੇ ਨੂੰ ਅਲੱਗ ਅਲੱਗ ਕਰਕੇ ਤਿਆਰ ਕੀਤੀ ਜੈਵਿਕ ਖਾਦ ਦਾ ਕੈਂਪ ਲਗਾਇਆ ਗਿਆ। ਸੈਨੇਟਰੀ ਇੰਸਪੈਕਟਰ ਸੁਖਦੇਵ ਸਿੰਘ ਬਿੱਟੂ ਤੇ ਸੰਜੀਵ ਕੁਮਾਰ (ਲੇਖਾਕਾਰ) ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਸੀਂ ਪਹਿਲਾਂ ਵੀ ਨਗਰ ਕੌਂਸਲ ਵੱਲੋਂ ਦਿੱਲੀ, ਚੰਡੀਗੜ੍ਹ, ਲੁਧਿਆਣਾ ਤੇ ਹੋਰ

26-Jun-PAGE-8.qxd 6/25/2024 10:57 PM Page 1

105 ਸਾਲਾ ਬਜ਼ੁਰਗ ਦੀ ਬਾਂਹ 'ਚ ਪਾਈ ਰਾਡ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਆਈ.ਵੀ.ਵਾਈ ਹਸਪਤਾਲ ਵਿੱਚ 105 ਸਾਲਾਂ ਦੇ ਵਿਅਕਤੀ ਦੀ ਸੱਜੀ ਬਾਂਹ ਦੇ ਫਰੈਕਚਰ ਲਈ ਰਾਡ ਪਾਉਣ ਲਈ ਸਫ਼ਲ ਸਰਜਰੀ ਕੀਤੀ ਗਈ।ਆਈ.ਵੀ.ਵਾਈ. ਦੇ ਆਰਥੋਪੀਡਿਕ ਸਰਜਨ ਡਾ. ਸੰਦੀਪ ਸਿੰਘ, ਜਿਨ੍ਹਾਂ ਨੇ ਕਿਰਪਾਲ ਸਿੰਘ ਦਾ ਆਪਰੇਸ਼ਨ ਕੀਤਾ, ਨੇ ਕਿਹਾ ਕਿ ਬਲੱਡ ਪ੍ਰੈਸ਼ਰ ਦੀਆਂ ਸਮੱਸਿਆਵਾਂ ਅਤੇ ਗੁਰਦੇ ਦੇ ਖਰਾਬ ਕੰਮਕਾਜ ਵਰਗੀਆਂ ਬਿਮਾਰੀਆਂ ਵਾਲੇ ਬਜ਼ੁਰਗ ਮਰੀਜ਼ ਲਈ ਅਜਿਹੀ ਸਰਜਰੀ ਲਈ ਵਿਸ਼ੇਸ਼ ਅਨੱਸਥੀਸੀਆ ਸਹਾਇਤਾ, ਪੋਸਟ-ਆਪਰੇਟਿਵ ਦੇਖਭਾਲ ਅਤੇ ਵਿਆਪਕ ਪੁਨਰਵਾਸ ਦੀ ਲੋੜ ਹੁੰਦੀ ਹੈ।ਉਨ੍ਹਾਂ ਕਿਹਾ ਕਿ ਸਰਜਰੀ ਤੋਂ ਬਾਅਦ ਮਰੀਜ਼ ਵਿੱਚ ਕਾਫੀ ਸੁਧਾਰ ਹੋਇਆ ਹੈ ਅਤੇ ਉਸ ਨੂੰ ਛੁੱਟੀ ਦੇ ਦਿੱਤੀ ਗਈ ਹੈ।ਡਾ. ਸੰਜੇ ਪੁਰੀ ਜੀ.ਐਮ ਓਪਰੇਸ਼ਨਜ਼ ਆਈ.ਵੀ.ਵਾਈ ਹਸਪਤਾਲ ਨੇ ਕਿਹਾ, ਇਹ ਸਰਜਰੀ ਸਾਡੇ ਡਾਕਟਰਾਂ ਦੇ ਹੁਨਰ ਅਤੇ ਸਮਰਪਣ ਨੂੰ ਦਰਸਾਉਂਦੀ ਹੈ ਅਤੇ ਹੈਲਥਕੇਅਰ ਕਮਿਊਨਿਟੀ ਲਈ ਇੱਕ ਪ੍ਰੇਰਨਾ ਵਜੋਂ ਕੰਮ ਕਰਦੀ ਹੈ।ਪੰਜਾਬ ਖੇਤਰ ਵਿੱਚ ਮਲਟੀਸਪੈਸ਼ਲਿਟੀ ਹਸਪਤਾਲਾਂ ਦੀ ਸਭ ਤੋਂ ਵੱਡੀ ਲੜੀ ਆਈ.ਵੀ.ਵਾਈ ਹੈਲਥਕੇਅਰ ਗਰੁੱਪ, ਅਡਵਾਂਸ ਇਲਾਜਾਂ ਅਤੇ ਮੈਡੀਕਲ ਉੱਤਮਤਾ ਲਈ ਜਾਣਿਆ ਜਾਂਦਾ ਹੈ।

ਡੇਂਗੂ ਦੀ ਰੋਕਥਾਮ ਲਈ ਸਿਹਤ ਵਿਭਾਗ ਦੀਆਂ ਟੀਮਾਂ ਸਰਗਰਮ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)ਆਗਾਮੀ ਬਰਸਾਤੀ ਮੌਸਮ ਦੇ ਸਨਮੁਖ ਡੇਂਗੂ ਬੁਖ਼ਾਰ ਦੀ ਰੋਕਥਾਮ ਲਈ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਸਰਗਰਮ ਹੋ ਗਈਆਂ ਹਨ। ਸਿਹਤ ਕਾਮਿਆਂ ਵਲੋਂ ਜਿਥੇ ਘਰ-ਘਰ ਜਾ ਕੇ ਜਾਂਚ ਦਾ ਕੰਮ ਕੀਤਾ ਜਾ ਰਿਹਾ ਹੈ, ਉਥੇ ਲੋਕਾਂ ਨੂੰ ਡੇਂਗੂ ਬੁਖ਼ਾਰ ਤੋਂ ਬਚਾਅ ਲਈ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਸਿਵਲ ਸਰਜਨ ਡਾ. ਦਵਿੰਦਰ ਕੁਮਾਰ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸੁਭਾਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦਸਿਆ ਕਿ ਸਿਹਤ ਵਰਕਰਾਂ ਦੀਆਂ ਟੀਮਾਂ ਜ਼ਿਲ੍ਹੇ 'ਚ ਘਰਾਂ ਅਤੇ ਹੋਰ ਥਾਵਾਂ 'ਤੇ ਜਾ ਕੇ ਕੂਲਰਾਂ, ਫ਼ਰਿੱਜਾਂ ਦੀਆਂ ਟਰੇਆਂ, ਗਮਲਿਆਂ, ਖ਼ਾਲੀ ਪਏ ਟਾਇਰਾਂ, ਬਕਸਿਆਂ ਤੇ ਹੋਰ ਸਮਾਨ ਦੀ ਜਾਂਚ ਕਰ ਰਹੀਆਂ ਹਨ ਤਾਕਿ ਕਿਤੇ ਵੀ ਪਾਣੀ ਖੜ੍ਹਾ ਨਾ ਰਹਿ ਸਕੇ। ਉਨ੍ਹਾਂ ਆਖਿਆ ਕਿ ਡੇਂਗੂ ਬੁਖ਼ਾਰ ਤੋਂ ਬਚਾਅ ਦਾ ਇਕੋ-ਇਕ ਤਰੀਕਾ ਕਿਤੇ ਵੀ ਪਾਣੀ ਜਮ੍ਹਾਂ ਨਾ ਹੋਣ ਦੇਣਾ ਹੈ ਕਿਉਂਕਿ ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਸਾਫ਼ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ। ਉਨ੍ਹਾਂ ਦਸਿਆ ਕਿ ਭਾਵੇਂ ਡੇਂਗੂ ਬੁਖ਼ਾਰ ਹੋਣ ਦਾ ਕੋਈ ਪੱਕਾ ਮੌਸਮ ਨਹੀਂ ਪਰ ਆਮ ਤੌਰ 'ਤੇ ਇਹ ਬੁਖ਼ਾਰ ਜੁਲਾਈ ਤੋਂ ਲੈ ਕੇ ਨਵੰਬਰ ਤਕ ਜ਼ਿਆਦਾ ਹੁੰਦਾ ਹੈ।

ਸਿਵਲ ਸਰਜਨ ਨੇ ਡੇਂਗੂ ਦੀ ਰੋਕਥਾਮ ਲਈ ਜ਼ਿਲ੍ਹਾ ਵਾਸੀਆਂ ਨੂੰ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਅਪਣੇ ਘਰਾਂ ਅਤੇ ਆਲੇ ਦੁਆਲੇ ਕਿਤੇ ਵੀ ਸਾਫ਼ ਜਾਂ ਗੰਦਾ ਪਾਣੀ ਖੜਾ ਨਾ ਹੋਣ ਦੇਣ। ਡੇਂਗੂ ਬੁਖ਼ਾਰ ਫੈਲਾਉਣ ਵਾਲਾ ਮੱਛਰ ਦਿਨ ਵੇਲੇ ਕੱਟਦਾ ਹੈ ਅਤੇ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ। ਜੇ ਕੋਈ ਸ਼ੱਕੀ ਡੇਂਗੂ ਪੀੜਤ ਹੈ ਤਾਂ ਤੁਰਤ ਨਜ਼ਦੀਕੀ ਹਸਪਤਾਲ ਵਿਚ ਜਾ ਕੇ ਜਾਂਚ ਕਰਵਾਈ ਜਾਵੇ। ਸਰਕਾਰੀ ਸਿਹਤ ਸੰਸਥਾਵਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਬਿਲਕੁਲ ਮੁਫ਼ਤ ਹੁੰਦਾ ਹੈ। ਜਾਣਕਾਰੀ ਲਈ ਸਿਹਤ ਵਿਭਾਗ ਦੀ ਹੈਲਪਲਾਈਨ ਨੰਬਰ 104 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਡੇਂਗੂ ਬੁਖ਼ਾਰ ਦੇ ਲੱਛਣ-ਡੇਂਗੂ ਇਕ ਬੁਖ਼ਾਰ ਹੈ ਜੋ ਏਡੀਜ਼ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ। ਡੇਂਗੂ ਦੇ ਆਮ ਲੱਛਣਾਂ ਵਿਚ ਤੇਜ਼ ਸਿਰਦਰਦ ਅਤੇ ਤੇਜ਼ ਬੁਖ਼ਾਰ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖ ਦੇ ਪਿਛਲੇ ਹਿੱਸੇ ਵਿਚ ਦਰਦ, ਹਾਲਤ ਖ਼ਰਾਬ ਹੋਣ 'ਤੇ ਨੱਕ, ਮੂੰਹ ਅਤੇ ਮਸੂੜਿਆਂ ਵਿਚੋਂ ਖ਼ੂਨ ਵਗਣਾ, ਜੀਅ ਕੱਚਾ ਹੋਣਾ ਅਤੇ ਉਲਟੀਆਂ ਆਉਣਾ ਆਦਿ ਸ਼ਾਮਲ ਹਨ। ਡੇਂਗੂ ਫੈਲਾਉਣ ਵਾਲੇ ਮੱਛਰ ਖੜੇ ਸਾਫ਼ ਪਾਣੀ ਵਿਚ ਪਲਦੇ ਹਨ ਜਿਵੇਂ ਕੂਲਰਾਂ ਵਿਚ, ਪਾਣੀ ਦੀਆਂ ਟੈਂਕੀਆਂ ਵਿਚ, ਫੁੱਲਾਂ ਦੇ ਗਮਲਿਆਂ ਵਿਚ, ਫ਼ਰਿੱਜਾਂ ਪਿੱਛੇ ਲੱਗੀ ਟਰੇਅ ਵਿਚ, ਟੁੱਟੇ-ਭੱਜੇ/ਸੁੱਟੇ ਭਾਂਡਿਆਂ ਅਤੇ ਖ਼ਾਲੀ ਪਏ ਟਾਇਰਾਂ ਅਤੇ ਪਾਣੀ ਵਾਲੇ ਢੋਲਾਂ ਆਦਿ ਵਿਚ।

ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਵੱਲੋਂ ਝੰਡਾ ਮਾਰਚ 'ਚ ਸ਼ਾਮਲ ਹੋਣ ਦਾ ਫੈਸਲਾ

ਐਜਲੰਧਰ (ਰਾਜੇਸ਼ ਥਾਪਾ) ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜ਼ਿਲ੍ਹਾ ਜਲੰਧਰ ਵੱਲੋਂ ਐਨ ਪੀ ਐਸ ਮੁਲਾਜ਼ਮਾਂ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੇ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਜਲੰਧਰ ਦੇ ਕਨਵੀਨਰ ਕੁਲਦੀਪ ਵਾਲੀਆ ਅਤੇ ਦਿਲਬਾਗ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਲਗਾਤਾਰ ਢਾਈ ਸਾਲ ਬੀਤ ਜਾਣ ਦੇ ਬਾਅਦ ਵੀ ਮੁਲਾਜ਼ਮ ਮਸਲੇ ਜਿਵੇਂ ਪੁਰਾਣੀ ਪੈਨਸ਼ਨ ਬਹਾਲੀ, ਛੇਵੇਂ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਨਾ ਦੇਣਾ,ਮੁਲਾਜ਼ਮਾਂ ਦੇ ਕੱਟੇ ਹੋਏ ਭੱਤੇ,ਵੱਖ ਵੱਖ ਵਿਭਾਗਾਂ ਦੇ ਵਿੱਚ ਪ੍ਰਮੋਸ਼ਨਾਂ ਨਾ ਕਰਨਾ, ਖਾਲੀ ਪਈਆਂ ਵੱਖ-ਵੱਖ ਵਿਭਾਗਾਂ ਦੇ ਵਿੱਚ ਹਜ਼ਾਰਾਂ ਅਸਾਮੀਆਂ ਨੂੰ ਨਾ ਭਰਨਾ, ਪੈਨਸ਼ਨਰਾਂ ਨੂੰ 2.59 ਦਾ ਗੁਣਾਂਕ ਨਾ ਦੇਣਾ,ਇਹ ਸਭ ਸਰਕਾਰ ਦੀ ਨਾਕਾਮੀ ਹੈ। ਜੇਕਰ ਸਾਡੇ ਮਸਲੇ ਹੱਲ ਨਾ ਹੋਏ ਤਾਂ ਆਉਣ ਵਾਲੀਆਂ ਜ਼ਿਮਨੀ ਚੋਣਾਂ ਦੇ ਵਿੱਚ ਸਰਕਾਰ ਨੂੰ ਇਸ ਦਾ ਖਮਿਆਜਾ ਭੁਗਤਣਾ ਪਵੇਗਾ। ਜ਼ਿਲ੍ਹਾ ਕਨਵੀਨਰ ਵਾਲੀਆਂ ਨੇ 27, ਜੂਨ ਨੂੰ ਸਰਕਾਰ ਵਿਰੁੱਧ ਸੀ ਪੀ ਐਫ਼ ਕਰਮਚਾਰੀ ਯੂਨੀਅਨ ਵੱਲੋਂ ਕੀਤੇ ਜਾ ਰਹੇ ਝੰਡਾ ਮਾਰਚ 'ਚ ਸ਼ਾਮਲ ਹੋਣ ਦਾ ਐਲਾਨ ਕੀਤਾ।ਇਸ ਸਮੇਂ ਵੇਦ ਰਾਜ,ਕਰਨੈਲ ਫਿਲੌਰ, ਪ੍ਰੇਮ ਖਲਵਾੜਾ, ਰਣਜੀਤ ਸਿੰਘ,ਅਮਰਜੀਤ ਭਗਤ,ਸੰਦੀਪ ਰਾਜੋਵਾਲ,ਮੋਹਣ ਲਾਲ, ਸੁਰਜੀਤ ਨਾਹਲ,ਅਨਿਲ ਸ਼ਰਮਾ ,ਕਸਤੂਰੀ ਲਾਲ , ਰਮਨ ਕੁਮਾਰ , ਰਾਜੇਸ਼ ਭੱਟੀ , ਪਰਦੀਪ ਕੁਮਾਰ , ਰਕੇਸ਼ ਠਾਕੁਰ,ਬਾਦਲ ਸਹੌਤਾ,ਪਿਆਰਾ ਸਿੰਘ ਤੇ ਹੋਰ ਸਾਥੀ ਵੀ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਵੱਲੋਂ ਪੀ ਏ ਪੀ ਚੌਕ ਵਿਖੇ ਵਾਧੂ ਅਟੈਚਮੈਂਟ ਲਈ ਸਰਵੇਖਣ ਦੀ ਸਮੀਖਿਆ

ਜਲੰਧਰ (ਸ਼ੈਲੀ ਐਲਬਰਟ) -: ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਸ਼ਹਿਰ ਤੋਂ ਅੰਮ੍ਰਿਤਸਰ ਵੱਲ ਜਾਣ ਵਾਲੇ ਯਾਤਰੀਆਂ ਦੀ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ ਪੀ.ਏ.ਪੀ. ਚੌਕ ਵਿਖੇ ਵਾਧੂ ਅਟੈਚਮੈਂਟ ਲਈ ਚੱਲ ਰਹੇ ਸਰਵੇਖਣ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

ਡਾ. ਅਗਰਵਾਲ ਨੇ ਸਰਵੇ, ਡਰਾਇੰਗ ਤਿਆਰ ਕਰਨ ਵਿੱਚ ਤੇਜ਼ੀ ਲਿਆਉਣ 'ਤੇ ਜ਼ੋਰ ਦਿੰਦਿਆਂ ਸਬੰਧਤ ਵਿਭਾਗਾਂ ਨੂੰ ਇਸ ਕੰਮ ਨੂੰ ਜਲਦ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਚੱਲ ਰਹੇ ਸਰਵੇਖਣ ਨੂੰ ਸਮੇਂ ਸਿਰ ਪੂਰਾ ਕਰਨਾ ਪ੍ਰਾਜੈਕਟ ਨੂੰ ਜਲਦ ਤੋਂ ਜਲਦ ਸ਼ੁਰੂ ਕਰਨ ਲਈ ਮਹੱਤਵਪੂਰਣ ਹੈ, ਜਿਸਦਾ ਉਦੇਸ਼ ਟ੍ਰੈਫਿਕ ਨੂੰ ਸੁਚਾਰੂ ਬਣਾਉਣਾ ਅਤੇ ਇਲਾਕੇ ਵਿੱਚ ਭੀੜ-ਭੜੱਕੇ ਨੂੰ ਘਟਾਉਣਾ ਹੈ।। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਜਲੰਧਰ ਜ਼ਿਲ੍ਹੇ ਵਿੱਚ ਚੱਲ ਰਹੇ ਨੈਸ਼ਨਲ ਹਾਈਵੇ ਪ੍ਰਾਜੈਕਟਾਂ ਦੀ ਰਫ਼ਤਾਰ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ ਵੀ ਦਿੱਤੀ । ਸਮੂਹ ਭਾਗੀਦਾਰਾਂ ਨਾਲ ਸਮੀਖਿਆ ਮੀਟਿੰਗ ਦੌਰਾਨ ਡਾ. ਅਗਰਵਾਲ ਨੇ ਜ਼ਮੀਨ ਪ੍ਰਾਪਤੀ ਲਈ ਸਮਰੱਥ ਅਥਾਰਟੀ (ਕੰਪੀਟੈਂਟ ਅਥਾਰਟੀ ਫਾਰ ਲੈਂਡ ਐਕੂਜ਼ੀਸ਼ਨ) ਵੱਲੋਂ ਜ਼ਮੀਨ ਮਾਲਕਾਂ ਨੂੰ ਅਵਾਰਡਾਂ ਦੀ ਵੰਡ ਦੀ ਸਮੀਖਿਆ ਕੀਤੀ। ਉਨ੍ਹਾਂ ਜ਼ਮੀਨ ਦੇ ਕਬਜ਼ੇ ਦੀ ਪ੍ਰਗਤੀ ਜਾਇਜ਼ਾ ਵੀ ਲਿਆ ਅਤੇ ਅਥਾਰਟੀ ਨੂੰ ਜ਼ਮੀਨ ਦਾ ਕਬਜ਼ਾ ਤੁਰੰਤ ਐਨ.ਐਚ.ਏ.ਆਈ. ਨੂੰ ਸੌਂਪਣ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਚੱਲ ਰਹੇ ਪ੍ਰਾਜੈਕਟਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਮੁਕੰਮਲ ਕਰਨ ਲਈ ਕਿਹਾ ਅਤੇ ਅਵਾਰਡਾਂ ਦੀ ਵੰਡ ਤੇ ਜ਼ਮੀਨ ਦੇ ਕਬਜ਼ੇ ਸਮੇਤ ਵੱਖ-ਵੱਖ ਕਾਰਜਾਂ ਨੂੰ ਪੂਰਾ ਕਰਨ ਲਈ ਜ਼ਮੀਨ ਪ੍ਰਾਪਤੀ ਲਈ ਸਮਰੱਥ ਅਥਾਰਟੀ ਲਈ ਸਮਾਂ ਹੱਦ ਵੀ ਨਿਰਧਾਰਤ ਕੀਤੀਆਂ। ਉਨ੍ਹਾਂ ਇਨ੍ਹਾਂ ਪ੍ਰਾਜੈਕਟਾਂ ਨੂੰ ਸਮੇਂ ਸਿਰ ਨੇਪਰੇ ਚਾੜ੍ਹਨ ਲਈ ਸਮੂਹ ਅਧਿਕਾਰੀਆਂ ਦਰਮਿਆਨ ਤਾਲਮੇਲ ਵਾਲੇ ਯਤਨਾਂ ਦੀ ਲੋੜ ਤੇ ਜ਼ੋਰ ਦਿੱਤਾ । ਮੀਟਿੰਗ ਵਿੱਚ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇ, ਜਲੰਧਰ-ਹੁਸ਼ਿਆਰਪੁਰ ਹਾਈਵੇ, ਅੰਮ੍ਰਿਤਸਰ-ਬਠਿੰਡਾ ਗ੍ਰੀਨਫੀਲਡ ਪ੍ਰਾਜੈਕਟ ਅਤੇ ਹੁਸ਼ਿਆਰਪੁਰ-ਫਗਵਾੜਾ ਬਾਈਪਾਸ ਪ੍ਰਾਜੈਕਟ ਸਮੇਤ ਕਈ ਚੱਲ ਰਹੇ ਅਹਿਮ ਪ੍ਰਾਜੈਕਟਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ।। ਸਮੀਖਿਆ ਮੀਟਿੰਗ ਦਾ ਉਦੇਸ਼ ਚੱਲ ਰਹੇ ਪ੍ਰਾਜੈਕਟਾਂ ਦੀ ਗਤੀ ਵਿੱਚ ਤੇਜ਼ੀ ਲਿਆਉਣਾ ਅਤੇ ਆ ਰਹੀ ਕਿਸੇ ਵੀ ਅੜਚਣ ਨੂੰ ਦੂਰ ਕਰਨਾ ਸੀ। ਇਨ੍ਹਾਂ ਪ੍ਰਾਜੈਕਟਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਸਾਰੇ ਭਾਗੀਦਾਰਾਂ ਨੂੰ ਤਨਦੇਹੀ ਅਤੇ ਤਾਲਮੇਲ ਨਾਲ ਕੰਮ ਕਰਨ ਦੀ ਅਪੀਲ ਕੀਤੀ।

ਭਾਜਪਾ ਨੇ ਕਾਲਾ ਦਿਵਸ ਮਨਾਇਆ

ਫਿਲੌਰ (ਨਿਰਮਲ)- ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਰਣਜੀਤ ਸਿੰਘ ਪਵਾਰ ਦੀ ਅਗਵਾਈ ਹੇਠ ਫਿਲੌਰ ਵਿਖੇ 25 ਜੂਨ ਨੂੰ ਕਾਲੇ ਦਿਨ ਵਜੋਂ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ 25 ਜੂਨ 1975 ਨੂੰ ਜਦੋਂ ਇੰਦਰਾ ਗਾਂਧੀ ਦੇਸ਼ ਦੇ ਪ੍ਰਧਾਨ ਮੰਤਰੀ ਸੀ ਉਸ ਸਮੇਂ ਉਹਨਾਂ ਦੇਸ਼ ਦੇ ਵਿੱਚ ਐਮਰਜੰਸੀ ਲਗਾ ਕੇ ਲੋਕਾਂ ਨਾਲ ਤਾਨਾਸ਼ਾਹੀ ਰਵੱਈਆ ਕੀਤਾ ਤੇ ਭਾਜਪਾ ਦੇ ਲੀਡਰਾਂ ਨੂੰ ਬਿਨਾ ਵਜ੍ਹਾ ਜੇਲ੍ਹ ਅੰਦਰ ਬੰਦ ਕੀਤਾ ।

ਉਸ ਰੋਸ ਵਜੋਂ ਕਾਲਾ ਦਿਨ ਮਨਾਇਆ ਗਿਆ। ਇਸ ਮੌਕੇ 'ਤੇ ਗੋਲਡੀ ਨਾਹਰ ਕਾਰਜਕਾਰਣੀ ਮੈਂਬਰ ਪੰਜਾਬ, ਅਜੇ ਕੁਮਾਰ ਪੰਜ ਸੋਸ਼ਲ ਮੀਡੀਆ ਕਨਵੀਨਰ, ਵਿਪਨ ਅਨੰਦ ਜਨਰਲ ਸਕੱਤਰ, ਸ਼ਾਮ ਲਾਲ ਸ਼ਰਮਾ, ਮਨੀਸ਼ ਭਾਰਗਵ, ਅਮਰਜੀਤ ਸਿੰਘ ਮੌ ਸਾਹਿਬ, ਕਮਲ ਬਾਲਮੀਕਿ, ਰਾਮ ਰਾਜ ਬਿਰਦੀ ਯੋਗੇਸ਼ ਚਚਰਾੜੀ ਅਤੇ ਰਘੂ ਅਰੋੜਾ ਆਦਿ ਸਾਥੀ ਸ਼ਾਮਲ ਸਨ।

ਮੀਰੀ-ਪੀਰੀ ਸੇਵਾ ਸਿਮਰਨ ਕਲੱਬ ਨੇ ਪੌਦੇ ਲਗਾਏ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਮੀਰੀ ਪੀਰੀ ਸੇਵਾ ਸਿਮਰਨ ਕਲੱਬ ਰਜਿ. ਹੁਸ਼ਿਆਰਪੁਰ ਵੱਲੋਂ ਗੁਰੂ ਆਸ਼ੇ 'ਪਵਣ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ' ਅਨੁਸਾਰ ਪੌਣ ਪਾਣੀ, ਧਰਤੀ ਅਤੇ ਵਾਤਾਵਰਣ ਦੀ ਸੁਰੱਖਿਆ ਅਤੇ ਸਾਂਭ ਸੰਭਾਲ ਦੇ ਮਿਸ਼ਨ ਨੂੰ ਮੁੱਖ ਰੱਖ ਕੇ ਸਰਬਜੀਤ ਸਿੰਘ ਬਡਵਾਲ ਚੇਅਰਮੈਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 'ਰੁੱਖ ਲਗਾਓ ਅਤੇ ਸੰਭਾਲੋ' ਮੁਹਿੰਮ ਆਰੰਭ ਕੀਤੀ ਗਈ । ਇਸ ਮੁਹਿੰਮ ਤਹਿਤ ਫੁੱਟਬਾਲ ਗਰਾਊਂਡ ਹੁਸ਼ਿਆਰਪੁਰ ਵਿਖੇ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਰਜਿ ਹੁਸ਼ਿਆਰਪੁਰ ਅਤੇ ਗਰਾਊਂਡ ਵਿੱਚ ਸੈਰ ਕਰਨ ਆਉਂਦੇ ਨਾਗਰਿਕਾਂ ਦੇ ਸਹਿਯੋਗ ਨਾਲ ਗਰਾਊਂਡ ਦੇ ਆਲੇ ਦੁਆਲੇ ਪੌਦੇ ਲਗਾਏ ਗਏ । ਸਰਬਜੀਤ ਸਿੰਘ ਬਡਵਾਲ ਚੇਅਰਮੈਨ ਅਤੇ ਪ੍ਰਿੰ. ਬਲਵੀਰ ਸਿੰਘ ਸੈਣੀ ਜਨਰਲ ਸਕੱਤਰ ਨੇ ਦੱਸਿਆ ਕਿ ਮੌਸਮ ਵਿੱਚ ਆ ਰਹੇ ਵਿਗਾੜ, ਲਗਾਤਾਰ ਵਧਦੇ ਜਾ ਰਹੇ ਤਾਪਮਾਨ ਅਤੇ ਹੜ੍ਹਾਂ ਵਰਗੀਆਂ ਕੁਦਰਤੀ ਕਰੋਪੀਆਂ ਦਾ ਵਿਗਿਆਨੀਆਂ ਨੇ ਇੱਕੋ ਇੱਕ ਕਾਰਣ ਰੁੱਖਾਂ ਦੀ ਲਗਾਤਾਰ ਹੋ ਰਹੀ ਕਟਾਈ ਅਤੇ ਨਵੇਂ ਰੁੱਖ ਲਗਾਉਣ ਵਿੱਚ ਆ ਰਹੀ ਕਮੀ ਦੱਸਿਆ ਜੋ ਮਨੁੱਖਤਾ ਅਤੇ ਸਮੁੱਚੀ ਲੋਕਾਈ ਨੂੰ ਤ੍ਰਾਹ ਤ੍ਰਾਹ ਕਰਨ ਲਈ ਮਜਬੂਰ ਕਰ ਰਹੀ ਹੈ । ਇਸ ਲਈ ਨਵੇਂ ਰੁੱਖ ਲਗਾਉਣ ਵਿੱਚ ਤੇਜ਼ੀ ਲਿਆਉਣਾ ਸਮੇਂ ਦੀ ਮੁੱਖ ਲੋੜ ਹੈ ਜਿਸ ਨੂੰ ਮਹਿਸੂਸ ਕਰਦਿਆਂ ਮੀਰੀਪੀਰੀ ਸੇਵਾ ਸਿਮਰਨ ਕਲੱਬ ਰਜਿ ਹੁਸ਼ਿਆਰਪੁਰ ਵੱਲੋਂ 'ਰੁੱਖ ਲਗਾਓ ਅਤੇ ਸੰਭਾਲੋ' ਮੁਹਿੰਮ ਤਹਿਤ ਬਿਜਲੀ ਬੋਰਡ ਦੀ ਫੁੱਟਬਾਲ ਗਰਾਊਂਡ ਹੁਸ਼ਿਆਰਪੁਰ ਵਿੱਚ ਰੁੱਖ ਲਗਾਏ ਗਏ ਹਨ । ਇਸ ਮੌਕੇ ਗੁਰਬਿੰਦਰ ਸਿੰਘ ਪਲਾਹਾ,ਕੁਲਵਿੰਦਰ ਕੌਰ, ਜਸਵਿੰਦਰ ਕੌਰ, ਹਰਭਜਨ ਸਿੰਘ ਫੌਜੀ, ਗੁਰਮੇਜ ਲਾਲ ਬੱਧਣ, ਗੁਰਜੀਤ ਸਿੰਘ ਭੋਗਲ, ਰਾਮ ਲਾਲ, ਕਿਰਨ ਕੁਮਾਰ, ਅਸ਼ੋਕ ਕੁਮਾਰ, ਕੇਵਲ ਕੁਮਾਰ, ਸੁਰਿੰਦਰ ਸਿੰਘ, ਪਰਮਿੰਦਰ ਸਿੰਘ,ਸੁਰਿੰਦਰਪਾਲ ਸਿੰਘ, ਕੁਲਵਿੰਦਰ ਸਿੰਘ, ਐਡਵੋਕੇਟ ਦਿਲਬਾਗ ਬਾਗੀ,ਦਵਿੰਦਰ ਠਾਕੁਰ ਆਦਿ ਹਾਜ਼ਰ ਸਨ ।

ਪੰਜਾਬ ਕੇਸਰੀ ਦੇ ਰੈਜ਼ੀਡੈਂਟ ਐਡੀਟਰ ਦਰਪਣ ਚੌਧਰੀ ਦੇ ਪਿਤਾ ਦਾ ਦੇਹਾਂਤ

26-JUNE-PAGE-9.qxd 6/25/2024 11:00 PM Page 1

ਕਾਂਗਰਸ ਤੇ ਭਾਜਪਾ ਨੂੰ ਝਟਕਾ, ਦੋਵਾਂ ਪਾਰਟੀਆਂ ਦੇ ਕਈ ਆਗੂ 'ਆਪ' 'ਚ ਸ਼ਾਮਲ

ਜਲੰਧਰ : ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਤੋਂ ਪਹਿਲਾਂ ਕਾਂਗਰਸ ਅਤੇ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ (ਆਪ) ਨੂੰ ਵੀ ਕਾਫੀ ਮਜ਼ਬੂਤੀ ਮਿਲੀ ਹੈ। ਸੋਮਵਾਰ ਨੂੰ ਦੋਵਾਂ ਪਾਰਟੀਆਂ ਦੇ ਕਈ ਆਗੂ, ਕੌਂਸਲਰ ਅਤੇ ਸਾਬਕਾ ਕੌਂਸਲਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਜਲੰਧਰ ਪੱਛਮੀ ਤੋਂ 'ਆਪ' ਉਮੀਦਵਾਰ ਮੋਹਿੰਦਰ ਭਗਤ ਦੀ ਮੌਜੂਦਗੀ 'ਚ ਸਾਰੇ ਆਗੂਆਂ ਨੂੰ ਰਸਮੀ ਤੌਰ 'ਤੇ ਪਾਰਟੀ 'ਚ ਸ਼ਾਮਲ ਕੀਤਾ ਅਤੇ ਉਨ੍ਹਾਂ ਦਾ 'ਆਪ' ਪਰਵਾਰ 'ਚ ਸਵਾਗਤ ਕੀਤਾ।ਜਲੰਧਰ ਨਗਰ ਨਿਗਮ ਦੇ ਕੌਂਸਲਰ ਰਾਜੀਵ ਓਂਕਾਰ ਟਿੱਕਾ, ਦਰਸ਼ਨ ਭਗਤ ਸਮੇਤ ਕਾਂਗਰਸ ਅਤੇ ਭਾਜਪਾ ਦੇ ਕਈ ਸਥਾਨਕ ਆਗੂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਮੁਕੇਸ਼ ਸਿਆਲ (ਪ੍ਰਧਾਨ ਸ਼ਿਵ ਸੈਨਾ ਬਾਲ ਠਾਕਰੇ, ਜਲੰਧਰ ਸ਼ਹਿਰ), ਗੁਰਬਚਨ ਜੱਲਾ (ਸਕੱਤਰ ਕਾਂਗਰਸ ਪਾਰਟੀ, ਜਲੰਧਰ), ਸਚਿਨ ਲਵਲੀ (ਸਕੱਤਰ ਕਾਂਗਰਸ ਪਾਰਟੀ, ਜਲੰਧਰ) ਗਗਨ ਪੰਨਵਾ (ਪ੍ਰਧਾਨ ਬਰਾੜ ਸਭਾ ਜਲੰਧਰ), ਵਿਸ਼ਾਲ ਸ਼ਾਲੂ (ਕਾਂਗਰਸ), ਅਮਨ ਲਾਂਬਾ, ਸੰਗ ਬਰਾੜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਕਾਂਗਰਸ ਪਾਰਟੀ ਤੋਂ ਧਰਮਪਾਲ ਭਾਸ਼, ਰਾਜੀਵ ਭਾਸ਼, ਬੋਡ ਰਾਓ ਭਾਸ਼, ਮੋਹਿੰਦਰ ਭਾਸ਼, ਰਾਜੇਸ਼ ਭਾਸ਼, ਬਚਨ ਭਾਸ਼, ਯਸ਼ ਭਾਸ਼, ਰਾਜਕੁਮਾਰ ਭਾਸ਼, ਰਮੇਸ਼ ਭਾਸ਼, ਨਿਤਿਨ ਭਾਸ਼ ਅਤੇ ਕਾਨੂੰ ਬਹਿਲ ਸ਼ਾਮਿਲ ਹੋਏ। ਜਦੋਂਕਿ ਭਾਜਪਾ ਤੋਂ ਅਮਨਦੀਪ ਸਿੰਘ ਲਾਂਬਾ, ਸੌਰਵ ਅਰੋੜਾ ਅਤੇ ਲਲਿਤ ਕੁਮਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਕਾਂਗਰਸ ਪਾਰਟੀ ਤੋਂ ਸੁਖਦੇਵ ਸਿੰਘ ਲਾਹੌਰੀਆ, ਟੋਨੀ ਸ਼ਰਮਾ, ਪ੍ਰੀਤਮ ਲਾਲ ਮੰਡ, ਸੁਨੀਲ ਕੁਮਾਰ ਸੋਨੂੰ, ਵਿਜੇ ਕੁਮਾਰ ਪੱਪੂ, ਸੁਖਦੇਵ ਕੁਮਾਰ ਗੁੱਗੀ, ਮੱਖਣ ਸਿੰਘ, ਗੁਰਪ੍ਰੀਤ ਸਿੰਘ ਚੌਹਾਨ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਜਲੰਧਰ ਪੱਛਮੀ ਦੇ ਲੋਕਾਂ ਦੀ ਪਹਿਲੀ ਪਸੰਦ ਹੈ। ਇਸ ਵਾਰ ਇੱਥੋਂ ਦੇ ਲੋਕ ਧੋਖੇਬਾਜ਼ਾਂ ਨੂੰ ਜਵਾਬ ਦੇਣਗੇ ਅਤੇ ਉਨ੍ਹਾਂ ਦੀਆਂ ਜ਼ਮਾਨਤਾਂ ਜ਼ਬਤ ਕਰਵਾਉਣਗੇ।ਪਾਰਟੀ ਵਿੱਚ ਸ਼ਾਮਲ ਹੋਏ ਸਾਰੇ ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਪਾਰਟੀ ਲਈ ਨਿਰਸਵਾਰਥ ਹੋ ਕੇ ਕੰਮ ਕਰਾਂਗੇ। ਉਨ੍ਹਾਂ ਕਿਹਾ ਕਿ ਅਸੀਂ ਇਸ ਚੋਣ ਵਿੱਚ ਪਾਰਟੀ ਉਮੀਦਵਾਰ ਮੋਹਿੰਦਰ ਭਗਤ ਨੂੰ ਜਿਤਾਉਣ ਲਈ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਕੰਮ ਕਰਾਂਗੇ।

ਓਪਨ ਪ੍ਰਾਈਜ਼ ਮਨੀ ਬੈਡਮਿੰਟਨ ਟੂਰਨਾਮੈਂਟ ਭਲਕੇ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) – ਸ਼ਹੀਦ ਭਗਤ ਸਿੰਘ ਬੈਡਮਿੰਟਨ ਅਕੈਡਮੀ ਰਜਿ ਵੱਲੋਂ 25ਵਾਂ ਨਵਾਂ ਸ਼ਹਿਰ ਓਪਨ ਪ੍ਰਾਈਜ ਮਨੀ ਬੈਡਮਿੰਟਨ ਟੂਰਨਾਮੈਂਟ 27 ਜੂਨ ਨੂੰ ਕਰਵਾਇਆ ਜਾ ਰਿਹਾ ਹੈ ਜੋ ਕਿ ਸਵਰਗਵਾਸੀ ਰੇਸ਼ਮ ਸਿੰਘ ਥਿਆੜਾ ਦੀ ਯਾਦ ਵਿੱਚ ਛੇਵਾਂ ਟੂਰਨਾਮੈਂਟ ਹੈ। ਅਕੈਡਮੀ ਦੇ ਪ੍ਰਧਾਨ ਅੰਤਰਰਾਸ਼ਟਰੀ ਖਿਡਾਰੀ ਪ੍ਰਿੰਸੀਪਲ ਰਾਜਿੰਦਰ ਸਿੰਘ ਗਿੱਲ ਨੇ ਦੱਸਿਆ ਹੈ ਕਿ ਇਸ ਟੂਰਨਾਮੈਂਟ ਵਿੱਚ ਅੰਡਰ 13, 15 ,17, 19, ਅਤੇ 11 ਸਾਲ ਤੋਂ ਘੱਟ ਉਮਰ ਦੇ ਖਿਡਾਰੀ ਭਾਗ ਲੈ ਰਹੇ ਹਨ। ਇਸ ਟੂਰਨਮੈਂਟ ਦੇ ਦੌਰਾਨ, ਸਵਾ ਦੋ ਲੱਖ, ਦੇ ਨਗਦ ਇਨਾਮ ਅਤੇ ਟਰਾਫੀਆਂ ਦਿੱਤੀਆਂ ਜਾਣਗੀਆਂ ਅਤੇ ਦੁਪਹਿਰ ਦਾ ਖਾਣਾ ਵੀ ਮੁਫਤ ਦਿੱਤਾ ਜਾਵੇਗ।ਇਸ ਟੂਰਨਾਮੈਂਟ ਦਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਰਮਨਦੀਪ ਸਿੰਘ ਥਿਆੜਾ ਉਦਘਾਟਨ ਕਰਨਗੇ।

ਛੇਵੇਂ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਉਤਸ਼ਾਹ-ਪੂਰਵਕ ਮਨਾਇਆ

ਐਸ. ਏ.ਐਸ ਨਗਰ: -(ਗੁਰਜੀਤ ਬਿੱਲਾ)- ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਮੀਰੀ ਪੀਰੀ ਦੇ ਮਾਲਕ, ਛੇਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ ।ਪ੍ਰਕਾਸ਼ ਪੁਰਬ ਦੀ ਖੁੱਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਪ੍ਰੇਮ ਸਿੰਘ ਪ੍ਰੇਮੀ ਦੇ ਇਨਟਰਨੈਸ਼ਲ ਪੰਥਕ ਢਾਡੀ ਜੱਥੇ ਨੇ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪੂਰਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ। ਉਨ੍ਹਾਂ ਨੇ ਗੁਰੂ ਸਾਹਿਬ ਵੱਲੋਂ ਮੀਰੀ-ਪੀਰੀ ਕ੍ਰਿਪਾਨਾਂ ਧਾਰਨ ਕਰਨ ਅਤੇ ਜੁਲਮ ਦੇ ਵਿਰੁੱਧ ਜੰਗ ਲੜਨ ਦੇ ਪ੍ਰਸੰਗ ਨੂੰ ਬੜੇ ਹੀ ਭਾਵਪੂਰਨ ਤਰੀਕੇ ਨਾਲ ਸੰਗਤਾਂ ਨੂੰ ਸਰਵਣ ਕਰਾਇਆ। ਭਾਈ ਕਰਨਵੀਰ ਸਿੰਘ ਦੇ ਰਾਗੀ ਜੱਥੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਇਸ ਤੋਂ ਇਲਾਵਾ ਭਾਈ ਸਰੂਪ ਸਿੰਘ, ਬੀਬੀ ਜਸਲੀਨ ਕੌਰ ਲੁਧਿਆਣੇ ਵਾਲੇ, ਭਾਈ ਅਵੀਨਾਸ਼ ਸਿੰਘ, ਭਾਈ ਮਨਦੀਪ ਸਿੰਘ ਭਾਮੀਆਂ ਸਾਹਿਬ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਕੁਲਦੀਪ ਸਿੰਘ ਅੰਮ੍ਰਿਤਸਰ ਵਾਲੇ, ਭਾਈ ਬਲਜੀਤ ਸਿੰਘ, ਭਾਈ ਗੁਰਿੰਦਰ ਸਿੰਘ, ਭਾਈ ਤੇਜਿੰਦਰ ਸਿੰਘ ਜੀ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਸੁਖਵਿੰਦਰ ਸਿੰਘ ਅਤੇ ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ ।

ਚੋਣਾਂ 'ਚ ਵਧੀਆ ਸੇਵਾਵਾਂ ਨਿਭਾਉਣ ਵਾਲੇ ਅਧਿਕਾਰੀ/ਕਰਮਚਾਰੀ ਸਨਮਾਨਤ

ਜਲੰਧਰ (ਸ਼ੈਲੀ ਐਲਬਰਟ): ਜਲੰਧਰ ਲੋਕ ਸਭਾ ਚੋਣ ਦੌਰਾਨ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਮਾਨਤਾ ਦੇਣ ਦੀ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ 26 ਅਧਿਕਾਰੀਆਂ/ਕਰਮਚਾਰੀਆਂ ਦਾ ਸਨਮਾਨ ਕੀਤਾ ਗਿਆ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਮੇਜਰ ਡਾ. ਅਮਿਤ ਮਹਾਜਨ ਨੇ ਪ੍ਰਸ਼ੰਸਾ ਪੱਤਰ ਸੌਂਪਦਿਆਂ ਅਧਿਕਾਰੀਆਂ/ਕਰਮਚਾਰੀਆਂ ਵੱਲੋਂ ਚੋਣ ਡਿਊਟੀ ਬਾਖੂਬੀ ਢੰਗ ਨਾਲ ਨਿਭਾਉਣ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨਿਰਵਿਘਨ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮੂਹ ਟੀਮਾਂ ਵਧਾਈ ਦੀਆਂ ਪਾਤਰ ਹਨ। ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਭਵਿੱਖ ਵਿੱਚ ਵੀ ਆਪਣੀ ਡਿਊਟੀ ਇਸੇ ਲਗਨ ਅਤੇ ਮਿਹਨਤ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਪ੍ਰਸ਼ੰਸਾ ਪੱਤਰ ਹਾਸਲ ਕਰਨ ਵਾਲਿਆਂ ਵਿੱਚ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਜੋਸ਼ੀ, ਲੀਗਲ-ਕਮ-ਪ੍ਰੋਬੇਸ਼ਨ ਅਫ਼ਸਰ ਸੰਦੀਪ ਭਾਟੀਆ, ਸਹਾਇਕ ਰਿਸਰਚ ਅਫ਼ਸਰ ਅਰੁਣ ਕੁਮਾਰ, ਕੰਪਿਊਟਰ ਫੈਕਲਟੀ ਸੁਖਵਿੰਦਰ ਸਿੰਘ, ਗੁਰਦੀਪ ਸਿੰਘ, ਗੁਰਪਾਲ ਸਿੰਘ, ਮਨਿੰਦਰ ਸਿੰਘ ਤੇ ਮਨਪ੍ਰੀਤ ਕੌਰ, ਯੂ.ਡੀ.ਸੀ. ਹਰਪ੍ਰੀਤ ਕੌਰ, ਸਟੈਨੋ ਲਖਵਿੰਦਰ ਸਿੰਘ, ਐਨ.ਆਈ.ਸੀ. ਤੋਂ ਮੁਕੇਸ਼ ਮਲਹੋਤਰਾ, ਰਵਿੰਦਰ ਕੁਮਾਰ ਤੇ ਕਮਲਜੀਤ ਭਗਤ, ਏ.ਏ.ਓ. ਏਕਤਾ, ਸਟੇਟ ਬੈਂਕ ਆਫ ਇੰਡੀਆ ਤੋਂ ਸੀਨੀਅਰ ਐਸੋਸੀਏਟ ਸੋਨੀਆ ਤੇ ਅਮਨਦੀਪ, ਪੰਜਾਬ ਨੈਸ਼ਨਲ ਬੈਂਕ ਤੋਂ ਦਿਵਿਆ, ਕਲਰਕ ਦੀਪਪਾਲ ਸਿੰਘ, ਮਾਸਟਰ ਕੁਲਜੀਤ ਸਿੰਘ, ਸੀਨੀਅਰ ਐਸ.ਐਸ.ਏ. ਸੁਨੀਲ ਕੁਮਾਰ ਤੋਂ ਇਲਾਵਾ ਰਣਜੀਤ ਸਿੰਘ, ਸ਼ੁਸ਼ਮਾ ਦੇਵੀ, ਰੋਹਿਤ ਕੁਮਾਰ, ਬਲਕਾਰ ਸਿੰਘ ਅਤੇ ਜਸਕਰਨ ਮੱਟੂ ਵੀ ਸ਼ਾਮਲ ਹਨ।

ਪੋਸਟਰ ਮੇਕਿੰਗ ਪ੍ਰਤੀਯੋਗਤਾ ਕਾਰਵਾਈ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਸ਼੍ਰੀਮਤੀ ਕੋਮਲ ਮਿੱਤਲ ਆਈ.ਏ.ਐਸ. ਡਿਪਟੀ ਕਮਿਸ਼ਨਰ ਕਮ ਚੇਅਰਪਰਸਨ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਅਤੇ ਡਾ. ਹਰਬੰਸ ਕੌਰ ਡਿਪਟੀ ਮੈਡੀਕਲ ਕਮਿਸ਼ਨਰ ਕਮ ਮੈਬਰ ਸਕੱਤਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਾ ਮੁਕਤ ਭਾਰਤ ਪੰਦਰਵਾੜਾ ਤਹਿਤ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਬਾ ਸੁਸਾਇਟੀ ਹੁਸ਼ਿਆਰਪੁਰ ਵਲੋਂ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਹੁਸ਼ਿਆਰਪੁਰ ਕੈਂਪਸ ਵਿਖੇ ਮਿਸ ਸੰਦੀਪ ਕੁਮਾਰੀ ਮਨੋਰੋਗ ਕਾਊਂਸਲਰ ਜ਼ਿਲ੍ਹਾ ਨਸ਼ਾ ਮੁਕਤੀ ਮੁੜ ਵਸੇਵਾਂ ਕੇਂਦਰ ਹੁਸ਼ਿਆਰਪੁਰ ਦੀ ਹਾਜ਼ਰੀ ਵਿੱਚ ਪੋਸਟਰ ਮੈਕਿੰਗ ਪ੍ਰਤੀਯੋਗਿਤਾ ਕਰਵਾਈ ਗਈ। ਇਹ ਪ੍ਰੋਗਰਾਮ ਪ੍ਰੋ. ਵਾਈ.ਐਸ. ਡਾਇਰੈਕਟਰ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਹੁਸ਼ਿਆਰਪੁਰ ਕੈਂਪਸ ਦੇ ਮਾਰਗ ਦਰਸ਼ਨ ਵਿੱਚ ਆਯੋਜਿਤ ਕੀਤਾ ਗਿਆ। ਇਸ ਮੌਕੇ 'ਤੇ ਬੱਚਿਆਂ ਨੂੰ ਨਸ਼ਿਆਂ ਤੋਂ ਮੁਕਤ ਰਹਿਣ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਨਸ਼ਾ ਮੁਕਤ ਜੀਵਨ ਬਿਤਾਉਣ ਦੀ ਸਹੁੰ ਵੀ ਚੁਕਾਈ ਗਈ।ਇਸ ਮੌਕੇ 'ਤੇ ਗਗਨਜੋਤ ਸਿੰਘ ਡਿਪਟੀ ਰਜਿਸਟਰਾਰ, ਡਾ.ਕੁਲਵਿੰਦਰ ਸਿੰਘ ਪਰਮਾਰ ਐਚ.ਓ.ਡੀ. ਅਪਲਾਈਡ ਸਾਇੰਸਿਸ ਡਿਪਾਰਟਮੈਂਟ, ਇੰਚਾਰਜ ਐਨ.ਐਸ.ਐਸ.ਯੁਨਿਟ ਅਤੇ ਨੋਡਲ ਅਫਸਰ ਰੈਡ ਰਿਬਨ ਕਲੱਬ, ਡਾ.ਸੋਨੂੰ ਬਾਲਾ ਗਰਗ, ਪੁਨੀਤ ਮਹੇ, ਰਜਿੰਦਰ ਕੁਮਾਰ, ਖੁਸ਼ਵਿੰਦਰ ਕੌਰ ਖਾਸ ਤੌਰ 'ਤੇ ਸ਼ਾਮਲ ਹੋਏ।

ਤਹਿਸੀਲਦਾਰ ਨੂੰ ਸਬ-ਡਵੀਜ਼ਨ ਪੱਧਰ 'ਤੇ ਫਲੱਡ ਕੰਟਰੋਲ ਰੂਮ ਸਥਾਪਤ ਕਰਨ ਦੇ ਆਦੇਸ਼

ਨਵਾਂਸ਼ਹਿਰ (ਮਨੋਜ ਲਾਡੀ)-ਡਾ. ਅਕਸ਼ਿਤਾ ਗੁਪਤਾ, ਆਈ.ਏ.ਐਸ., ਉਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਵਲੋਂ ਸਬ ਡਵੀਜ਼ਨ ਨਵਾਂਸ਼ਹਿਰ ਦੇ ਉਪ ਮੰਡਲ ਅਫ਼ਸਰ, ਡਰੇਨਜ਼ ਵਿਭਾਗ, ਨਵਾਂਸ਼ਹਿਰ, ਕਾਰਜਸਾਧਕ ਅਫ਼ਸਰ, ਨਗਰ ਕੌਂਸਲ, ਨਵਾਂਸ਼ਹਿਰ/ਰਾਹੋਂ, ਜ਼ਿਲ੍ਹਾ ਸਿੱਖਿਆ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ, ਸਹਾਇਕ ਫੂਡ ਸਪਲਾਈ ਅਫ਼ਸਰ, ਬੀ.ਡੀ.ਪੀ.ਓਜ, ਅਤੇ ਤਹਿਸੀਲਦਾਰ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਉਹਨਾਂ ਨੇ ਹੜ੍ਹਾਂ ਦੀ ਸਥਿਤੀ ਦੇ ਨਾਲ ਨਜਿੱਠਣ ਲਈ ਡਰੇਨਾਂ/ਨਾਲੀਆਂ/ਸੀਵਰੇਜ਼ ਦੀ ਸਫਾਈ ਸਬੰਧੀ ਉਪ ਮੰਡਲ ਅਫ਼ਸਰ, ਡਰੇਨਜ਼ ਵਿਭਾਗ, ਨਵਾਂਸ਼ਹਿਰ ਅਤੇ ਕਾਰਜਸਾਧਕ ਅਫ਼ਸਰ, ਨਗਰ ਕੌਂਸਲ ਨਵਾਂਸ਼ਹਿਰ/ਰਾਹੋਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ। ਤਹਿਸੀਲਦਾਰ, ਨਵਾਂਸ਼ਹਿਰ ਨੂੰ ਸਬ ਡਵੀਜ਼ਨ ਪੱਧਰ ਤੇ ਫਲੱਡ ਕੰਟਰੋਲ ਰੂਮ ਸਥਾਪਿਤ ਕਰਨ ਦੇ ਆਦੇਸ਼ ਦਿੱਤੇ ਗਏ ਅਤੇ ਨੰਗਲ ਡੈਮ ਦੇ ਅਧਿਕਾਰੀਆਂ ਨਾਲ ਸੰਪਰਕ ਵਿੱਚ ਰਹਿਣ ਲਈ ਕਿਹਾ ਗਿਆ ਤਾਂ ਜੋ ਕਿਸੇ ਵੀ ਸਮੇਂ ਡੈਮ ਤੋਂ ਪਾਣੀ ਛੱਡਿਆ ਜਾਵੇ ਤਾਂ ਹੜ੍ਹ ਆਉਣ ਦੀ ਸਥਿਤੀ ਸਮੇਂ ਆਮ ਜਨਤਾ ਨੂੰ ਹੜ੍ਹ ਵਾਲੇ ਸਥਾਨ ਤੋਂ ਬਦਲ ਕੇ ਨੇੜੇ ਸਥਾਪਿਤ ਕੀਤੇ ਗਏ ਰਾਹਤ ਕੇਂਦਰਾਂ ਵਿੱਚ ਸ਼ਿਫਟ ਕੀਤਾ ਜਾ ਸਕੇ। ਸਹਾਇਕ ਫੂਡ ਸਪਲਾਈ ਅਫ਼ਸਰ ਨੂੰ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਆਮ ਜਨਤਾ ਦੀ ਸਹੂਲਤ ਲਈ ਖਾਣ ਪੀਣ ਦੇ ਰਾਸ਼ਨ, ਗੈਸ ਸਿਲੰਡਰ, ਪੈਟਰੋਲ/ਡੀਜ਼ਲ ਦਾ ਪ੍ਰਬੰਧ ਕਰਨ ਲਈ ਕਿਹਾ ਗਿਆ। ਪਸ਼ੂਆਂ ਨੂੰ ਦਵਾਈ ਅਤੇ ਹਰੇ ਚਾਰੇ ਦੇ ਪ੍ਰਬੰਧ ਲਈ ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਨੂੰ ਆਦੇਸ਼ ਦਿੱਤੇ ਗਏ। ਅੰਤ ਵਿੱਚ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਹੜ੍ਹ ਦੀ ਸਥਿਤੀ ਸਮੇਂ ਸਬ ਡਵੀਜ਼ਨ ਪੱਧਰ ਨਵਾਂਸ਼ਹਿਰ ਦੇ ਫਲੱਡ ਕੰਟਰੋਲ ਨੰਬਰ 01823-299016 ਤੇ ਸੰਪਰਕ ਕਰਨ ਤਾਂ ਜੋ ਸਮੇਂ ਸਿਰ ਆਮ ਜਨਤਾ ਦੀ ਮਦਦ ਕੀਤੀ ਜਾ ਸਕੇ।

ਅਰੁੰਧਤੀ ਰਾਏ ਖਿਲਾਫ ਦਰਜ ਕੇਸ ਰੱਦ ਕੀਤਾ ਜਾਵੇ : ਜਮਹੂਰੀ ਅਧਿਕਾਰ ਸਭਾ

ਸ਼ਾਹਕੋਟ(ਗਿਆਨ ਸੈਦਪੁਰੀ)—ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਲੇਖਕਾਂ ਅਤੇ ਸਮਾਜਿਕ ਕਾਰਕੁੰਨ ਅਰੁੰਧਤੀ ਰਾਏ ਖਿਲਾਫ ਯੂ.ਏ.ਪੀ.ਏ ਤਹਿਤ ਦਰਜ ਕੀਤੇ ਕੇਸ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਸਭਾ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਜਗਜੀਤ ਸਿੰਘ ਚੀਮਾ ਅਤੇ ਸਕੱਤਰ ਮੰਗਤ ਰਾਏ ਨੇ ਜਾਰੀ ਕੀਤੇ ਪ੍ਰੈਸ ਬਿਆਨ ਰਾਂਹੀ ਕਿਹਾ ਕਿ ਤੀਜੀ ਵਾਰ

26-JUNE-PAGE-10.qxd 6/25/2024 10:47 PM Page 1

ਲੋਕਾਂ ਨੂੰ ਨਸੀਹਤ ਦੇਣ ਵਾਲੀ ਨਗਰ ਕੌਂਸਲ ਖੁਦ ਹੀ ਕਰ ਰਹੀ ਹੈ ਪਾਣੀ ਦੀ ਬਰਬਾਦੀ

■ ਲਾਪ੍ਰਵਾਹੀ ਵਰਤਣ ਵਾਲੇ ਸੰਬੰਧਤ ਅਧਿਕਾਰੀ 'ਤੇ ਹੋਵੇ ਕਾਰਵਾਈ

ਸ਼ਹਿਰ 'ਚ ਵੱਖ ਵੱਖ ਥਾਈਂ ਲਗਾਤਾਰ ਲੀਕ ਹੋ ਰਹੇ ਪਾਣੀ ਦੇ ਦ੍ਰਿਸ਼।

ਜ਼ੀਰਾ (ਨਰਿੰਦਰ ਅਨੇਜਾ)

ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਪਾਣੀ ਦੀ ਬੱਚਤ ਬਾਰੇ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ ਅਤੇ ਕਿਸਾਨਾਂ ਨੂੰ ਕਹਿ ਰਹੀ ਹੈ ਕਿ ਤੁਸੀਂ ਝੋਨਾ ਨਾ ਲਾਓ, ਉਸ ਤੋਂ ਉਲਟ ਘੱਟ ਤੋਂ ਘੱਟ ਪਾਣੀ ਵਾਲੀਆਂ ਫਸਲਾਂ ਦੀ ਖੇਤੀ ਕਰੋ, ਅਸੀਂ ਤੁਹਾਨੂੰ ਉਸ ਦਾ ਸਮਰਥਨ ਮੁੱਲ ਵੱਧ ਦੇਵਾਂਗੇ ਤੇ ਫਸਲ ਨੂੰ ਪਹਿਲ ਦੇ ਅਧਾਰ 'ਤੇ ਚੱਕਾਂਗੇ। ਵਿਗਿਆਨੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਆਉਣ ਵਾਲੇ ਸਮੇਂ ਵਿੱਚ ਪਾਣੀ ਦੀ ਕਾਫੀ ਕਿਲਤ ਆ ਸਕਦੀ ਹੈ। ਪਾਣੀ ਕੁਦਰਤ ਦੀ ਬਹੁਮੁੱਲੀ ਚੀਜ਼ ਹੈ, ਇਸ ਨੂੰ ਬਚਾਇਆ ਜਾ ਸਕੇ। ਭਗਵੰਤ ਮਾਨ ਦੀ ਸਰਕਾਰ ਇਸ਼ਤਿਹਾਰਾਂ ਰਾਹੀਂ ਵੀ ਲੋਕਾਂ ਨੂੰ ਪਾਣੀ ਦੀ ਬੱਚਤ ਬਾਰੇ ਸਮਝਾ ਰਹੀ ਹੈ ਅਤੇ ਪੰਜਾਬ ਵਿੱਚ ਕਈ ਜਗ੍ਹਾ 'ਤੇ ਪਾਣੀ ਦੀ ਕਿੱਲਤ ਆ ਵੀ ਚੁੱਕੀ ਹੈ, ਪਰ ਇਸ ਦੇ ਉਲਟ ਨਗਰ ਕੌਂਸਲ ਜ਼ੀਰਾ ਲੋਕਾਂ ਨੂੰ ਤਾਂ ਪਾਣੀ ਬਾਰੇ ਸਮਝਾਉਂਦੀ ਹੈ ਕਿ ਪਾਣੀ ਦੀ ਘੱਟ ਤੋਂ ਘੱਟ ਵਰਤੋਂ ਕਰੋ, ਪਰ ਆਪ ਖੁਦ ਉਸ ਦੇ ਉਲਟ ਹਜ਼ਾਰਾਂ ਲੀਟਰ ਰੋਜ਼ ਦਾ ਪਾਣੀ ਬਰਬਾਦ ਕਰ ਰਹੀ ਹੈ। ਇਸ ਦੀ ਮਿਸਾਲ ਉਸ ਵੇਲੇ ਰੇਲਵੇ ਰੋਡ 'ਤੇ ਵੇਖਣ ਨੂੰ ਮਿਲੀ, ਜਿੱਥੇ ਸਾਰਾ ਦਿਨ ਪਾਣੀ ਨਿਕਲਦਾ ਰਹਿੰਦਾ ਹੈ। ਜਨ ਕਲਿਆਣ ਭਵਨ ਜ਼ੀਰਾ ਦੇ ਬਾਹਰ ਲੱਗੀ ਮੋਟਰ 'ਤੇ ਜਦ ਤੱਕ ਨਗਰ ਕੌਂਸਲ ਵੱਲੋਂ ਪਾਣੀ ਛੱਡਿਆ ਜਾਂਦਾ ਹੈ, ਉਨਾ ਚਿਰ ਚੱਕਵਾਲ ਤੇ ਗੇਟ ਵਾਲ ਖਰਾਬ ਹੋਣ ਕਾਰਨ ਪਾਣੀ ਵਗਦਾ ਰਹਿੰਦਾ ਹੈ। ਤੀਸਰਾ ਕ੍ਰਿਸ਼ਨਾ ਮੰਦਰ ਦੀ ਗਲੀ ਦੇ ਨਜ਼ਦੀਕ ਜਦ ਵੀ ਪਾਣੀ ਆਉਂਦਾ ਹੈ ਤਾਂ ਪੂਰੀ ਧਾਰ ਨਾਲ ਤਿੰਨ ਤਿੰਨ ਘੰਟੇ ਦੇ ਕਰੀਬ ਪਾਣੀ ਵਗਦਾ ਰਹਿੰਦਾ ਹੈ ਅਤੇ ਹੋਰ ਵੀ ਕਈ ਜਗ੍ਹਾ 'ਤੇ ਪਾਣੀ ਦੀ ਬਰਬਾਦੀ ਹੋ ਰਹੀ ਹੈ। ਮੁਹੱਲਾ ਵਾਸੀਆਂ ਨੇ ਦੱਸਿਆ ਕਿ ਕੰਪਲੇਂਟ ਕਰਨ ਤੋਂ ਬਾਅਦ ਵੀ ਨਗਰ ਕੌਂਸਲ ਦੇ ਅਧਿਕਾਰੀ 'ਤੇ ਕੋਈ ਵੀ ਅਸਰ ਨਹੀਂ ਪਿਆ, ਸਗੋਂ ਖਾਨਾ ਪੂਰਤੀ ਕਰਨ ਤੋਂ ਬਾਅਦ ਵਗਦੇ ਪਾਣੀ ਦੀ ਨਾਕਾਮੀ ਛਪਾਉਣ ਲਈ ਉੱਥੇ ਤਿੰਨ-ਚਾਰ ਲੌਂਗ ਡਾਇਲ ਇੱਟਾਂ ਰੱਖ ਦਿੱਤੀਆਂ ਤਾਂ ਜੋ ਲੋਕਾਂ ਨੂੰ ਪਤਾ ਨਾ ਚੱਲ ਸਕੇ ਕਿ ਇੱਥੇ ਪਾਣੀ ਕਾਫੀ ਲੀਕ ਹੋ ਰਿਹਾ ਹੈ। ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸੰਬੰਧਤ ਅਧਿਕਾਰੀ 'ਤੇ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਤਾਂ ਕਿ ਅੱਗੇ ਤੋਂ ਕੋਈ ਵੀ ਅਧਿਕਾਰੀ ਲਾਪ੍ਰਵਾਹੀ ਨਾ ਕਰੇ ਅਤੇ ਪਾਣੀ ਤੇ ਬਾਕੀ ਕੁਦਰਤੀ ਸਰੋਤਾਂ ਨੂੰ ਬਚਾਇਆ ਜਾ ਸਕੇ।

ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਸਰਕਾਰੀ ਹਸਪਤਾਲ ਲਈ ਦੋ ਕੂਲਰ ਭੇਟ

ਬੁਢਲਾਡਾ (ਅਸ਼ੋਕ ਲਾਕੜਾ)-ਸਥਾਨਕ ਸਰਕਾਰੀ ਹਸਪਤਾਲ ਦੇ ਜੱਚਾ ਬੱਚਾ ਵਾਰਡਾਂ ਲਈ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਦੋ ਵੱਡੇ ਕੂਲਰ ਭੇਟ ਕੀਤੇ ਗਏ। ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਅਤੇ ਕੁਲਵਿੰਦਰ ਸਿੰਘ ਈ ਓ ਨੇ ਦੱਸਿਆ ਕਿ ਜ਼ਨਾਨਾ ਵਾਰਡਾਂ ਵਿਚ ਬਹੁਤ ਗਰਮੀ ਰਹਿੰਦੀ ਹੈ। ਕੋਈ ਕੂਲਰ ਜਾਂ ਏ ਸੀ ਨਹੀਂ ਹੈ। ਨੰਨ੍ਹੇ ਬੱਚੇ ਅਤੇ ਮਾਵਾਂ ਪੱਖਿਆਂ ਦੀ ਗਰਮ ਹਵਾ ਕਾਰਨ ਮੁਸ਼ਕਿਲ ਮਹਿਸੂਸ ਕਰ ਰਹੀਆਂ ਸਨ। ਸਟਾਫ਼ ਨਰਸ ਸ਼ਿੰਦਰਪਾਲ ਕੌਰ ਅਤੇ ਟੀ ਬੀ ਡਾਕਟਰ ਗੁਰਸੇਵਕ ਸਿੰਘ ਵਲੋਂ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਦੇ ਨੋਟਿਸ ਵਿੱਚ ਲਿਆਂਦਾ ਗਿਆ। ਸੰਸਥਾ ਵਲੋਂ ਪੋਸਟ ਪਾ ਕੇ ਦਾਨੀਆਂ ਨੂੰ ਬੇਨਤੀ ਕੀਤੀ ਗਈ।ਇੱਕ ਦਿਨ ਵਿੱਚ ਹੀ ਦੋ ਦਾਨੀ ਵੀਰਾਂ ਨੇ ਕੂਲਰਾਂ ਦੀ ਸੇਵਾ ਲਈ ਜੋ ਅੱਜ ਸੰਸਥਾ ਮੈਂਬਰਾਂ ਵੱਲੋਂ ਐਸ ਐਮ ਓ ਗੁਰਚੇਤਨ ਪ੍ਰਕਾਸ਼ ਅਤੇ ਹਸਪਤਾਲ ਇੰਚਾਰਜ ਹਰਬੰਸ ਲਾਲ ਭੀਖੀ ਦੀ ਹਾਜ਼ਰੀ ਵਿੱਚ ਹਸਪਤਾਲ ਨੂੰ ਭੇਟ ਕੀਤੇ।ਸੰਸਥਾ ਆਗੂ ਵਿਜੇ ਗੋਇਲ ਅਤੇ ਬਲਬੀਰ ਸਿੰਘ ਕੈਂਥ ਨੇ ਦੱਸਿਆ ਕਿ ਇੱਕ ਕੂਲਰ ਦੀ ਸੇਵਾ ਕਨੈਡਾ ਤੋਂ ਪ੍ਰਿਤਪਾਲ ਸਿੰਘ ਸਪੁੱਤਰ ਅਰੂੜ ਸਿੰਘ ਵੱਲੋਂ ਪੋਤਰੇ ਗੁਰਫੁਰਮਾਨ ਸਿੰਘ ਦੇ ਜਨਮ ਦੀ ਖੁਸ਼ੀ 'ਚ ਅਤੇ ਦੂਜਾ ਗੁਪਤ ਦਾਨੀ ਵੀਰ ਵੱਲੋਂ ਭੇਟਾ ਕੀਤੇ ਗਏ।ਸੰਸਥਾ ਵਲੋਂ ਦੋਨੋਂ ਦਾਨੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਹਸਪਤਾਲ ਐਸ ਐਮ ਓ ਅਤੇ ਸਟਾਫ਼ ਵੱਲੋਂ ਇਸ ਮਹਾਨ ਕਾਰਜ ਲਈ ਸੰਸਥਾ ਦਾ ਬਹੁਤ ਧੰਨਵਾਦ ਕੀਤਾ ਗਿਆ।ਇਸ ਮੌਕੇ ਉਪਰੋਕਤ ਤੋਂ ਇਲਾਵਾ ਡਾ. ਬਲਵਿੰਦਰ ਸਿੰਘ ਗੁਪਤਾ ਹਸਪਤਾਲ, ਡਾ. ਮਹੇਸ਼ ਰਸਵੰਤਾ, ਗੁਰਤੇਜ ਸਿੰਘ ਕੈਂਥ, ਕੁਲਦੀਪ ਸਿੰਘ ਫੱਫੜੇ, ਮਨੋਜ ਕੁਮਾਰ, ਨੱਥਾ ਸਿੰਘ, ਮਹਿੰਦਰਪਾਲ ਸਿੰਘ ਅਨੰਦ ਆਦਿ ਹਾਜ਼ਰ ਸਨ।

ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਵੱਲੋਂ ਕਲਮਛੋੜ ਹੜਤਾਲ

ਸੂਬਾ ਸਰਕਾਰ ਤੇ ਸਿਹਤ ਕਾਰਪੋਰੇਸ਼ਨ ਵਿਰੁੱਧ ਕੀਤੀ ਨਾਅਰੇਬਾਜ਼ੀ

ਲਹਿਰਾਗਾਗਾ (ਪਵਨ ਸ਼ਰਮਾ)

ਇੱਥੇ ਬਲਾਕ ਲਹਿਰਾਗਾਗਾ ਦੀਆਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਨੇ ਆਸ਼ਾ ਵਰਕਰਜ਼ ਤੇ ਫੈਸਿਲੀਟੇਟਰਜ਼ ਸਾਂਝਾ ਮੋਰਚਾ ਪੰਜਾਬ ਦੇ ਸੱਦੇ 'ਤੇ ਕਲਮਛੋੜ ਹੜਤਾਲ ਕਰਦਿਆਂ ਸੂਬਾ ਸਰਕਾਰ ਤੇ ਸਿਹਤ ਕਾਰਪੋਰੇਸ਼ਨ ਵਿਰੁੱਧ ਨਾਅਰੇਬਾਜ਼ੀ ਕੀਤੀ।ਇਸ ਮੌਕੇ ਵਰਕਰਾਂ ਦੀਆਂ ਆਗੂਆਂ ਨੇ ਕਿਹਾ ਕਿ ਆਸ਼ਾ ਵਰਕਰਾਂ ਮੰਗ ਕਰ ਰਹੀਆਂ ਸਨ ਕਿ ਪੰਜਾਬ ਸਰਕਾਰ ਵਰਕਰਾਂ ਦੀ ਸੇਵਾ ਮੁਕਤੀ ਦੀ ਉਮਰ 58 ਸਾਲ ਤੋਂ 65 ਸਾਲ ਕੀਤੀ ਜਾਵੇ, ਸੇਵਾਮੁਕਤੀ 'ਤੇ ਘੱਟੋ-ਘੱਟ 5 ਲੱਖ ਰੁਪਏ ਦੀ ਰਾਸ਼ੀ ਦਿੱਤੀ ਜਾਵੇ, ਸੇਵਾਮੁਕਤੀ ਉਪਰੰਤ 10 ਹਜ਼ਾਰ ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇ ਅਤੇ ਮੰਗ ਪੱਤਰ ਵਿੱਚ ਦਰਜ ਹੋਰ ਸਾਰੀਆਂ ਮੰਗਾਂ ਤੁਰੰਤ ਮੰਨੀਆਂ ਜਾਣ।ਜਥੇਬੰਦੀ ਦੀ ਬਲਾਕ ਪ੍ਰਧਾਨ ਬਲਵਿੰਦਰ ਕੌਰ ਕਾਲਵੰਜਾਰਾ ਨੇ ਸਰਕਾਰੀ ਹਸਪਤਾਲ ਲਹਿਰਾ ਵਿਖੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ 'ਆਪ' ਸਰਕਾਰ ਮਾਣਭੱਤਾ ਵਰਕਰਾਂ ਸਮੇਤ ਮੁਲਾਜ਼ਮਾਂ ਦੀ ਸੰਘੀ ਨੱਪਣ 'ਤੇ ਤੁਲੀ ਹੋਈ ਹੈ।ਉਨ੍ਹਾਂ ਕਿਹਾ ਕਿ ਵਿਭਾਗ ਦੇ ਉੱਚ ਅਧਿਕਾਰੀ 58 ਸਾਲ ਦੀਆਂ ਵਰਕਰਾਂ ਨੂੰ ਸੇਵਾ-ਮੁਕਤ ਕਰਕੇ ਖਾਲੀ ਹੱਥ ਘਰਾਂ ਨੂੰ ਤੋਰਨ ਦੇ ਹੁਕਮ ਜਾਰੀ ਕਰ ਰਹੇ ਹਨ, ਜਿਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਹੜਤਾਲੀ ਵਰਕਰਾਂ ਕੁਲਵਿੰਦਰ ਕੌਰ, ਰਾਣੀ ਕੌਰ, ਸੁਖਜੀਤ ਕੌਰ, ਕਰਮਜੀਤ ਕੌਰ, ਦਲਵੀਰ ਕੌਰ, ਅਮਨਾ ਰਾਣੀ, ਪਰਮਜੀਤ ਕੌਰ ਤੇ ਵੀਰਪਾਲ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਹੁਣ ਆਪਣੇ ਦਾਅਵੇ ਤੇ ਵਾਅਦਿਆਂ ਤੋਂ ਭੱਜਦੇ ਦਿਖਾਈ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਜੇ ਸਰਕਾਰ ਨੇ ਤੁਰੰਤ ਉਨ੍ਹਾਂ ਦੀਆਂ ਮੰਗਾਂ ਵੱਲ ਕੰਨ ਨਾ ਕੀਤਾ ਤਾਂ ਸਾਂਝਾ ਮੋਰਚਾ ਜਲੰਧਰ ਜ਼ਿਮਨੀ ਚੋਣ ਵਾਲੇ ਹਲਕੇ ਵਿੱਚ ਆਪ ਦਾ ਵਿਰੋਧ ਕਰਨ ਤੋਂ ਪਿੱਛੇ ਨਹੀਂ ਹਟੇਗਾ।ਇਸ ਮੌਕੇ ਪੰਜਾਬ ਸਰਕਾਰ ਖਿਲਾਫ਼ ਭਾਰੀ ਨਾਅਰੇਬਾਜ਼ੀ ਕੀਤੀ।

ਕਾਤਰਾਂ

ਕਿਸਾਨ ਝੋਨੇ ਦੀ ਸਿੱਧੀ ਬਿਜਾਈ ਕਰਨ ਤੋਂ ਭੱਜੇ

ਲੰਬੀ/ਮਲੋਟ (ਗੁਰਮੀਤ ਸਿੰਘ ਮੱਕੜ)-ਪੰਜਾਬ ਸਰਕਾਰ ਤੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਦੀ ਸਲਾਹ ਦਿੱਤੀ ਜਾ ਰਹੀ ਹੈ, ਜਿਸ ਨਾਲ ਪਾਣੀ ਤੇ ਸਮੇਂ ਦੀ ਬੱਚਤ ਕੀਤੀ ਜਾ ਸਕੇ, ਪ੍ਰੰਤੂ ਹਲਕਾ ਲੰਬੀ ਦਾ ਜ਼ਿਆਦਾ ਰਕਬਾ ਸੇਮ ਦੀ ਮਾਰ ਹੇਠ ਰਿਹਾ ਹੈ, ਜਿਸ ਕਰਕੇ ਉਨ੍ਹਾਂ ਸਿੱਧੀ ਬਿਜਾਈ ਕਰਨ ਦਾ ਕੋਈ ਲਾਭ ਨਹੀਂ ਹੈ। ਲੰਬੀ ਦੇ ਕਿਸਾਨਾਂ ਨੇ ਦੱਸਿਆ ਕਿ ਸਿੱਧੀ ਬਿਜਾਈ ਨਾਲ ਝੋਨੇ ਵਿੱਚ ਨਦੀਨਾਂ ਦੀ ਭਰਮਾਰ ਹੋ ਜਾਂਦੀ ਹੈ ਅਤੇ ਪਾਣੀ ਵੀ ਜ਼ਿਆਦਾ ਚੰਗਾ ਨਾ ਹੋਣ ਕਰਕੇ ਝੋਨੇ ਦੀ ਬਿਜਾਈ ਲਾਹੇਵੰਦ ਸਾਬਿਤ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਝੋਨੇ ਦੀ ਫਸਲ ਦਾ ਫੇਰਬਦਲ ਨਰਮੇ ਦੀ ਫਸਲ ਹੈ, ਪ੍ਰੰਤੂ ਉਹ ਵੀ ਪਿਛਲੇ ਸਾਲਾਂ ਤੋਂ ਕੋਈ ਚੰਗਾ ਨਹੀਂ ਹੋ ਰਿਹਾ ਹੈ, ਜਿਸ ਕਰਕੇ ਕਿਸਾਨ ਝੋਨਾ ਲਗਾਉਣ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਖੇਤੀਬਾੜੀ ਵਿਭਾਗ ਪਾਣੀ ਬਚਾਉਣ ਦਾ ਹੋਕਾ ਦੇ ਰਹੀ ਹੈ ਤਾਂ ਕਿਸਾਨਾਂ ਲਈ ਚੰਗੀ ਕਿਸਮ ਦੇ ਨਰਮੇ ਦੇ ਬੀਜ ਲੈ ਕੇ ਆਵੇ ਤਾਂ ਜੋ ਕਿਸਾਨ ਮੁੜ ਤੋਂ ਨਰਮਾ ਬੀਜਣਾ ਸ਼ੁਰੂ ਕਰ ਦੇਣ ਅਤੇ ਪਾਣੀ ਦੀ ਬੱਚਤ ਹੋ ਸਕੇ।

ਭਾਸ਼ਾਈ ਭਿੰਨਤਾ ਦੇਸ਼ ਦੀ ਸ਼ਾਨ : ਮਨਧੀਰ ਦਿਉਲ

ਸਿਰਸਾ (ਸੁਰਿੰਦਰ ਪਾਲ ਸਿੰਘ)-ਦੇਸ਼ ਦੀ ਏਕਤਾ ਅਖੰਡਤਾ 'ਤੇ ਪਹਿਰਾ ਦੇਣ ਸਮੇਤ ਭਾਸ਼ਾਈ ਭਿੰਨਤਾ ਸਾਡੇ ਦੇਸ਼ ਦੀ ਪ੍ਰੰਪਰਾਗਤ ਸ਼ਾਨ ਹੈ। ਇਹ ਕਹਿਣਾ ਹੈ ਸਿੱਖ ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਮਨਧੀਰ ਸਿੰਘ ਦਿਉਲ ਤੇ ਜਰਨਲ ਸਕੱਤਰ ਮਾਸਟਰ ਸੁਰਿੰਦਰ ਪਾਲ ਸਿੰਘ ਦਾ। ਉਨ੍ਹਾਂ ਦੇਸ਼ ਦੇ ਨਵੇਂ ਸਾਂਸਦ ਮੈਂਬਰਾਂ ਵੱਲੋਂ ਆਪਣੀਆਂ ਖੇਤਰੀ ਭਾਸ਼ਾਵਾਂ ਵਿੱਚ ਸਹੁੰ ਚੁੱਕਣ ਨੂੰ ਦੇਸ਼ ਦੀ ਏਕਤਾ ਦਾ ਮੀਲ ਪੱਥਰ ਦੱਸਦਿਆਂ ਕਿਹਾ ਕਿ ਭਾਰਤ ਦੇ ਬਹੁ-ਭਸ਼ਾਈ ਤੇ ਬਹੁ-ਖੇਤਰੀ ਸੰਕਲਪ ਸਦਕਾ ਹੀ ਭਾਰਤੀ ਸੰਵਿਧਾਨ ਵਿੱਚ ਸਾਡਾ ਵਿਸ਼ਵਾਸ ਦ੍ਰਿੜ੍ਹ ਹੋ ਸਕਦਾ ਹੈ। ਉਨ੍ਹਾਂ ਚੰਡੀਗੜ੍ਹ ਤੋਂ ਕਾਂਗਰਸ ਦੇ ਲੋਕ ਸਭਾ ਮੈਂਬਰ ਮਨੀਸ਼ ਤਿਵਾੜੀ ਵੱਲੋਂ ਪੰਜਾਬੀ ਵਿੱਚ ਸਹੁੰ ਚੁੱਕਣ 'ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਪੰਜਾਬ ਤੇ ਪੰਜਾਬੀਅਤ ਦੇ ਹਤਾਇਸ਼ੀ ਕਹਾਉਣ ਵਾਲੇ ਦੇਸ਼ ਦੇ ਸਾਰੇ ਰਾਜਨੀਤੀਵਾਨਾਂ ਨੂੰ ਅਪਣੀ ਭਾਸ਼ਾ ਤੇ ਸੱਭਿਆਚਾਰ ਨੂੰ ਵਿਸਾਰਨਾ ਨਹੀਂ ਚਾਹੀਦਾ। ਉਨ੍ਹਾਂ ਦੇਸ਼ ਦੇ ਰਾਜਨੀਤੀਵਾਨਾਂ ਨੂੰ ਗੁਲਾਮ ਮਾਨਸਿਕਤਾ ਵਿੱਚੋਂ ਬਾਹਰ ਆਉਣ 'ਤੇ ਮੁਬਾਰਕਾਂ ਦਿੱਤੀਆਂ। ਸਿੱਖ ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਮਨਧੀਰ ਸਿੰਘ ਦਿਉਲ ਤੇ ਸਕੱਤਰ ਮਾ: ਸੁਰਿੰਦਰ ਪਾਲ ਸਿੰਘ ਦਾ ਕਹਿਣਾ ਸੀ ਕਿ ਭਾਰਤ ਦੀ ਭਾਸ਼ਾਈ ਵਨ-ਸਵੰਤਾ 'ਤੇ ਸੱਚਾ ਪਹਿਰਾ ਦੇਣ ਵਾਲੇ ਰਾਨੀਤੀਵਾਨਾਂ ਨੂੰ ਦੇਸ਼ ਦੇ ਵੋਟਰਾਂ ਨੇ ਹਮੇਸ਼ਾ ਸਿਰ ਮੱਥੇ 'ਤੇ ਬਿਠਾਇਆ ਹੈ। ਸਿੱਖ ਜਰਨਲਿਸਟ ਐਸੋਸੀਏਸ਼ਨ ਵੱਲੋਂ ਹਰਿਆਣਾ ਦੇ ਸਾਰੇ ਸਰਕਾਰੀ ਦਫਤਰਾਂ ਵਿੱਚ ਪੰਜਾਬੀ ਭਾਸ਼ਾ ਦੇ ਟ੍ਰਾਂਸਲੇਟਰ ਨਿਯੁਕਤ ਕਰਨ ਸਮੇਤ ਪੰਜਾਬੀ ਨੂੰ ਦਫਤਰੀ ਭਾਸ਼ਾ ਦੇਣ ਦੀ ਵੀ ਪੁਰਜ਼ੋਰ ਮੰਗ ਕੀਤੀ ਗਈ।

ਜੂਏ ਦੀ ਰਾਸ਼ੀ ਸਮੇਤ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਸਿਟੀ ਜ਼ੀਰਾ ਪੁਲਸ ਨੇ ਗਸ਼ਤ ਤੇ ਛਾਪੇਮਾਰੀ ਦੌਰਾਨ ਇੱਕ ਵਿਅਕਤੀ ਨੂੰ ਜੂਏ ਦੀ ਰਾਸ਼ੀ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਬ ਇੰਸਪੈਕਟਰ ਸ਼ਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸਬੰਧੀ ਸ਼ੇਰਾਂ ਵਾਲਾ ਚੌਕ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਦੜਾ ਸੱਟਾ ਲਗਾਉਣ ਦਾ ਆਦੀ ਹੈ, ਜੋ ਹੁਣ ਵੀ ਲਗਾ ਰਿਹਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 920 ਰੁਪਏ ਰਾਸ਼ੀ ਦੜਾ ਸੱਟਾ ਬਰਾਮਦ ਹੋਈ।

ਹੈਰੋਇਨ ਸਮੇਤ ਪੈਕਿੰਗ ਮਟੀਰੀਅਲ ਤੇ ਡਰੋਨ ਬਰਾਮਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਦੇ ਰਾਜਾ ਮੋਹਤਮ ਚੌਕ ਵਿਖੇ ਬੀਐੱਸਐੱਫ ਨੂੰ ਇਕ ਕਿਸਾਨ ਦੇ ਖੇਤ ਵਿੱਚੋਂ 570 ਗ੍ਰਾਮ ਹੈਰੋਇਨ ਸਮੇਤ ਪੈਕਿੰਗ ਮਟੀਰੀਅਲ ਤੇ ਡਰੋਨ ਬਰਾਮਦ ਹੋਇਆ ਹੈ। ਇਸ ਸਬੰਧੀ ਥਾਣਾ ਲੱਖੋਕੇ ਬਹਿਰਾਮ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਕੰਵਲਜੀਤ ਸਿੰਘ ਨੇ ਦੱਸਿਆ ਕਿ ਇਕ ਪੱਤਰ ਵੱਲੋਂ ਕੰਪਨੀ ਕਮਾਂਡਰ ਇੰਸਪੈਕਟਰ ਟੀ ਦਾਲਸੁਆਨਲਮ ਵੱਲੋਂ ਮੁਸੌਲ ਹੋਇਆ, ਜਿਸ 'ਤੇ ਉਸ ਵੱਲੋਂ ਸਮੇਤ ਸਾਥੀ ਕਰਮਚਾਰੀਆਂ ਮੌਕੇ 'ਤੇ ਪੁੱਜਾ, ਜਿੱਥੇ ਕੰਪਨੀ ਕਮਾਂਡਰ ਸਮੇਤ ਸਾਥੀ ਕਰਮਚਾਰੀਆਂ ਦੇ ਅਵਤਾਰ ਸਿੰਘ ਪੁੱਤਰ ਜੋਗਿੰਦਰ ਸਿੰਘ ਖੇਤ ਵਿੱਚੋਂ 570 ਗ੍ਰਾਮ ਹੈਰੋਇਨ ਸਮੇਤ ਪੈਕਿੰਗ ਮਟੀਰੀਅਲ ਤੇ ਡਰੋਨ ਬਰਾਮਦ ਕੀਤਾ ਗਿਆ ਸੀ, ਜੋ ਉਸ ਹਵਾਲੇ ਕੀਤਾ ਗਿਆ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕਰ ਲਿਆ ਹੈ।

ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਨਸ਼ਿਆਂ ਦੀ ਆੜ ਹੇਠ ਬਦਨਾਮ ਕਰਨ ਤੋਂ ਗੁਰੇਜ਼ ਕੀਤਾ ਜਾਵੇ : ਗੋਇਲ

ਮਾਨਸਾ (ਆਤਮਾ ਸਿੰਘ ਪਮਾਰ)

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਚੀਮਾ ਦੀ ਪ੍

26-June-PAGE-11-Majha-24.qxd 6/25/2024 10:59 PM Page 1

'ਆਪ' ਸੰਸਦ ਮੈਂਬਰਾਂ ਦੇ ਸਹੁੰ-ਚੁੱਕ ਸਮਾਗਮ 'ਚ ਪਹੁੰਚੇ ਭਗਵੰਤ ਮਾਨ

* ਤਿੰਨੋਂ ਸੰਸਦ ਮੈਂਬਰ ਪਾਰਲੀਮੈਂਟ 'ਚ ਕਰਨਗੇ ਪੰਜਾਬ ਦੀ ਇਨਕਲਾਬੀ ਆਵਾਜ਼ ਬੁਲੰਦ

ਚੰਡੀਗੜ੍ਹ (ਗੁਰਜੀਤ ਬਿੱਲਾ)— ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਮੰਗਲਵਾਰ ਨੂੰ ਆਮ ਆਦਮੀ ਪਾਰਟੀ (ਆਪ) ਦੇ ਤਿੰਨ ਨਵੇਂ ਚੁਣੇ ਗਏ ਸੰਸਦ ਮੈਂਬਰਾਂ ਗੁਰਮੀਤ ਸਿੰਘ ਮੀਤ ਹੇਅਰ, ਮਲਵਿੰਦਰ ਸਿੰਘ ਕੰਗ ਅਤੇ ਡਾ. ਰਾਜਕੁਮਾਰ ਚੱਬੇਵਾਲ ਦੇ ਸਹੁੰ-ਚੁੱਕ ਸਮਾਗਮ ਲਈ ਸੰਸਦ ਪਹੁੰਚੇ ਅਤੇ ਉਨ੍ਹਾਂ ਦੇ ਤਿੰਨਾਂ ਸੰਸਦ ਮੈਂਬਰਾਂ ਨੂੰ ਅਧਿਕਾਰਤ ਤੌਰ 'ਤੇ ਸੰਸਦ ਮੈਂਬਰ ਬਣਨ 'ਤੇ ਵਧਾਈ ਦਿੱਤੀ।ਸੰਸਦ ਦੇ ਬਾਹਰ ਮੀਡੀਆ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਾਡੇ ਤਿੰਨੇ ਸੰਸਦ ਮੈਂਬਰ ਬਹੁਤ ਹੀ ਤਜਰਬੇਕਾਰ ਅਤੇ ਸੂਝਵਾਨ ਹਨ। ਉਹ ਪੰਜਾਬ ਦੇ ਮਸਲਿਆਂ ਤੋਂ ਚੰਗੀ ਤਰ੍ਹਾਂ ਜਾਣੂ ਹਨ।ਉਹ ਜਾਣਦੇ ਹਨ ਕਿ ਕੰਮ ਕਿਵੇਂ ਕਰਵਾਉਣਾ ਹੈ।ਮੀਤ ਹੇਅਰ ਪੰਜਾਬ ਸਰਕਾਰ ਵਿੱਚ ਦੋ ਵਾਰ ਵਿਧਾਇਕ ਅਤੇ ਕਈ ਵਿਭਾਗਾਂ ਦੇ ਮੰਤਰੀ ਰਹਿ ਚੁੱਕੇ ਹਨ।ਮਲਵਿੰਦਰ ਕੰਗ ਲੰਬੇ ਸਮੇਂ ਤੋਂ ਰਾਜਨੀਤੀ ਵਿੱਚ ਸਰਗਰਮ ਹਨ।ਉਹ ਵਿਦਿਆਰਥੀ ਰਾਜਨੀਤੀ ਦੇ ਸਮੇਂ ਤੋਂ ਹੀ ਸਮਾਜਕ ਕੰਮਾਂ ਵਿੱਚ ਸ਼ਾਮਲ ਹਨ ਅਤੇ ਪਿਛਲੇ ਦੋ ਸਾਲਾਂ ਤੋਂ ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਵਜੋਂ ਕੰਮ ਕਰ ਰਹੇ ਹਨ। ਡਾ. ਰਾਜ ਕੁਮਾਰ ਚੱਬੇਵਾਲ ਦੋ ਵਾਰ ਵਿਧਾਇਕ ਵੀ ਰਹਿ ਚੁੱਕੇ ਹਨ।ਉਨ੍ਹਾਂ ਨੇ ਆਪਣੇ ਇਲਾਕੇ ਦੇ ਆਮ ਅਤੇ ਗ਼ਰੀਬ ਲੋਕਾਂ ਲਈ ਬਹੁਤ ਕੰਮ ਕੀਤੇ ਹਨ।ਉਨ੍ਹਾਂ ਦਾ ਤਜਰਬਾ ਸੰਸਦ ਵਿਚ ਵੀ ਲਾਭਦਾਇਕ ਹੋਵੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਤਿੰਨੇ ਸੰਸਦ ਮੈਂਬਰ ਪਾਰਲੀਮੈਂਟ ਵਿੱਚ ਪੰਜਾਬ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਨਗੇ ਅਤੇ ਸੂਬੇ ਦੇ ਆਮ ਲੋਕਾਂ ਦੇ ਮਸਲੇ ਸੰਸਦ ਵਿੱਚ ਉਠਾਉਣਗੇ।ਸਾਡੇ ਸੰਸਦ ਮੈਂਬਰ ਪੰਜਾਬ ਦੇ ਰੁਕੇ ਹੋਏ ਫ਼ੰਡਾਂ ਦਾ ਮੁੱਦਾ ਵੀ ਪਾਰਲੀਮੈਂਟ ਵਿੱਚ ਜ਼ੋਰ-ਸ਼ੋਰ ਨਾਲ ਉਠਾਉਣਗੇ ਅਤੇ ਕੇਂਦਰ ਸਰਕਾਰ 'ਤੇ ਦਬਾਅ ਬਣਾ ਕੇ ਇਸ ਨੂੰ ਜਲਦੀ ਤੋਂ ਜਲਦੀ ਪਾਸ ਕਰਵਾਉਣਗੇ।ਪੰਜਾਬ ਦੇ ਪੇਂਡੂ ਵਿਕਾਸ ਫ਼ੰਡ (ਆਰ. ਡੀ. ਐੱਫ.), ਨੈਸ਼ਨਲ ਹੈਲਥ ਮਿਸ਼ਨ (ਐੱਨ. ਐੱਚ. ਐੱਮ.) ਸਮੇਤ ਵੱਖ-ਵੱਖ ਸਕੀਮਾਂ ਦਾ ਕੇਂਦਰ ਸਰਕਾਰ ਵੱਲ ਕਰੀਬ 10 ਹਜ਼ਾਰ ਕਰੋੜ ਰੁਪਏ ਬਕਾਇਆ ਹੈ, ਜੋ ਕਿ ਕੇਂਦਰ ਵੱਲੋਂ ਕਈ ਸਾਲਾਂ ਤੋਂ ਜਾਰੀ ਨਹੀਂ ਕੀਤਾ ਜਾ ਰਿਹਾ, ਜਿਸ ਸੰਬੰਧੀ ਪੰਜਾਬ ਦੀ ਆਮ ਆਦਮੀ ਪਾਰਟੀ ਅਤੇ ਮਾਨ ਸਰਕਾਰ ਲਗਾਤਾਰ ਕੇਂਦਰ ਸਰਕਾਰ ਖਿਲਾਫ ਆਵਾਜ਼ ਚੁੱਕ ਰਹੀ ਹੈ।

ਸਿਵਲ ਹਸਪਤਾਲ ਪੱਟੀ 'ਚ ਆਸ਼ਾ ਵਰਕਰਾਂ ਦੀ ਪੰਜ ਦਿਨਾਂ ਤੋਂ ਕਲਮਛੋੜ ਹੜਤਾਲ ਜਾਰੀ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਆਸ਼ਾ ਵਰਕਰਾਂ ਫੈਸੀਲਿਟੇਟਰਜ਼ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਪੱਟੀ ਵਿਖੇ ਰੋਸ ਧਰਨਾ ਦਿੱਤਾ ਗਿਆ।ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਉਨ੍ਹਾਂ ਨੂੰ ਮਿਲਦੇ ਭੱਤੇ ਬੰਦ ਕਰਕੇ ਉਨ੍ਹਾਂ ਨਾਲ ਬਹੁਤ ਵੱਡਾ ਧੋਖਾ ਕੀਤਾ ਜਿਸਦੇ ਰੋਸ ਵਜੋਂ ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ ਸਾਂਝੇ ਮੋਰਚੇ ਵੱਲੋ ਆਪਣੀਆ ਹੱਕੀ ਮੰਗਾਂ ਨੂੰ ਲੈ ਕਿ ਸਿਵਲ ਹਸਪਤਾਲ ਘਰਿਆਲਾ ਦੇ ਰੋਸ ਧਰਨਾ ਪੰਜਵੇਂ ਦਿਨ ਵੀ ਜਾਰੀ ਰਿਹਾ ।ਨਿਗੂਣੇ ਮਿਲਦੇ ਭੱਤਿਆਂ ਨੂੰ ਬੰਦ ਕਰਨ ਨੂੰ ਲੈ ਕੇ ਸਰਕਾਰ ਖਿਲਾਫ ਕੀਤੀ ਨਾਅਰੇਬਾਜੀ ।ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ ਦੀ ਪ੍ਰਧਾਨ ਲਖਵਿੰਦਰ ਕੌਰ, ਸੂਰ ਸਿੰਘ ਤੋਂ ਚਰਨਜੀਤ ਕੌਰ ਫਰੰਦੀਪੁਰ ਵੱਲੋਂ ਆਪਣੀਆ ਹੱਕੀ ਮੰਗਾਂ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਵੱਲੋਂ ਚੋਣਾਂ ਤੋਂ ਪਹਿਲਾਂ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਉਨ੍ਹਾਂ ਨੂੰ ਮਿਲਦੇ ਨਿਗੂਣੇ ਭੱਤੇ ਵੀ ਬੰਦ ਕਰਕੇ ਉਹਨਾਂ ਨਾਲ ਵਾਅਦਾ ਖਿਲਾਫੀ ਕੀਤੀ।ਆਸ਼ਾ ਵਰਕਰਜ ਫੈਸੀਲਿਟੇਟਰ ਨੂੰ ਸੇਵਾਮੁਕਤੀ 58 ਸਾਲ ਤੋ ਵੱਧ ਕੇ 65 ਸਾਲ ਕੀਤੀ ਜਾਵੇ, ਸੇਵਾ ਮੁਕਤ ਹੋਣ ਸਮੇਂ ਮਹਿਕਮੇ ਅੰਦਰ ਕੀਤੀ ਸੇਵਾ ਨੂੰ ਮੁੱਖ ਰੱਖਦੇ ਹੋਏ ਪੰਜ ਲੱਖ ਰੁਪੈ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ। ਸੇਵਾ ਮੁਕਤ ਹੋਣ ਸਮੇ ਹਰ ਵਰਕਰਜ਼ ਨੂੰ 10 ਹਜ਼ਾਰ ਰੁਪੈ ਪ੍ਰਤੀ ਮਹੀਨਾ ਪੈਨਸ਼ਨ ਚਾਲੂ ਕੀਤੀ ਜਾਵੇ। ਸੇਵਾ ਮੁਕਤ ਫਾਰਗ ਕਰਨ ਸਮੇ ਖਾਲੀ ਹੋਈ ਜਗਾਂ ਤੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਪਹਿਲ ਦਿੱਤੀ ਜਾਵੇ।ਪੰਜਾਬ ਸਰਕਾਰ ਵੱਲੋ ਜੱਚਾ ਬੱਚਾ ਦੀ ਮੌਤ ਦਰ ਘਟਾਉਣ ਲਈ ਭਰਤੀ ਕੀਤਾ ਗਿਆ ਸੀ।ਆਸ਼ਾ ਵਰਕਰਾਂ ਨੂੰ ਦੀ ਵਿਦਿਅਕ ਯੋਗਤਾ ਦੇ ਆਧਾਰ ਤੇ ਦਰਜਾ ਤਿੰਨ ਮੁਲਜ਼ਮ ਮੰਨਿਆ ਜਾਵੇ।ਦਰਜਾ ਤਿੰਨ ਮੁਲਜ਼ਮਾਂ ਦੇ ਅਨੁਸਾਰ ਤਨਖਾਹਾਂ ਭੱਤੇ ਦਿੱਤੇ ਜਾਣ।ਗਰਭਵਤੀ ਔਰਤ ਦੀ ਰਜਿਸਟਰੇਸਨ ਖਤਮ ਕਰ ਦਿੱਤੀ ਜਾਵੇ।

ਜਨਰਲ ਕੈਟਾਗਿਰੀ ਦੇ ਸਾਰੇ ਕਾਲਮ ਖਤਮ ਕੀਤੇ ਗਏ। ਗਰਭਵਤੀ ਔਰਤ ਦਾ ਆਇਰਲ ਵਾਲਾ ਕਾਲਮ, ਡਾਟਸ ਦੀ ਦਵਾਈ ਖੁਆਉਣ ਵਾਲਾ ਕੈਟਾਗਿਰੀ ਟੂ ਵਾਲਾ ਕਾਲਮ ਖਤਮ ਇੰਨਸੈਟਿਵ ਖਤਮ ਇਨ੍ਹਾਂ ਦਾ ਕੱਟਿਆ ਭੱਤਿਆਂ ਨੂੰ ਚਾਲੂ ਕਰਵਾਉਣ ਸਮੇਤ ਮੰਗਾਂ ਮੰਨਵਾਉਣ ਲਈ ਮੰਗ ਪੱਤਰ ਸੌਂਪੇ ਜਾਣਗੇ।ਜੇਕਰ ਫਿਰ ਵੀ ਸਿਹਤ ਵਿਭਾਗ ਦੇ ਅਮਲੇ ਨਾਲ ਮੀਟਿੰਗ ਤਹਿ ਨਹੀ ਕਰਵਾਈ ਜਾਂਦੀ ਤਾ ਉਹਨਾ ਨੂੰ ਮਜਬੂਰ ਹੋਕੇ ਸੂਬੇ ਭਰ ਵਿਚ ਸਾਂਝੇ ਮੋਰਚੇ ਦੇ ਸਹਿਯੋਗ ਨਾਲ 28 ਜੂਨ ਤੱਕ ਕਲਮਛੋੜ ਹੜ੍ਹਤਾਲ ਕਰਕੇ ਸਿਹਤ ਵਿਭਾਗ ਦੇ ਸਾਰੇ ਕੰਮ ਠੱਪ ਕਰਦਿਆ ਸੂਬੇ ਭਰ ਦੇ ਸਾਰੇ ਐਸ.ਐਮ.ਓ ਦੇ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਜਾਰੀ ਰਹੇਗਾ ।

ਰੋਸ ਧਰਨੇ ਦੌਰਾਨ ਹੋਣ ਵਾਲੇ ਨੁਕਸਾਨ ਦੀ ਜ਼ੁੰਮੇਵਾਰੀ ਸੂਬਾ ਸਰਕਾਰ ਹੋਵੇਗੀ।ਭਰਾਤਰੀ ਜਥੇਬੰਦੀਆਂ ਵੱਲੋਂ ਰਣਜੀਤ ਕੌਰ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਜਿਲਾ ਸਕੱਤਰ ਸ਼੍ਰੀਮਤੀ ਨਰਿੰਦਰ ਕੌਰ ਜਿਲਾ ਸਕੱਤਰ ਇਸਤਰੀ ਮੁਕਤੀ ਮੋਰਚਾ ਤਰਨ ਤਾਰਨ ਧਰਮ ਸਿੰਘ ਪੱਟੀ ਕਨਵੀਨਰ ਪੰਜਾਬ ਨਿਰਮਾਣ ਮਜ਼ਦੂਰ ਯੂਨੀਅਨ ਵੀਰ ਕੌਰ, ਪਰਮਜੀਤ ਕੌਰ, ਨੀਤੂ, ਮਨਜੀਤ ਕੌਰ, ਸਰਬਜੀਤ ਸਿੰਘ ਰੇਡੀਓ ਗਰਾਫਰ, ਜ਼ਿਲਾ ਕਨਵੀਨਰ ਤਾਲਮੇਲ ਕਮੇਟੀ ਪੈਰਾਮੈਡੀਕਲ ਯੂਨੀਅਨ ਧਰਮਿੰਦਰ ਸਿੰਘ ਸਹਿਯੋਗ ਦੇਣ ਲਈ ਪਹੁੰਚੇ ਜਿਨ੍ਹਾਂ ਦਾ ਆਸ਼ਾ ਵਰਕਰਾਂ ਵੱਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਰਜਵੰਤ ਕੌਰ ਜੋਤੀ, ਪਰਮਜੀਤ ਕੌਰ, ਲਖਵਿੰਦਰ ਕੌਰ, ਮਨਜੀਤ ਕੌਰ, ਸੰਦੀਪ ਕੌਰ, ਜਸਬੀਰ ਕੌਰ, ਮੰਨੂ, ਸੁਨੀਤਾ, ਮਨਜੀਤ ਕੌਰ, ਗੁਰਜੀਤ ਕੌਰ, ਜਗਮੀਤ ਕੌਰ ਰਵਿੰਦਰ ਕੌਰ, ਅੰਜੂ ਅਰੋੜਾ ਆਦਿ ਹਾਜ਼ਰ ਸਨ।

ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਭਾਵ-ਭਿੰਨੀ ਸ਼ਰਧਾਂਜਲੀ

*ਪੰਜਾਬੀਆਂ ਨੂੰ ਅੱਜ ਮਹਾਰਾਜਾ ਰਣਜੀਤ ਸਿੰਘ ਦੇ ਵਚਨਾਂ 'ਤੇ ਪਹਿਰਾ ਦੇਣ ਦੀ ਲੋੜ : ਚਿੰਤਕ

ਮੁਹਾਲੀ (ਗੁਰਜੀਤ ਸਿੰਘ ਬਿੱਲਾ)-ਮੋਹਾਲੀ ਦੇ ਐਡਵੋਕੇਟ ਨਵਦੀਪ ਸਿੰਘ ਬਿੱਟਾ ਦੀ ਪ੍ਰਧਾਨਗੀ ਹੇਠ ਅੱਜ ਉਨ੍ਹਾਂ ਦੀ ਰਿਹਾਇਸ਼ੀ ਫੇਜ਼-5, ਮੋਹਾਲੀ ਵਿਖੇ ਇੱਕ ਮੀਟਿੰਗ ਹੋਈ, ਜਿਸ ਵਿੱਚ ਵੱਖ-ਵੱਖ ਖੇਤਰਾਂ ਦੇ ਮੋਹਤਬਰ ਸਖਸ਼ੀਅਤਾਂ ਨੇ ਭਾਗ ਲਿਆ, ਜਿਸ ਵਿੱਚ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਮੇਂ ਉਨ੍ਹਾਂ ਨੂੰ ਭਾਵ ਭਿੰਨੀ ਸ਼ਰਧਾਜਲੀ ਦਿੱਤੀ ਗਈ ਅਤੇ ਉਨ੍ਹਾਂ ਦੇ ਸਿੱਖ ਰਾਜ ਦੇ ਸਮੇਂ ਦੇ ਮਹਾਨ ਕੰਮਾਂ ਨੂੰ ਯਾਦ ਕੀਤਾ ਗਿਆ।ਇਸ ਮੌਕੇ ਚਿੰਤਕਾਂ ਨੇ ਕਿਹਾ ਕਿ ਅੱਜ ਦੇ ਸਿੱਖ ਆਗੂ ਤੇ ਪੰਜਾਬ ਦੀਆਂ ਸਰਕਾਰਾਂ ਮਹਾਰਾਜਾ ਰਣਜੀਤ ਸਿੰਘ ਦੇ ਚਲਾਏ ਗਏ ਰਾਜ ਵਿੱਚ ਉਨ੍ਹਾਂ ਵੱਲੋਂ ਕੀਤੇ ਗਏ ਲੋਕ ਭਲਾਈ ਦੇ ਕੰਮਾਂ ਦੀਆਂ ਗੱਲਾਂ ਤਾਂ ਜ਼ਰੂਰ ਕਰਦੀਆਂ ਸਨ ਪ੍ਰੰਤੂ ਅਸਲੀਅਤ ਅੱਜ ਦੀਆਂ ਸਰਕਾਰਾਂ ਦੀ ਕੋਹਾਂ ਦੂਰ ਹੈ, ਹੁਣ ਦੀ ਸਰਕਾਰ ਤਾਂ ਉਸਦਾ ਨਾਮ ਵੀ ਨਹੀਂ ਲੈਂਦੀ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਅੱਜ ਤੱਕ ਪੰਜਾਬ ਵਿੱਚ ਸਿੱਖ ਲੀਡਰਸ਼ਿਪ ਵਜੋਂ ਕਦੇ ਵੀ ਮਹਾਰਾਜਾ ਰਣਜੀਤ ਸਿੰਘ ਦਾ ਆਪਣੀ ਕੌਮ ਦੇ ਨਾਮ ਸੰਦੇਸ਼ ਜੋ ਕਿ ਉਹਨਾਂ ਨੇ ਆਪਣੀ ਸੰਸਾਰਕ ਯਾਤਰਾ 23 ਜੂਨ 1839 ਨੂੰ ਪੂਰੀ ਕਰਨ ਤੋਂ 4 ਦਿਨ ਪਹਿਲਾਂ ਖਾਲਸਾ ਰਾਜ ਦੇ ਆਪਣੇ ਨਜ਼ਦੀਕੀ ਰਿਸ਼ਤੇਦਾਰੀਆਂ ਅਤੇ ਦਰਬਾਰੀਆਂ ਨੂੰ ਸੰਬੋਧਨ ਕਰਦਿਆਂ ਹਦਾਇਤ ਕੀਤੀ ਸੀ-ਬਹਾਦਰ ਖਾਲਸਾ ਜੀ, ਆਪ ਨੇ ਖਾਲਸਾ ਰਾਜ ਦੀ ਸਥਾਪਨਾ ਲਈ ਜੋ ਅਣਥੱਕ ਘਾਲਣਾਵਾਂ ਘਾਲੀਆਂ ਹਨ ਉਹ ਨਿਸਫਲ ਨਹੀਂ ਗਈਆਂ।ਇਸ ਸਮੇਂ ਆਪਣੇ ਆਲੇ ਦੁਆਲੇ ਜੋ ਕੁਝ ਦੇਖ ਰਹੇ ਹੋ, ਸਭ ਕੁਝ ਆਪ ਦੀਆਂ ਕੁਰਬਾਨੀਆਂ ਅਤੇ ਘਾਲਣਾਵਾਂ ਦਾ ਫਲ ਹੈ। ਮੈਂ ਗੁਰੂ ਤੇ ਆਪ ਦੇ ਭਰੋਸੇ ਇੱਕ ਸਾਧਾਰਨ ਪਿੰਡ ਤੋਂ ਉਠ ਕੇ ਲਗਭਗ ਸਾਰੇ ਪੰਜਾਬ ਤੇ ਇਸ ਤੋਂ ਬਾਹਰ ਅਫਗਾਨਿਸਤਾਨ, ਕਸ਼ਮੀਰ, ਤਿੱਬਤ, ਸਿੰਧ ਦੀਆਂ ਕੰਧਾਂ ਤੱਕ ਖਾਲਸੇ ਦਾ ਰਾਜ ਸਥਾਪਿਤ ਕਰ ਦਿੱਤਾ ਹੈ। ਹੁਣ ਕੁਝ ਹੀ ਦਿਨਾਂ ਦਾ ਮੇਲਾ ਹੈ, ਥੋੜੇ ਸਮੇਂ ਤੱਕ ਮੈਂ ਆਪ ਤੋਂ ਸਦਾ ਵਾਸਤੇ ਵਿਦਾ ਹੋ ਜਾਵਾਂਗਾ। ਮੈਥੇ ਜੋ ਕੁਝ ਸਰ ਆਈ ਏ, ਤੁਹਾਡੀ ਸੇਵਾ ਕਰ ਚਲਿਆ, ਹਨ-ਹਨੇ ਦੀ ਸਰਦਾਰੀ ਦੇ ਮਣਕੇ ਭੰਨ ਕੇ ਇਕ ਕੈਂਠਾ ਬਣਾ ਦਿੱਤਾ ਹੈ। ਇੱਕ ਲੜੀ ਵਿੱਚ ਪਹੁੰਚੇ ਰਹੋਗੇ ਤਾਂ ਬਾਦਸ਼ਾਹ ਬਣੇ ਰਹੋਗੇ, ਨਿਖੜ ਜਾਉਗੇ ਤਾਂ ਮਾਰੇ ਜਾਉਗੇ। ਪਿਆਰੇ ਖਾਲਸਾ ਜੀ ਤੁਹਾਡੀ ਤੇਗ ਦੀ ਧਾਂਕ ਸੰਸਾਰ ਵਿੱਚ ਪਈ ਹੋਈ ਹੈ। ਡਰ ਹੈ ਤਾਂ ਇਸ ਗੱਲ ਦਾ ਕਿ ਕਿਤੇ ਇਹ ਤੇਗ ਤੁਹਾਡੇ ਆਪਣੇ ਘਰ ਨਾ ਪੜਕਣ ਲੱਗ ਪਵੇ, ਤੁਸੀਂ ਗੁਰੂ ਕਲਗੀਧਰ ਪਾਤਸ਼ਾਹ ਜੀ ਦੇ ਖੰਡੇ ਬਾਟੇ ਦਾ ਅੰਮ੍ਰਿਤ ਛਕਿਆ ਹੈ, ਜਿਸ ਵਿੱਚ ਜਮਾਨੇ ਦੇ ਨੀਤੀ ਛੁਪੀ ਹੋਈ ਹੈ, ਸਦਾ ਪਤਾਸਿਆਂ ਵਾਂਗ ਘੁਲ ਮਿਲ ਕੇ ਰਹਿਣਾ, ਜੇ ਸਮਾਂ ਆ ਬਣੇ ਤਾਂ ਖੰਡੇ ਵਾਂਗ ਸਖਤ ਤੇ ਦੁਸ਼ਮਣ ਦੀਆਂ ਚਾਲਾਂ ਤੋਂ ਸਾਵਧਾਨ ਰਹਿਣਾ, ਅਜ਼ਾਦੀ ਮੈਨੂੰ ਜਾਨ ਨਾਲੋਂ ਪਿਆਰੀ ਹੈ, ਸਿੰਘਾਂ ਦੇ ਝੰਡੇ ਸਦਾ ਉੱਚੇ ਰਹਿਣ, ਮੇਰੀ ਅੰਤਿਮ ਇੱਛਾ ਹੈ। ਓਪਰੇ ਜੇ ਪੰਜਾਬ ਦੀ ਧਰਤੀ ਤੇ ਪੈਰ ਧਰਨਗੇ ਤਾਂ ਮੇਰੀ ਛਾਤੀ ਉੱਤੇ ਧਰਨਗੇ, ਗੈਰਾਂ ਦੇ ਝੰਡੇ ਸਾਹਮਣੇ ਝੁਕਣਾ ਮੇਰੀ ਅਣਖ ਨੂੰ ਵੇਚਣਾ ਹੋਵੇਗਾ, ਤੁਸੀਂ ਕਿਸੇ ਦੇ ਗੁਲਾਮ ਬਣ ਜਾਉਗੇ ਤਾਂ ਮੇਰੀ ਰੂਹ ਕਲਪੇਗੀ, ਹੁਣ ਹੋਰ ਵਧੇਰੇ ਕਹਿਣ ਦਾ ਸਮਾਂ ਨਹੀਂ ਹੈ।ਉਪਰੋਕਤ ਆਖਰੀ ਬੋਲਾਂ ਤੋਂ ਬਾਅਦ ਅੱਜ ਮਹਾਰਾਜਾ ਰਣਜੀਤ ਸਿੰਘ ਦੀ ਰੂਹ ਜ਼ਰੂਰ ਤੜਫਦੀ ਹੋਵੇਗੀ, ਕਿਉਂਕਿ ਉਨ੍ਹਾਂ ਦੇ ਸੁਪਨਿਆਂ ਨੂੰ ਅੱਜ ਦੀ ਸਿੱਖ ਲੀਡਰਸ਼ਿਪ ਨੇ ਚਕਨਾਚੂਰ ਕਰ ਦਿੱਤਾ ਹੈ।ਸਿਰਫ ਤੇ ਸਿਰਫ ਆਪਣੀ ਚੌਧਰ ਚਮਕਾਉਣ ਵਾਸਤੇ ਹੀ ਉਸਦਾ ਨਾਮ ਵਰਤਦੇ ਹਨ।

ਅੱਜ ਲੋੜ ਹੈ ਮਹਾਰਾਜਾ ਰਣਜੀਤ ਸਿੰਘ ਦੇ ਆਖਰੀ ਬੋਲਾਂ ਤੇ ਫੁੱਲ ਚੜ੍ਹਾਉਣ ਵਾਲੇ, ਅਣਖੀ, ਸੂਰਵੀਰ ਯੋਧਿਆਂ ਦੇ ਇਕੱਠੇ ਹੋਣਦੀ ਤਾਂ ਜੋ ਇੱਥੇ ਰਹਿੰਦੇ ਹਿੰਦੂ, ਮੁਸਲਿਮ, ਸਿੱਖ ਅਤੇ ਈਸਾਈ ਭਾਈਚਾਰੇ ਵਿਚਕਾਰ ਅਮਨ-ਸ਼ਾਂਤੀ ਬਰਕਰਾਰ ਰਹੇ ਅਤੇ ਮਹਾਰਾਜਾ ਰਣਜੀਤ ਸਿੰਘ ਦੇ ਵਚਨਾਂ ਤੇ ਪਹਿਰਾ ਦਿੰਦਿਆਂ ਪੰਜਾਬ ਨੂੰ ਦੁਬਾਰਾ ਵਿਸ਼ਵ ਪੱਧਰ ਤੇ ਪਹਿਲੇ ਦਰਜੇ ਦਾ ਸੂਬਾ ਬਣਾਇਆ ਜਾ ਸਕੇ।

ਐਕਸਿਸ ਮਿਊਚਲ ਫੰਡ ਵੱਲੋਂ 'ਐਕਸਿਸ ਨਿਫਟੀ 500 ਇੰਡੈਕਸ ਫੰਡ' ਲਾਂਚ

ਲੁਧਿਆਣਾ:- ਐਕਸਿਸ ਮਿਊਚੁਅਲ ਫੰਡ, ਭਾਰਤ ਵਿੱਚ ਸਭ ਤੋਂ ਤੇਜੀ ਨਾਲ ਵਧ ਰਹੀ ਮਿਊਚਲ ਫੰਡ ਕੰਪਨੀਆਂ ਵਿੱਚੋਂ ਇੱਕ ਨੇ ਇੱਕ ਨਵੀਂ ਫੰਡ ਪੇਸ਼ਕਸ਼ ਐਕਸਿਸ ਨਿਫਟੀ 500 ਇੰਡੈਕਸ ਫੰਡ ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ। ਇਸ ਓਪਨ-ਐਂਡਡ ਇੰਡੈਕਸ ਫੰਡ ਦਾ ਉਦੇਸ਼ ਨਿਫਟੀ 500 ਟੋਟਲ ਰਿਟਰਨ ਇੰਡੈਕਸ ਦੇ ਪ੍ਰਦਰਸ਼ਨ ਨੂੰ ਦੁਹਰਾਉਣਾ ਹੈ।

ਨਵੀਂ ਫੰਡ ਪੇਸਕਸ 26 ਜੂਨ, 2024 ਨੂੰ ਖੁੱਲ੍ਹੇਗੀ ਅਤੇ 09 ਜੁਲਾਈ, 2024 ਨੂੰ ਬੰਦ ਹੋਵੇਗੀ। ਫੰਡ ਦਾ ਪ੍ਰਬੰਧ ਕਾਰਤਿਕ ਕੁਮਾਰ ਅਤੇ ਸਚਿਨ ਰੇਲੇਕਰ ਕਰਨਗੇ। ਐਕਸਿਸ ਏਐਮਸੀ ਦੇ ਐਮੰਡੀ ਅਤੇ ਸੀਈਓ ਬੀ. ਗੋਪਕੁਮਾਰ ਨੇ ਕਿਹਾ ਕਿ ਐਕਸਿਸ ਨਿਫਟੀ 500 ਇੰਡੈਕਸ ਫੰਡ ਇੱਕ ਸਧਾਰਨ ਪੈਸਿਵ ਫੰਡ ਹੈ ਜੋ ਨਿਵੇਸ਼ਕਾਂ ਨੂੰ ਭਾਰਤੀ ਕੰਪਨੀਆਂ ਦੇ ਵਿਆਪਕ ਸਪੈਕਟ੍ਰਮ ਦੀ ਵਿਕਾਸ ਕਹਾਣੀ ਵਿੱਚ ਹਿੱਸਾ ਲੈਣ ਦਾ ਇੱਕ ਸਧਾਰਨ, ਪਰ ਪ੍ਰਭਾਵਸ਼ਾਲੀ ਤਰੀਕਾ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ। ਇਸ ਨੂੰ ਨਵੇਂ ਅਤੇ ਤਜਰਬੇਕਾਰ ਨਿਵੇਸ਼ਕਾਂ ਦੋਵਾਂ ਲਈ ਇੱਕ ਆਕਰਸ਼ਕ ਵਿਕਲਪ ਬਣਾਉਂਦੀ ਹੈ।

ਭਾਜਪਾਈਆਂ ਨੇ ਸਥਾਨਕ ਦਫਤਰ 'ਚ ਮਨਾਇਆ ਕਾਲਾ ਦਿਵਸ

ਬਟਾਲਾ (ਤਰਲੋਕ ਬੱਗਾ)-ਜ਼ਿਲਾ ਪ੍ਰਧਾਨ ਭਾਜਪਾ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਯੋਗ ਰਹਿਨੁਮਾਈ ਹੇਠ ਸਥਾਨਕ ਭਾਜਪਾ ਦਫਤਰ ਵਿਖੇ ਕਾਲਾ ਦਿਵਸ ਮਨਾਇਆ ਜਿਸ ਵਿਚ ਪੰਜਾਬ ਸਕੱਤਰ ਸੂਰਜ

26-JUNE-PAGE-12.qxd 6/25/2024 10:58 PM Page 1

ਇੰਗਲੈਂਡ ਵਿਖੇ ਧਰਮ ਸਮਾਗਮ 'ਚ ਸੰਤ ਸਤਵਿੰਦਰ ਹੀਰਾ ਨੇ ਸੰਗਤਾਂ ਨੂੰ ਸੰਘਰਸ਼ ਨਾਲ ਜੁੜਨ ਦਾ ਦਿੱਤਾ ਸੱਦਾ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)—ਸ੍ਰੀ ਗੁਰੂ ਰਵਿਦਾਸ ਧਾਰਮਿਕ ਸਭਾ ਅਤੇ ਸ੍ਰੀ ਗੁਰੂ ਰਵਿਦਾਸ ਬ੍ਰਦਰਹੁਡ ਵਲੋਂ 98ਵਾਂ ਆਦਿ ਧਰਮ ਮੰਡਲ ਸਥਾਪਨਾ ਦਿਵਸ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਟੈਂਪਲ ਡਡਲੀ ਰੋਡ ਵੂਲਵਰਹੈਂਪਟਨ ਇੰਗਲੈਂਡ ਵਿਖੇ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ। ਸੰਤ ਸਤਵਿੰਦਰ ਹੀਰਾ ਕੌਮੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ(ਰਜਿ.) ਭਾਰਤ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਹਰੀਪਾਲ ਰੰਧਾਵਾ,ਬਲਦੇਵ ਮਹੇ,ਨਿਰਮਲ ਮਹੇ,ਹਰਬੰਸ ਹੀਰਾ,ਗਿਆਨ ਚੰਦ ਦੀਵਾਲੀ ਵਾਈਸ ਪ੍ਰਧਾਨ ਨੇ ਸੰਤ ਸਤਵਿੰਦਰ ਹੀਰਾ ਅਤੇ ਸੰਤ ਬੀਬੀ ਪੂਨਮ ਹੀਰਾ ਨੂੰ ਗੁਲਦਸਤੇ ਭੇਟ ਕਰਕੇ ਨਿੱਘਾ ਸਵਾਗਤ ਕੀਤਾ।ਸੰਤ ਸਤਵਿੰਦਰ ਹੀਰਾ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਸ੍ਰੀ ਚਰਨ ਛੋਹ ਗੰਗਾ (ਅੰਮ੍ਰਿਤ ਕੁੰਡ) ਸੱਚਖੰਡ ਖੁਰਾਲਗੜ੍ਹ ਸਾਹਿਬ ਉਨ੍ਹਾਂ ਅਸਥਾਨਾਂ 'ਚੋਂ ਇਕ ਹੈ ਜਿੱਥੇ ਸ੍ਰੀ ਗੁਰੂ ਰਵਿਦਾਸ ਜੀ ਨੇ ਆਪਣੀਆ ਯਾਤਰਾਵਾਂ ਦੌਰਾਨ ਆਦਿ ਧਰਮ ਤੇ ਆਦਿ ਵਾਸੀਆਂ ਭਾਵ ਮੂਲ ਵਾਸੀਆਂ ਦੀ ਗੱਲ ਕੀਤੀ, ਆਦਿ ਧਰਮ ਮੰਡਲ ਦੇ ਬਾਨੀ ਬਾਬੂ ਮੰਗੂਰਾਮ ਮੂਗੋਵਾਲੀਆ ਨੇ ਦੇਸ਼ ਦੀ ਆਜ਼ਾਦੀ ਦੇ ਨਾਲ ਨਾਲ ਸਮਾਜ ਦੇ ਦੱਬੇ-ਕੁਚਲੇ ਲੋਕਾਂ ਲਈ ਸੰਘਰਸ਼ ਕੀਤਾ ਅਤੇ ਅਛੂਤ ਬਣਾਏ ਗਏ ਵਰਗਾਂ ਨੂੰ ਉਪਰ ਚੁੱਕਣ ਲਈ ਜੀਵਨ ਕੁਰਬਾਨ ਕੀਤਾ। ਉਨ੍ਹਾਂ ਕਿਹਾ ਕਿ ਆਦਿ ਧਰਮ ਦਾ ਅਰਥ ਹੈ ਕਿ ਕੁਦਰਤੀ ਧਰਮ, ਜਿਵੇਂ ਕੋਈ ਇਨਸਾਨ ਪੈਦਾ ਹੁੰਦਾ ਹੈ ਤਾਂ ਉਸ ਦਾ ਕੋਈ ਧਰਮ, ਜਾਤ, ਨਸਲ ਭੇਦ ਨਹੀਂ ਹੁੰਦਾ ਅਤੇ ਸਾਰੀਆਂ ਕੁਦਰਤੀ ਦਾਤਾਂ 'ਤੇ ਹਰ ਇਨਸਾਨ ਦਾ ਬਰਾਬਰ ਦਾ ਹੱਕ ਹੈ।ਉਨ੍ਹਾਂ ਸੰਗਤਾਂ ਨੂੰ ਆਦਿ ਧਰਮ ਮਿਸ਼ਨ ਦੇ ਸੰਘਰਸ਼ ਨਾਲ ਜੁੜਨ ਦਾ ਸੱਦਾ ਦਿੱਤਾ।ਇਸ ਮੌਕੇ ਗਿਆਨ ਚੰਦ ਦੀਵਾਲੀ ਵਾਈਸ ਪ੍ਰਧਾਨ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਕਿ ਆਦਿ ਧਰਮ ਮੰਡਲ ਦੇ ਬਾਨੀ ਬਾਬੂ ਮੰਗੂ ਰਾਮ ਮੁਗੋਵਾਲੀਆ ਅਤੇ ਆਦਿ ਧਰਮ ਮਿਸ਼ਨ ਦੇ ਬਾਨੀ ਬਾਬਾ ਬੰਤਾ ਰਾਮ ਘੋੜਾ ਵਲੋਂ ਅਰੰਭੇ ਮਿਸ਼ਨ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਸਮੁੱਚੀ ਟੀਮ ਯਤਨਸ਼ੀਲ ਹੈ। ਉਨਾਂ ਕਿਹਾ ਆਦਿ ਧਰਮ ਮੰਡਲ ਦਾ 100 ਸਾਲਾ ਸਥਾਪਨਾ ਦਿਵਸ 2026 ਵਿਚ ਵਿਸ਼ਵ ਭਰ ਅੰਦਰ ਧੂਮ ਧਾਮ,ਉਤਸ਼ਾਹ ਪੂਰਨ ਮਨਾਇਆ ਜਾਵੇਗਾ। ਇਸ ਮੌਕੇ ਮਿਸ਼ਨਰੀ ਗਾਇਕ ਪ੍ਰੇਮ ਚਮਕੀਲਾ ਅਤੇ ਪਿਆਰੇ ਲਾਲ ਬੰਗੜ ਵੱਲੋਂ ਮਿਸ਼ਨਰੀ ਗੀਤਾਂ ਤੇ ਕਵਿਤਾਵਾਂ ਰਾਹੀਂ ਸੰਗਤਾਂ ਨੂੰ ਆਦਿ ਧਰਮ ਮਿਸ਼ਨ ਬਾਰੇ ਜਾਗਰੂਕ ਕੀਤਾ। ਸਟੇਜ ਸਕੱਤਰ ਦੀ ਸੇਵਾ ਹਰਬੰਸ ਲਾਲ ਹੀਰਾ ਵਲੋਂ ਬਾਖੂਬੀ ਨਿਭਾਉਂਦਿਆਂ 100 ਸਾਲਾ ਆਦਿ ਧਰਮ ਸਥਾਪਨਾ ਦਿਵਸ ਮਨਾਉਣ ਸਬੰਧੀ ਸੁਝਾਅ ਵੀ ਮੰਗੇ।

ਇਸ ਮੌਕੇ ਪੀ ਆਰ ਹੀਰਾ, ਯੂ ਕੇ ਯੂਨਿਟ ਪ੍ਰਧਾਨ ਕੈਪਟਨ ਬੀ ਆਰ ਨਈਅਰ, ਦੇਵ ਲੰਗਾਹ, ਜਨਕ ਰਾਜ ਭਾਟੀਆ, ਹਰਬੰਸ ਲਾਲ, ਬਲਦੇਵ ਰਾਜ, ਕਾਂਸ਼ੀ ਰੇਡੀਓ ਦੇ ਡਾਇਰੈਕਟਰ ਜੱਖੂ, ਰਕੇਸ਼ ਹੀਰਾ, ਰਾਮ ਲਾਲ ਸ੍ਰੀਮਤੀ ਮਿੰਦੋ ਮੱਲ ਵੀ ਹਾਜਰ ਸਨ।

ਹਰਮਨ ਆਲਮਗੀਰ ਨੇ ਟਰਾਫੀ ਤੇ 61 ਹਜ਼ਾਰ ਰੁਪਏ ਝੋਲੀ ਪਵਾਏ

ਸ਼ਾਹਕੋਟ (ਗਿਆਨ ਸੈਦਪੁਰੀ)- ਪਿਛਲੇ ਦਿਨੀਂ ਨੇੜਲੇ ਪਿੰਡ ਬਾਜਵਾ ਕਲਾਂ ਵਿੱਚ ਸਥਿਤ ਬਾਬਾ ਸੁਖਚੈਨ ਦਾਸ ਦੇ ਅਸਥਾਨ 'ਤੇ ਵਿਸ਼ਾਲ ਜੋੜ ਮੇਲਾ ਲੱਗਾ। ਹਜ਼ਾਰਾਂ ਸ਼ਰਧਾਵਾਨ ਮੇਲੇ ਵਿੱਚ ਸ਼ਾਮਲ ਹੋਏ। ਰਾਗੀ ਅਤੇ ਢਾਡੀ ਜਥਿਆਂ ਨੇ ਸਿੱਖ ਇਤਿਹਾਸ ਨਾਲ ਜੋੜਿਆ। ਸ਼ਾਮ ਵੇਲੇ ਹੋਈ ਛਿੰਝ ਵਿੱਚ ਚੋਟੀ ਦੇ ਭਲਵਾਨਾਂ ਨੇ ਆਪਣੀ ਤਾਕਤ ਦੇ ਜੌਹਰ ਵਿਖਾਏ। ਪਟਕੇ ਦੀ ਕੁਸ਼ਤੀ ਵਿੱਚ ਹਰਮਨ ਆਲਮਗੀਰ ਨੇ ਬਾਜ਼ ਰੌਣੀ ਨੂੰ ਹਰਾ ਕੇ ਸ਼ਾਨਦਾਰ ਟਰਾਫੀ ਅਤੇ ਇਕਾਹਟ ਹਜ਼ਾਰ ਰੁਪਏ ਆਪਣੀ ਝੋਲੀ ਪਵਾਏ। ਇਹ ਕੁਸ਼ਤੀ ਸਵਰਗੀ ਜੁਗਿੰਦਰ ਸਿੰਘ ਦੇ ਬਾਜਵਾ ਕਲਾਂ ਰਹਿੰਦੇ ਪਰਵਾਰ ਅਤੇ ਉਨ੍ਹਾਂ ਦੇ ਵਿਦੇਸ਼ ਰਹਿੰਦੇ ਧੀ-ਦਾਮਾਦ ਨੇ ਸਪਾਂਸਰ ਕੀਤੀ। ਦੂਸਰੇ ਨੰਬਰ ਦੇ ਪਟਕੇ ਦੀ ਕੁਸ਼ਤੀ ਗੱਗੂ ਗੁੱਜਰ ਨੇ ਸ਼ੌਕਤ ਅਲੀ ਕਾਂਜਲੀ ਨੂੰ ਚਿੱਤ ਕਰਕੇ ਆਪਣੇ ਨਾਂਅ ਕਰਵਾਈ।

ਇਹ ਕੁਸ਼ਤੀ ਜਗਤਾਰ ਸਿੰਘ ਤਾਰੀ ਸਾਬਕਾ ਸਰਪੰਚ ਦੇ ਪਰਵਾਰ ਵੱਲੋਂ ਸਪਾਂਸਰ ਕੀਤੀ ਗਈ। ਰੈਫ਼ਰੀਆਂ ਵਜੋਂ ਜਗਤਾਰ ਸਿੰਘ ਤਾਰੀ ਅਤੇ ਸੁੱਖਾ ਭਲਵਾਨ ਨੇ ਡਿਊਟੀ ਨਿਭਾਈ। ਛਿੰਝ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਸ਼ਾਮਲ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਕੁਲਵੰਤ ਸਿੰਘ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਸੋਨੂੰ ਕੰਗ ਪੀ.ਏ, ਮੇਜਰ ਸਿੰਘ ਬਾਜਵਾ, ਨਾਇਬ ਸਿੰਘ ਬਾਜਵਾ, ਸਰਬਜੀਤ ਸਿੰਘ ਸਾਬ, ਗੁਰਮੀਤ ਸਿੰਘ ਸਾਬਕਾ ਸਰਪੰਚ ਬਾਹਮਣੀਆਂ, ਕਸ਼ਮੀਰ ਸਿੰਘ ਬਲਾਕ ਸੰਮਤੀ ਮੈਂਬਰ, ਕਰਮਜੀਤ ਸਿੰਘ ਕੰਮਾ, ਬੰਟੀ ਬਠੱਲਾ ਪ੍ਰਧਾਨ ਅਰੋੜਾ ਮਹਾਂ ਸਭਾ, ਪਹਿਲਵਾਨ ਲੈਹਿੰਬਰ ਸਿੰਘ, ਭੀਮਾ ਪਹਿਲਵਾਨ, ਮਜੀਦਾ ਪਹਿਲਵਾਨ, ਜਸਵਿੰਦਰ ਸਿੰਘ ਬਿੱਟੂ ਬੁੱਢਣਵਾਲ, ਸੁਖਦੇਵ ਰਾਜ ਬਾਹਮਣੀਆਂ, ਅਮਨਦੀਪ ਸੈਦਪੁਰੀ ਆਦਿ ਮੌਜੂਦ ਸਨ।

ਛਿੰਝ ਮੇਲੇ ਨੂੰ ਸੰਬੋਧਨ ਕਰਦੇ ਹੋਏ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨਾਲ ਖੜ੍ਹੇ ਸ਼ਿੰਦਰ ਬਾਈ, ਮੇਜਰ ਸਿੰਘ ਬਾਜਵਾ ਤੇ ਜਗਤਾਰ ਸਿੰਘ ਤਾਰੀ

ਫਾਰਮੇਸੀ ਅਫਸਰ ਕਰਨਗੇ ਜ਼ਿਮਨੀ ਚੋਣ 'ਚ ਸਰਕਾਰ ਦਾ ਵਿਰੋਧ : ਹੰਸ ਰਾਜ

ਜਲੰਧਰ (ਨ ਜ਼ ਸ)-ਫਾਰਮੇਸੀ ਅਫਸਰਜ਼ ਐਸੋਸੀਏਸ਼ਨ ਆਫ ਪੰਜਾਬ ਦੀ ਸੂਬਾ ਕਮੇਟੀ ਦੇ ਸੱਦੇ 'ਤੇ ਜਥੇਬੰਦੀ ਦੀ ਜ਼ਿਲ੍ਹਾ ਇਕਾਈ ਵਲੋਂ ਸਿਵਲ ਸਰਜਨ ਜਲੰਧਰ ਰਾਹੀਂ ਮੁੱਖ ਮੰਤਰੀ ਅਤੇ ਸਿਹਤ ਮੰਤਰੀ ਦੇ ਨਾਂਅ ਯਾਦ ਪੱਤਰ ਦਿੱਤਾ ਅਤੇ ਆਪਣੀਆਂ 18 ਸਾਲਾਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਕਰਨ ਲਈ ਕਿਹਾ। ਜਥੇਬੰਦੀ ਦੇ ਜ਼ਿਲ੍ਹਾ ਆਗੂ ਹੰਸ ਰਾਜ ਨੇ ਕਿਹਾ ਕਿ ਇਹ ਕੱਚੇ ਮੁਲਾਜ਼ਮ ਪਿਛਲੇ 18 ਸਾਲਾਂ ਤੋਂ ਠੇਕੇ 'ਤੇ ਕੰਮ ਕਰ ਰਹੇ ਹਨ। ਪਿਛਲੇ 4 ਸਾਲਾਂ ਤੋਂ 618 ਡਿਸਪੈਂਸਰੀਆਂ ਸਿਹਤ ਵਿਭਾਗ ਅਧੀਨ ਸ਼ਿਫਟ ਹੋ ਗਈਆਂ ਹਨ, ਜਿਨ੍ਹਾਂ 'ਚ ਉਪਰੋਕਤ ਮੁਲਾਜ਼ਮ ਸਿਰਫ 11 ਹਜ਼ਾਰ ਰੁਪਏ ਦੀ ਨਾਮਾਤਰ ਤਨਖਾਹ 'ਤੇ ਕੰਮ ਕਰ ਰਹੇ ਹਨ। ਇਹ ਮੁਲਾਜ਼ਮ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਹੀ ਵਿਭਾਗ 'ਚ ਕੰਮ ਕਰ ਰਹੇ ਹਨ ਪਰ ਆਰਥਿਕ ਅਤੇ ਮਾਨਸਿਕ ਰੂਪ 'ਚ ਵਿਭਾਗ ਅਤੇ ਸਰਕਾਰ ਵੱਲੋਂ ਇਨ੍ਹਾਂ ਦਾ ਸੋਸ਼ਣ ਕੀਤਾ ਜਾ ਰਿਹਾ ਹੈ। ਇਹ ਮੁਲਾਜ਼ਮ ਬਿਨਾਂ ਕਿਸੇ ਸੋਸ਼ਲ ਤੇ ਮੈਡੀਕਲ ਸਕਿਉਰਟੀ ਤੋਂ ਕੰਮ ਕਰ ਰਹੇ ਹਨ। ਪਿਛਲੀਆਂ ਸਰਕਾਰਾਂ ਵੱਲੋਂ ਵਾਅਦਾ ਖਿਲਾਫ਼ੀ ਕਰਨ 'ਤੇ ਇਨ੍ਹਾਂ ਕਰਮਚਾਰੀਆਂ ਨੂੰ 'ਆਪ' ਸਰਕਾਰ ਤੋਂ ਬਹੁਤ ਆਸਾਂ ਸਨ। ਸਰਕਾਰ ਨਾਲ ਇਸ ਸਬੰਧ 'ਚ ਮੁੱਖ ਮੰਤਰੀ ਪੱਧਰ ਤੱਕ ਮੀਟਿੰਗਾਂ ਵੀ ਹੋਈਆਂ ਪਰ ਨਤੀਜਾ ਸਿਫਰ ਹੀ ਰਿਹਾ। ਜਿਸ ਕਾਰਨ ਮੁਲਾਜ਼ਮਾਂ 'ਚ ਭਾਰੀ ਨਾਰਾਜ਼ਗੀ ਪਾਈ ਜਾ ਰਹੀ ਹੈ। ਹੰਸ ਰਾਜ ਨੇ ਕਿਹਾ ਕਿ ਜੇਕਰ ਸਰਕਾਰ ਨੇ ਕੋਈ ਹਾਂ-ਪੱਖੀ ਫੈਸਲਾ ਨਾ ਲਿਆ ਤਾਂ ਸੂਬਾ ਕਮੇਟੀ ਵੱਲੋਂ ਮੀਟਿੰਗ ਕਰਕੇ ਸਰਕਾਰ ਵਿਰੁੱਧ ਪ੍ਰਦਰਸ਼ਨ ਕੀਤੇ ਜਾਣਗੇ ਅਤੇ ਭਰਾਤਰੀ ਜਥੇਬੰਦੀਆਂ ਨਾਲ ਮਿਲ ਕੇ ਸਰਕਾਰ ਦਾ ਹਰ ਫਰੰਟ 'ਤੇ ਵਿਰੋਧ ਕੀਤਾ ਜਾਵੇਗਾ। ਇਸ ਮੌਕੇ 'ਤੇ ਅਮਿਤ ਪਾਂਡੇ, ਮਨਜੀਤ ਸਿੰਘ, ਹਰਪ੍ਰੀਤ ਸਿੰਘ, ਗਗਨਪ੍ਰੀਤ ਕੌਰ, ਗਗਨਪ੍ਰੀਤ ਕੌਰ, ਰੌਕੀ ਕੁਮਾਰ ਅਤੇ ਹਰਦੀਪ ਕੁਮਾਰ ਆਦਿ ਹਾਜਰ ਸਨ।

ਜਨਮ ਦਿਨ ਤੇ ਸ਼ਾਦੀ ਦੀ ਵਰ੍ਹੇਗੰਢ 'ਤੇ ਪੌਦੇ ਜ਼ਰੂਰ ਲਗਾਓ : ਸੰਜੀਵ ਅਰੋੜਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਰਿਟਾਇਰਡ ਇੰਪਲਾਈਜ਼ ਯੂਨੀਅਨ ਦੀ ਮਹੀਨਾਵਾਰ ਬੈਠਕ ਪ੍ਰਧਾਨ ਨਛੱਤਰ ਲਾਲ ਦੀ ਪ੍ਰਧਾਨਗੀ ਵਿੱਚ ਨਗਰ ਨਿਗਮ ਦਫਤਰ ਵਿਖੇ ਹੋਈ, ਜਿਸ ਵਿੱਚ ਯੂਨੀਅਨ ਦੇ ਸਰਪਰਸਤ ਅਤੇ ਰਿਟਾਇਰਡ ਸੁਪਰਡੈਂਟ ਸੰਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਬੈਠਕ ਦੇ ਦੌਰਾਨ ਫੈਸਲਾ ਲਿਆ ਗਿਆ ਕਿ ਘੰਟਾ ਘਰ ਵਿਖੇ ਜੋ ਲੱਛਮਣ ਦਾਸ ਲਾਈਬ੍ਰੇਰੀ ਹੈ ਉਸ ਨੂੰ ਅਡਾਪਟ ਕੀਤਾ ਜਾਵੇਗਾ ਅਤੇ ਉਸ ਵਿੱਚ ਪੌਦੇ ਲਗਾ ਕੇ ਉਸ ਦੀ ਸੁੰਦਰਤਾ ਨੂੰ ਵਧਾਇਆ ਜਾਵੇਗਾ ਤਾਂਕਿ ਜਿਹੜੇ ਲੋਕ ਉਥੇ ਅਖਬਾਰਾਂ ਪੜ੍ਹਨ ਆਉਂਦੇ ਹਨ ਉਹ ਵੀ ਹਰਿਆਲੀ ਦਾ ਆਨੰਦ ਮਾਣ ਸਕਣ। ਬੈਠਕ ਨੂੰ ਸੰਬੋਧਨ ਕਰਦੇ ਹੋਏ ਸਰਪ੍ਰਸਤ ਸੰਜੀਵ ਅਰੋੜਾ ਨੇ ਕਿਹਾ ਕਿ ਲਾਈਬ੍ਰੇਰੀ ਵਿੱਚ ਜੋ ਕੱਚੀ ਜਗ੍ਹਾ ਖਾਲੀ ਪਈ ਹੋਈ ਹੈ ਉਥੇ ਘਾਹ ਲਗਾਇਆ ਜਾਵੇਗਾ ਅਤੇ ਸਾਈਡਾਂ ਤੇ ਸਜ਼ਾਵਟੀ ਪੌਦੇ ਲਗਾਏ ਜਾਣਗੇ। ਇਸ ਸਬੰਧ ਵਿੱਚ ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਸੰਦੀਪ ਤਿਵਾੜੀ ਨੂੰ ਮੈਮੋਰੈਂਡਮ ਦਿੱਤਾ ਗਿਆ ਅਤੇ ਸੰਜੀਵ ਅਰੋੜਾ ਨੇ ਦੱਸਿਆ ਕਿ ਪ੍ਰਵਾਨਗੀ ਮਿਲਣ ਤੋਂ ਬਾਅਦ ਜਲਦੀ ਹੀ ਪੌਦੇ ਲਗਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਉਸ ਦੀ ਸਾਂਭ-ਸੰਭਾਲ ਵੀ ਯੂਨੀਅਨ ਵਲੋਂ ਹੀ ਕੀਤੀ ਜਾਵੇਗੀ। ਅਰੋੜਾ ਨੇ ਯੂਨੀਅਨ ਦੇ ਮੈਂਬਰਾਂ ਨੂੰ ਕਿਹਾ ਕਿ ਆਪਣੇ ਜਨਮ ਦਿਨ ਅਤੇ ਸ਼ਾਦੀ ਦੀ ਵਰ੍ਹੇਗੰਢ ਦੇ ਮੌਕੇ 'ਤੇ ਪੌਦੇ ਜ਼ਰੂਰ ਲਗਾਓ ਕਿਉਂਕਿ ਇਕ ਪੌਦਾ ਵੀ ਜੀਵਨ ਵਿੱਚ ਬਹੁਤ ਮਹੱਤਵ ਰੱਖਦਾ ਹੈ ਜੋ ਸਾਡੇ ਜਨਮ ਤੋਂ ਲੈ ਕੇ ਅੰਤ ਤੱਕ ਸਾਨੂੰ ਸੁਖਦ ਆਨੰਦ ਦਾ ਅਹਿਸਾਸ ਕਰਵਾਉਂਦਾ ਹੈ। ਪ੍ਰਧਾਨ ਨਛੱਤਰ ਲਾਲ ਨੇ ਕਿਹਾ ਕਿ ਲਾਈਬ੍ਰੇਰੀ ਵਿੱਚ ਪੌਦੇ ਲਗਾਉਣ ਦੇ ਨਾਲ-ਨਾਲ ਸ਼ਹਿਰ ਵਿੱਚ ਵੀ 100 ਪੌਦੇ ਲਗਾਉਣ ਦਾ ਫੈਸਲਾ ਲਿਆ ਗਿਆ ਜੋ ਕਿ ਬਰਸਾਤ ਦੇ ਸ਼ੁਰੂ ਹੁੰਦਿਆਂ ਲਗਾਉਣੇ ਸ਼ੁਰੂ ਕਰ ਦਿੱਤੇ ਜਾਣਗੇ ਅਤੇ ਉਨਾਂ ਨੇ ਕਿਹਾ ਕਿ ਵਾਤਾਵਰਣ ਦੇ ਸੰਤੁਲਨ ਲਈ ਜ਼ਰੂਰੀ ਹੈ ਕਿ ਸਾਨੂੰ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸਾਫ-ਸੁਥਰਾ ਰੱਖਣਾ ਚਾਹੀਦਾ ਹੈ ਅਤੇ ਹਰਿਆਲੀ ਨੂੰ ਵਧਾਉਣ ਦੇ ਲਈ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।ਇਸ ਮੌਕੇ 'ਤੇ ਕੁਲਦੀਪ ਕੁਮਾਰ ਐਕਸੀਅਨ, ਅਸ਼ਵਨੀ ਸ਼ਰਮਾ, ਸੀਤਾ ਰਾਮ, ਸੁਰਿੰਦਰ ਕੁਮਾਰ, ਸੁਰਜੀਤ ਲਾਲ, ਸੁਰਿੰਦਰ ਕੁਮਾਰ, ਸੁਰਜੀਤ ਬਹਿਲ, ਬਲਵਿੰਦਰ ਸਿੰਘ, ਨਰੇਸ਼ ਕੁਮਾਰ,

ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ

ਜਲੰਧਰ -(ਇਕਬਾਲ ਸਿੰਘ ਉਭੀ)—ਪੰਜਾਬ ਰੋਡਵੇਜ਼ ਐਸ ਸੀ ਬੀ ਸੀ ਇੰਮਪਲਾਇਜ਼ ਯੂਨੀਅਨ ਵਲੋਂ ਦੋਵਾਂ ਡਿਪੂਆਂ ਵਿਚ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ, ਇਸ ਮੌਕੇ ਵੱਖ ਵੱਖ ਡਿਪੂਆਂ ਦੇ ਨੁਮਾਇੰਦੇ ਪਹੁੰਚੇ ਅਤੇ ਸੰਬੋਧਨ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ. ਸਰਕਾਰ ਦੀਆਂ ਮਾੜੀਆਂ ਨੀਤੀਆਂ ਜਿਵੇਂ ਕਿ ਬਜਟ 'ਚ ਪੈਸਾ ਰੱਖ ਕੇ ਬੱਸਾਂ ਨਵੀਆਂ ਨਾ ਪਾਉਣਾ ਅਤੇ ਪੁਰਾਣੀਆਂ ਬੱਸਾਂ ਦਾ ਕੰਮ ਵੀ ਟਾਈਮ 'ਤੇ ਨਾ ਕਰਾਉਣਾ ਜਿਨ੍ਹਾਂ ਦੀ ਵਜ੍ਹਾ ਨਾਲ 30 ਤੋਂ ਵੱਧ ਬੱਸਾਂ ਵਰਕਸ਼ਾਪ ਵਿਚ ਖੜੀਆਂ ਰਹਿਣ, ਸਭ ਤੋਂ ਕਮਾਈ ਵਾਲਾ ਰੂਟ ਅੰਮ੍ਰਿਤਸਰ ਜਲੰਧਰ 'ਤੇ ਪ੍ਰਾਈਵੇਟ ਪਿਆਰ ਬੱਸ ਦਾ ਕਬਜਾ ਜੋ ਪਿਛਲੇ 7 ਸਾਲ ਤੋਂ ਨਜਾਇਜ਼ ਚੱਲ ਰਹੀਆਂ ਹਨ। ਪੇ ਕਮਿਸ਼ਨ ਦਾ ਬਕਾਇਆ ਨਾ ਦੇਣਾ, 12% ਡੀਏ ਦਾ ਬਕਾਇਆ ਨਾ ਦੇਣਾ, ਕੱਚੇ ਮੁਲਾਜ਼ਮ ਜੋ ਠੇਕੇ 'ਤੇ ਕੰਮ ਕਰ ਰਹੇ ਉਨ੍ਹਾਂ ਨੂੰ ਪੱਕੇ ਨਾ ਕਰਨਾ, ਤਨਖਾਹ ਸਮੇਂ ਸਰ ਨਾ ਦੇਣਾ। ਇਸ ਮੌਕੇ 'ਤੇ ਮਨੋਹਰ ਲਾਲ ਪਠਾਨਕੋਟ, ਮੁਖਤਿਆਰ ਸਿੰਘ ਅੰਮ੍ਰਿਤਸਰ, ਬੂਟਾ ਸਿੰਘ ਲੁਧਿਆਣਾ, ਰਾਮਸ਼ਰਨ, ਬਾਬਾ ਹਰਭਜਨ ਸਿੰਘ, ਮੰਗੂ ਰਾਮ, ਗੁਰਪ੍ਰੀਤ ਸਿੰਘ, ਕਰਨਦੀਪ, ਮੁਹੰਮਦ ਰਫ਼ੀਕ, ਅਬਨਮ ਸੂਦ ਅਤੇ ਮਲਵਿੰਦਰ ਕੁਮਾਰ ਮੌਜੂਦ ਸਨ।

ਛੋਟਾ ਗਨੀ ਤੇ ਬਿੱਲੂ ਹੁਸ਼ਿਆਰਪੁਰ ਨੇ ਪਟਕੇ ਦੀਆਂ ਕੁਸ਼ਤੀਆਂ ਜਿੱਤੀਆਂ

ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ)

ਪਿੰਡ ਬੜਚੂਹੀ 'ਚ ਬਾਵਾ ਸੁਰਜੀਤ ਨਾਥ ਡੇਰੇ ਵਲੋਂ ਸਵ: ਮਹਿੰਗਾ ਸਿੰਘ ਯਾਦਗਾਰੀ ਸਾਲਾਨਾ ਕੁਸ਼ਤੀ ਦੰਗਲ ਬਾਵਾ ਹਰਵਿੰਦਰ ਨਾਥ ਗੱਦੀਨਸ਼ੀਨ ਵਲੋਂ ਕਰਾਇਆ ਗਿਆ,ਜਿਸ ਵਿੱਚ ਪੰਜਾਬ ਦੇ ਵੱਖ-2 ਅਖਾੜਿਆਂ ਪਹਿਲਵਾਨਾਂ ਨੇ ਕੁਸ਼ਤੀ ਦੇ ਜੌਹਰ ਦਿਖਾਏ। ਛੋਟੇ ਪਟਕੇ ਦੀ ਕੁਸ਼ਤੀ ਬਿੱਲੂ ਹੁਸ਼ਿਆਰਪੁਰ ਤੇ ਜੱਸਾ ਪੀ. ਆਰ. ਸੌਧੀ ਅਕੈਡਮੀ ਫਗਵਾੜਾ ਵਿਚਕਾਰ ਹੋਈ। ਕੁਸ਼ਤੀ ਦੌਰਾਨ ਜੱਸਾ ਪਹਿਲਵਾਨ ਦੇ ਲੱਤ 'ਤੇ ਸੱਟ ਲਗਣ ਕਰਕੇ ਬਿੱਲੂ ਹੁਸ਼ਿਆਰਪੁਰ ਨੂੰ 10 ਤੋਲੇ ਚਾਂਦੀ ਦੇ ਕੰਗਣ ਅਤੇ ਪਟਕਾ ਦੇ ਕੇ ਜੇਤੂ ਕਰਾਰ ਦਿੱਤਾ ਗਿਆ। ਵੱਡੇ ਪਟਕੇ ਦੀ ਕੁਸ਼ਤੀ ਛੋਟਾ ਗਨੀ ਹੁਸ਼ਿਆਰਪੁਰ ਤੇ ਬੋਨੀ